ਭਾਈਚਾਰੇ ਦੀ ਆਵਾਜ਼ • ਸੱਚ ਅਤੇ ਨਿਰਪੱਖਤਾ

ਲੋਕਾਂ ਦੀ ਗੱਲ, ਲੋਕਾਂ ਦੇ ਨਾਲ

# ਲੋਕ ਸਾਂਝ

— ਲੋਕਾਂ ਦੀ ਗੱਲ, ਲੋਕਾਂ ਦੇ ਨਾਲ —

ਮੰਗਲਵਾਰ, 10/20/2026

ਪੰਜਾਬ ਐਡੀਸ਼ਨ • ਮੁਫ਼ਤ ਕਾਪੀ

ਪੰਜਾਬ

**ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਮਿਲ ਕੇ ਆਏ ਅਮਿਤ ਸ਼ਾਹ, ਦੇਖੋ ਕੀ ਦਿੱਤਾ ਭਰੋਸਾ**

ਅੰਦਰ ਪੜ੍ਹੋ

ਪੰਜਾਬ

**ਫੂਡ ਸੇਫਟੀ ਵਿਭਾਗ ਨੇ ਛਾਪੇਮਾਰੀ ਕਰਕੇ ਕਰੀਬ 80 ਕਿਲੋ ਖਰਾਬ ਖੋਆ ਕੀਤਾ ਨਸ਼ਟ**

ਅੰਦਰ ਪੜ੍ਹੋ

ਪੰਜਾਬ

**ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ‘ਚ ਹਨੂੰਮਾਨ ਮੰਦਰ ਨੇੜੇ ਜ਼ਿੰਦਾ ਗ੍ਰਨੇਡ ਮਿਲਣ ਤੋਂ ਬਾਅਦ ਮਚਿਆ ਹੜਕੰਪ**

ਅੰਦਰ ਪੜ੍ਹੋ

ਪੰਜਾਬ

**ਸ਼ਾਹ ਤੇ ਮੋਦੀ ਦੀ ਜੋੜੀ ਰਾਵਣ ਤੇ ਕੁੰਭਕਰਨ ਵਰਗੀ, ਕੁਲਤਾਰ ਸੰਧਵਾਂ ਨੇ ਸਾਧਿਆ ਨਿਸ਼ਾਨਾ**

ਅੰਦਰ ਪੜ੍ਹੋ

ਲੋਕ ਸਾਂਝ • ਨਿਰਪੱਖ ਖ਼ਬਰਾਂ • ਲੋਕਾਂ ਦੀ ਆਵਾਜ਼

ਖ਼ਾਸ ਖ਼ਬਰ

## ਕੋਲਕਾਤਾ ਦੇ ਦੁਰਗਾ ਪੂਜਾ ਪੰਡਾਲ 'ਚ ਭਗਦੜ: 19 ਦੀ ਮੌਤ, ਜੁਡੀਸ਼ੀਅਲ ਜਾਂਚ ਦੇ ਹੁਕਮ



ਕੋਲਕਾਤਾ ਦੇ ਉੱਤਰੀ ਹਿੱਸੇ 'ਚ ਚੋਰਬਾਗਾਨ ਸਰਬੋਜਨੀਨ ਦੁਰਗਾ ਪੂਜਾ ਪੰਡਾਲ 'ਚ ਸ਼ਨੀਵਾਰ ਸ਼ਾਮ ਅਚਾਨਕ ਮੀਂਹ ਪੈਣ 'ਤੇ ਭੀੜ 'ਚ ਭਗਦੜ ਮੱਚ ਗਈ, ਜਿਸ 'ਚ 19 ਸ਼ਰਧਾਲੂਆਂ ਦੀ ਮੌਤ ਹੋ ਗਈ ਅਤੇ 25 ਜ਼ਖ਼ਮੀ ਹੋ ਗਏ। ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 25-25 ਲੱਖ ਰੁਪਏ ਮੁਆਵਜ਼ਾ ਅਤੇ ਇੱਕ-ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦਾ ਐਲਾਨ ਕੀਤਾ

ਪੰਜਾਬ

## ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਮਿਲ ਕੇ ਆਏ ਅਮਿਤ ਸ਼ਾਹ, ਦੇਖੋ ਕੀ ਦਿੱਤਾ ਭਰੋਸਾ

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਝੋਟਾ ਦੇ ਪਿਤਾ ਭੀਮ ਸਿੰਘ ਅਤੇ ਪਰਿਵਾਰ ਦੇ ਹੋਰ ਮੈਂਬਰਾਂ ਨਾਲ ਕਰੀਬ 25 ਮਿੰਟ ਤੱਕ ਮੁਲਾਕਾਤ ਕੀਤੀ। ਪਰਿਵਾਰ ਨੂੰ ਇਨਸਾਫ਼ ਦਾ ਭਰੋਸਾ ਦਿੰਦਿਆਂ, ਉਨ੍ਹਾਂ ਨੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਵਾਉਣ ਅਤੇ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਦਾ ਵਾਅਦਾ ਕੀਤਾ। ਪਰਿਵਾਰ ਦੀਆਂ ਮੰਗਾਂ ਵਿੱਚ ਝੋਟਾ ਦੇ ਨਾਮ 'ਤੇ ਇੱਕ ਯਾਦਗਾਰ ਅਤੇ ਇੱਕ ਟਰਾਮਾ ਸੈਂਟਰ ਸਥਾਪਤ ਕਰਨਾ ਸ਼ਾਮਲ ਹੈ। ਸ਼ਾਹ ਨੇ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਸੀਬੀਆਈ ਦੀ ਇੱਕ ਟੀਮ ਕੱਲ੍ਹ ਸਵੇਰ ਤੱਕ ਮਾਨਸਾ ਪਹੁੰਚ ਜਾਵੇਗੀ ਅਤੇ ਸੀਬੀਆਈ 120 ਦਿਨਾਂ ਦੇ ਅੰਦਰ ਆਪਣੀ ਜਾਂਚ ਪੂਰੀ ਕਰਕੇ ਰਿਪੋਰਟ ਸੌਂਪ ਦੇਵੇਗੀ। ਮੁੱਖ ਮੰਤਰੀ ਦੇ ਅਸਤੀਫ਼ੇ ਦੀ ਮੰਗ ਬਾਰੇ, ਸ਼ਾਹ ਨੇ ਕਿਹਾ ਕਿ ਇਹ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ, ਕਿਉਂਕਿ ਇਹ ਫੈਸਲਾ ਜਨਤਾ ਨੇ ਲੈਣਾ ਹੈ।

ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਜੀ ਨੇ ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਭੀਮ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ। ਸ਼੍ਰੀ ਅਮਿਤ ਸ਼ਾਹ ਜੀ ਨੇ ਪਰਿਵਾਰ ਨੂੰ ਪੂਰਾ ਭਰੋਸਾ ਦਿਵਾਇਆ ਕਿ ਕੇਂਦਰ ਸਰਕਾਰ ਉਨ੍ਹਾਂ ਨੂੰ ਇਨਸਾਫ਼ ਜ਼ਰੂਰ ਦਿਵਾਏਗੀ।

ਇਸ ਤੋਂ ਪਹਿਲਾਂ, ਮੁੱਖ ਮੰਤਰੀ ਭਗਵੰਤ ਮਾਨ ਨੇ ਐਲਾਨ ਕੀਤਾ ਸੀ ਕਿ ਝੋਟਾ ਦੇ ਕਤਲ ਦੀ ਜਾਂਚ ਸੀਬੀਆਈ ਨੂੰ ਸੌਂਪ ਦਿੱਤੀ ਜਾਵੇਗੀ—ਇਹ ਫੈਸਲਾ ਪਰਿਵਾਰ ਦੀ ਇੱਕ ਅਹਿਮ ਮੰਗ ਤੋਂ ਬਾਅਦ ਲਿਆ ਗਿਆ ਸੀ। 13 ਅਕਤੂਬਰ ਨੂੰ ਮਾਨਸਾ ਵਿੱਚ ਇੱਕ ਮੈਡੀਕਲ ਸਟੋਰ 'ਤੇ ਗੋਲੀਆਂ ਮਾਰ ਕੇ ਝੋਟਾ ਦਾ ਕਤਲ ਕਰ ਦਿੱਤਾ ਗਿਆ ਸੀ। ਇਸ ਘਟਨਾ ਤੋਂ ਬਾਅਦ, ਉਨ੍ਹਾਂ ਦਾ ਪਰਿਵਾਰ ਅਤੇ ਸਮਰਥਕ ਇਨਸਾਫ਼ ਦੀ ਮੰਗ ਕਰ ਰਹੇ ਹਨ।

ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਦੱਸਿਆ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪਰਵਿੰਦਰ ਸਿੰਘ ਦੇ ਪਰਿਵਾਰ ਨੂੰ ਭਰੋਸਾ ਦਿੱਤਾ ਹੈ ਕਿ ਮਾਮਲੇ ਦੀ ਜਾਂਚ ਲਈ ਬੁੱਧਵਾਰ ਦੁਪਹਿਰ 12:00 ਵਜੇ ਤੱਕ ਸੀ.ਬੀ.ਆਈ. ਦੀ ਟੀਮ ਮਾਨਸਾ ਪਹੁੰਚ ਜਾਵੇਗੀ; ਇਹ ਟੀਮ ਪੂਰੇ ਪਰਿਵਾਰ ਦੇ ਬਿਆਨ ਦਰਜ ਕਰੇਗੀ ਅਤੇ ਜਾਂਚ ਸ਼ੁਰੂ ਕਰੇਗੀ। ਇਸ ਤੋਂ ਇਲਾਵਾ, ਉਨ੍ਹਾਂ ਵਿਅਕਤੀਆਂ ਬਾਰੇ ਵਿਸਤ੍ਰਿਤ ਜਾਣਕਾਰੀ ਇਕੱਠੀ ਕੀਤੀ ਜਾਵੇਗੀ ਜਿਨ੍ਹਾਂ 'ਤੇ ਪਰਿਵਾਰ ਨੂੰ ਸ਼ੱਕ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਨੂੰ ਬਹੁਤ ਜਲਦੀ ਸੁਲਝਾ ਲਿਆ ਜਾਵੇਗਾ ਅਤੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਨਾਕਾਮੀਆਂ ਨੂੰ ਵੀ ਸਾਹਮਣੇ ਲਿਆਂਦਾ ਜਾਵੇਗਾ।

ਮਾਨਸਾ ਵਿਖੇ ਪਰਵਿੰਦਰ ਝੋਟਾ ਦੇ ਘਰ ਭਾਜਪਾ ਦੇ ਸੀਨੀਅਰ ਆਗੂ ਪਹੁੰਚ ਰਹੇ ਹਨ। ਭਾਜਪਾ ਆਗੂ ਪ੍ਰਨੀਤ ਕੌਰ, ਸੁਨੀਲ ਜਾਖੜ, ਮਨਪ੍ਰੀਤ ਬਾਦਲ, ਬਿਕਰਮਜੀਤ ਸਾਹਨੀ ਪਹੁੰਚੇ ਹੋਏ ਹਨ।

ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਮਿਲ ਕੇ ਆਏ ਅਮਿਤ ਸ਼ਾਹ, ਦੇਖੋ ਕੀ ਦਿੱਤਾ ਭਰੋਸਾ (ਜਾਰੀ)

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਨੀਤ ਕੌਰ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਸਮੇਂ ਨਸ਼ਾ ਘੱਟ ਸੀ, ਪਰ ਹੁਣ ‘ਆਪ’ ਸਰਕਾਰ ਦੇ ਸਮੇਂ ਨਸ਼ਾ ਬਹੁਤ ਵਧ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਿੱਤ ਦਿਨ ਨਸ਼ੇ ਨਾਲ ਸਬੰਧਤ ਘਟਨਾਵਾਂ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਝੋਟਾ ਮਾਮਲੇ ਦੀ ਸੀਬੀਆਈ ਜਾਂਚ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਹੁਕਮਾਂ 'ਤੇ ਹੀ ਹੋਵੇਗੀ।

ਪੰਜਾਬ ਦੌਰੇ ਦੌਰਾਨ, ਉਹ ਸਭ ਤੋਂ ਪਹਿਲਾਂ ਗੁਰਦਾਸਪੁਰ ਵਿੱਚ ਬਿਕਰਮਜੀਤ ਦੇ ਪਰਿਵਾਰ ਨੂੰ ਮਿਲੇ ਅਤੇ ਉਨ੍ਹਾਂ ਨਾਲ 15 ਮਿੰਟ ਬਿਤਾਏ। ਇਸ ਮੌਕੇ ਉਨ੍ਹਾਂ ਨੇ ਬਿਕਰਮਜੀਤ ਦੀ ਮਾਤਾ, ਸੁਰਜੀਤ ਕੌਰ ਦੇ ਚਰਨ ਛੂਹੇ। ਅਮਿਤ ਸ਼ਾਹ ਨੇ ਪਰਿਵਾਰ ਨੂੰ ਸੀ.ਬੀ.ਆਈ. ਜਾਂਚ ਕਰਵਾਉਣ ਅਤੇ ਇਨਸਾਫ਼ ਦਿਵਾਉਣ ਦਾ ਭਰੋਸਾ ਦਿੱਤਾ।

ਮਾਨਸਾ ਵਿੱਚ 'ਝੋਟਾ' (ਪਰਵਿੰਦਰ ਝੋਟਾ) ਦੇ ਪਰਿਵਾਰ ਨੂੰ ਮਿਲਣ ਤੋਂ ਬਾਅਦ, ਉਨ੍ਹਾਂ ਦਾ ਲੁਧਿਆਣਾ ਦੇ ਡਰੇਸੀ ਗਰਾਊਂਡ ਵਿਖੇ ਸ਼ਹਿਰ ਦੇ ਸਭ ਤੋਂ ਵੱਡੇ ਦੁਸਹਿਰਾ ਮੇਲੇ ਵਿੱਚ ਸ਼ਾਮਲ ਹੋਣ ਦਾ ਪ੍ਰੋਗਰਾਮ ਹੈ, ਜਿੱਥੇ ਉਹ ਰਾਵਣ ਦੇ ਪੁਤਲੇ ਨੂੰ ਸਾੜਨ ਦੀ ਰਸਮ ਵਿੱਚ ਹਿੱਸਾ ਲੈਣਗੇ।

ਕੇਂਦਰੀ ਗ੍ਰਹਿ ਮੰਤਰਾਲੇ ਨੇ ਪੰਜਾਬ ਸਰਕਾਰ ਤੋਂ ਇਨ੍ਹਾਂ ਤਿੰਨਾਂ ਮਾਮਲਿਆਂ ਬਾਰੇ ਰਿਪੋਰਟ ਮੰਗੀ ਹੈ। ਇਸ ਦੌਰਾਨ, ਸ਼ਾਹ ਦੇ ਦੌਰੇ ਤੋਂ ਪਹਿਲਾਂ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮਾਨਸਾ ਦੇ ਕਾਰਕੁਨ ਪਰਵਿੰਦਰ ਝੋਟਾ ਦੇ ਕਤਲ ਦੀ ਸੀ.ਬੀ.ਆਈ. ਜਾਂਚ ਕਰਵਾਉਣ ਦਾ ਐਲਾਨ ਕੀਤਾ।

ਪੰਜਾਬ

## ਫੂਡ ਸੇਫਟੀ ਵਿਭਾਗ ਨੇ ਛਾਪੇਮਾਰੀ ਕਰਕੇ ਕਰੀਬ 80 ਕਿਲੋ ਖਰਾਬ ਖੋਆ ਕੀਤਾ ਨਸ਼ਟ

ਰੋਹਤਕ: ਤਿਉਹਾਰਾਂ ਦੇ ਸੀਜ਼ਨ ਦੌਰਾਨ ਮਠਿਆਈਆਂ ਦੀ ਵਧਦੀ ਮੰਗ ਦਰਮਿਆਨ ਖਾਣ-ਪੀਣ ਦੀਆਂ ਵਸਤੂਆਂ ‘ਚ ਮਿਲਾਵਟ ਦੀਆਂ ਸੰਭਾਵਨਾਵਾਂ ਦੇ ਮੱਦੇਨਜ਼ਰ ਫੂਡ ਸੇਫਟੀ ਵਿਭਾਗ ਨੇ ਕੱਚਾ ਬੇਰੀ ਰੋਡ ‘ਤੇ ਛਾਪੇਮਾਰੀ ਕੀਤੀ। ਇਸ ਦੌਰਾਨ ਵਿਭਾਗ ਦੀ ਟੀਮ ਨੇ ਕਰੀਬ 80 ਕਿਲੋ ਖਰਾਬ ਖੋਆ ਬਰਾਮਦ ਕੀਤਾ। ਮੁੱਢਲੀ ਜਾਂਚ ਵਿੱਚ ਖੋਏ ਵਿੱਚ ਖਾਮੀਆਂ ਪਾਈਆਂ ਜਾਣ ਤੋਂ ਬਾਅਦ ਅਧਿਕਾਰੀਆਂ ਨੇ ਇਸ ਨੂੰ ਆਪਣੇ ਸਾਹਮਣੇ ਨਸ਼ਟ ਕਰਵਾ ਦਿੱਤਾ। ਇਸ ਦੌਰਾਨ ਖੋਏ ਦਾ ਸੈਂਪਲ ਲੈ ਕੇ ਜਾਂਚ ਲਈ ਲੈਬ ਵਿੱਚ ਭੇਜਿਆ ਗਿਆ ਹੈ।

ਤਿਉਹਾਰਾਂ ਦੇ ਮੌਸਮ ‘ਚ ਬਾਜ਼ਾਰਾਂ ‘ਚ ਮਠਿਆਈਆਂ ਦੀ ਮੰਗ ਵਧ ਜਾਂਦੀ ਹੈ। ਅਜਿਹੀ ਸਥਿਤੀ ਵਿੱਚ ਵਿਭਾਗ ਵੱਲੋਂ ਮਿਲਾਵਟੀ ਅਤੇ ਖ਼ਰਾਬ ਖਾਧ ਪਦਾਰਥਾਂ ਦੀ ਵਿਕਰੀ ਨੂੰ ਰੋਕਣ ਲਈ ਕਾਰਵਾਈ ਕੀਤੀ ਜਾ ਰਹੀ ਹੈ। ਕੱਚਾ ਬੇਰੀ ਰੋਡ ’ਤੇ ਕੀਤੀ ਛਾਪੇਮਾਰੀ ਦੌਰਾਨ ਬਰਾਮਦ ਹੋਏ ਖੋਏ ਦੀ ਗੁਣਵੱਤਾ ਦੀ ਜਾਂਚ ਕੀਤੀ ਗਈ। ਸ਼ੁਰੂਆਤੀ ਜਾਂਚ ਵਿੱਚ ਪਾਈਆਂ ਗਈਆਂ ਕਮੀਆਂ ਦੇ ਕਾਰਨ, ਇਸਨੂੰ ਖਪਤ ਲਈ ਅਯੋਗ ਮੰਨਿਆ ਗਿਆ ਅਤੇ ਨਸ਼ਟ ਕਰ ਦਿੱਤਾ ਗਿਆ।

ਇਸ ਤੋਂ ਇਲਾਵਾ ਫੂਡ ਸੇਫਟੀ ਵਿਭਾਗ ਦੀ ਟੀਮ ਨੇ ਸ਼ਹਿਰ ਦੀਆਂ ਕਰੀਬ ਇਕ ਦਰਜਨ ਮਠਿਆਈ ਦੀਆਂ ਦੁਕਾਨਾਂ ਤੋਂ ਵੀ ਸੈਂਪਲ ਲਏ ਹਨ। ਇਨ੍ਹਾਂ ਸੈਂਪਲਾਂ ਨੂੰ ਜਾਂਚ ਲਈ ਲੈਬ ਵਿੱਚ ਭੇਜ ਦਿੱਤਾ ਗਿਆ ਹੈ। ਅਧਿਕਾਰੀਆਂ ਅਨੁਸਾਰ ਲੈਬ ਦੀ ਰਿਪੋਰਟ ਆਉਣ ਤੋਂ ਬਾਅਦ ਜੇਕਰ ਖਾਣ-ਪੀਣ ਦੀਆਂ ਵਸਤੂਆਂ ਵਿੱਚ ਨੁਕਸ ਪਾਇਆ ਗਿਆ ਤਾਂ ਸਬੰਧਤ ਦੁਕਾਨਦਾਰਾਂ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਵਿਭਾਗ ਦੀ ਇਸ ਕਾਰਵਾਈ ਦਾ ਉਦੇਸ਼ ਤਿਉਹਾਰਾਂ ਦੌਰਾਨ ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਭੋਜਨ ਪਦਾਰਥ ਮੁਹੱਈਆ ਕਰਵਾਉਣਾ ਹੈ।

ਪੰਜਾਬ

## ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ‘ਚ ਹਨੂੰਮਾਨ ਮੰਦਰ ਨੇੜੇ ਜ਼ਿੰਦਾ ਗ੍ਰਨੇਡ ਮਿਲਣ ਤੋਂ ਬਾਅਦ ਮਚਿਆ ਹੜਕੰਪ

ਰਾਜੌਰੀ: ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ‘ਚ ਕੰਟਰੋਲ ਰੇਖਾ ਦੇ ਨੇੜੇ ਸਥਿਤ ਕਲਰ ਛੱਤਿਆੜ ਪਿੰਡ ‘ਚ ਅੱਜ ਦੁਪਹਿਰ ਨੂੰ ਹਨੂੰਮਾਨ ਮੰਦਰ ਨੇੜੇ ਇਕ ਜ਼ਿੰਦਾ ਗ੍ਰਨੇਡ ਮਿਲਣ ਤੋਂ ਬਾਅਦ ਹੜਕੰਪ ਮਚ ਗਿਆ। ਘਟਨਾ ਸਮੇਂ ਵਿਜੇਦਸ਼ਮੀ ਦੇ ਮੌਕੇ ‘ਤੇ ਮੰਦਰ ‘ਚ ਭੰਡਾਰਾ ਲਗਾਇਆ ਜਾ ਰਿਹਾ ਸੀ, ਜਿਸ ‘ਚ ਵੱਡੀ ਗਿਣਤੀ ‘ਚ ਸ਼ਰਧਾਲੂ ਮੌਜੂਦ ਸਨ।

ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ ਰਾਤ ਮੰਦਰ ਵਿੱਚ ਜਾਗਰਣ ਦਾ ਆਯੋਜਨ ਕੀਤਾ ਗਿਆ ਸੀ, ਜਦਕਿ ਅੱਜ, ਮੰਗਲਵਾਰ ਨੂੰ ਭੰਡਾਰਾ ਚੱਲ ਰਿਹਾ ਸੀ।

ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ‘ਚ ਹਨੂੰਮਾਨ ਮੰਦਰ ਨੇੜੇ ਜ਼ਿੰਦਾ ਗ੍ਰਨੇਡ ਮਿਲਣ ਤੋਂ ਬਾਅਦ ਮਚਿਆ ਹੜਕੰਪ (ਜਾਰੀ)

ਇਸ ਦੌਰਾਨ ਬੱਚਿਆਂ ਨੇ ਮੰਦਰ ਦੇ ਕੋਲ ਛੱਤ ‘ਤੇ ਗ੍ਰਨੇਡ ਦੇਖਿਆ। ਦੱਸਿਆ ਜਾ ਰਿਹਾ ਹੈ ਕਿ ਬੱਚੇ ਇਸ ਨੂੰ ਖਿਡੌਣਾ ਸਮਝ ਰਹੇ ਸਨ ਪਰ ਇਕ ਬੱਚੇ ਨੇ ਸਮਝਦਾਰੀ ਦਿਖਾਈ ਅਤੇ ਸਥਾਨਕ ਲੋਕਾਂ ਨੂੰ ਇਸ ਦੀ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਸਥਾਨਕ ਲੋਕਾਂ ਨੇ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ।

ਸੂਚਨਾ ਮਿਲਦੇ ਹੀ ਪੁਲਿਸ ਟੀਮ ਮੌਕੇ ‘ਤੇ ਪਹੁੰਚ ਗਈ ਅਤੇ ਇਲਾਕੇ ‘ਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਦੇ ਹੋਏ ਜਾਂਚ ਸ਼ੁਰੂ ਕਰ ਦਿੱਤੀ। ਬੰਬ ਨਿਰੋਧਕ ਦਸਤੇ ਸਮੇਤ ਸਬੰਧਤ ਏਜੰਸੀਆਂ ਨੇ ਵੀ ਮੌਕੇ ’ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਪੁਲਿਸ ਮੌਕੇ ‘ਤੇ ਕਾਰਵਾਈ ਕਰਨ ‘ਚ ਲੱਗੀ ਹੋਈ ਹੈ।

ਹਨੂੰਮਾਨ ਮੰਦਿਰ ਨੇੜੇ ਜ਼ਿੰਦਾ ਗ੍ਰਨੇਡ ਮਿਲਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਇਸ ਦੇ ਮੂਲ ਅਤੇ ਉੱਥੇ ਪਹੁੰਚਣ ਦੇ ਕਾਰਨਾਂ ਦੀ ਜਾਂਚ ਕਰ ਰਹੀਆਂ ਹਨ। ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਗ੍ਰਨੇਡ ਉੱਥੇ ਕਿਵੇਂ ਪਹੁੰਚਿਆ ਅਤੇ ਕੀ ਇਸ ਪਿੱਛੇ ਕੋਈ ਸਾਜ਼ਿਸ਼ ਸੀ। ਹਾਲਾਂਕਿ ਹਾਲੇ ਤੱਕ ਇਸ ਸਬੰਧ ‘ਚ ਅਧਿਕਾਰਤ ਤੌਰ ‘ਤੇ ਕਿਸੇ ਸਾਜ਼ਿਸ਼ ਦੀ ਪੁਸ਼ਟੀ ਨਹੀਂ ਹੋਈ ਹੈ।

ਜ਼ਿਕਰਯੋਗ ਹੈ ਕਿ ਮੰਦਰ ‘ਚ ਨਵਰਾਤਰੀ ਦੌਰਾਨ ਵੱਖ-ਵੱਖ ਧਾਰਮਿਕ ਪ੍ਰੋਗਰਾਮ ਕਰਵਾਏ ਗਏ ਸਨ। ਵਿਜੇਦਸ਼ਮੀ ਮੌਕੇ ਕਰਵਾਏ ਗਏ ਭੰਡਾਰੇ ਵਿੱਚ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਅਜਿਹੇ ‘ਚ ਮੰਦਰ ਨੇੜੇ ਜ਼ਿੰਦਾ ਗ੍ਰਨੇਡ ਮਿਲਣ ਦੀ ਘਟਨਾ ਨੇ ਇਲਾਕੇ ‘ਚ ਚਿੰਤਾ ਵਧਾ ਦਿੱਤੀ ਹੈ। ਫਿਲਹਾਲ ਪੁਲਿਸ ਅਤੇ ਸਬੰਧਤ ਏਜੰਸੀਆਂ ਮਾਮਲੇ ਦੀ ਜਾਂਚ ‘ਚ ਜੁਟੀਆਂ ਹੋਈਆਂ ਹਨ।

ਜ਼ਿਕਰਯੋਗ ਹੈ ਕਿ ਬੀਤੀ ਸ਼ਾਮ ਨੂੰ ਵੀ ਸੁਰੱਖਿਆ ਬਲਾਂ ਨੇ ਰਾਜੌਰੀ ਜ਼ਿਲ੍ਹੇ ਦੇ ਕੰਢੀ ਖੇਤਰ ਦੇ ਪੰਚ ਗੱਬਰ ਇਲਾਕੇ ਦੇ ਚੋਰ ਹਿੱਲ ਦੀ ਇੱਕ ਗੁਫ਼ਾ ਵਿੱਚੋਂ ਨੌਂ ਯੂ.ਬੀ.ਜੀ.ਐਲ. ਗ੍ਰਨੇਡ, ਇੱਕ ਏ.ਕੇ-47 ਮੈਗਜ਼ੀਨ ਅਤੇ 18 ਕਾਰਤੂਸ ਬਰਾਮਦ ਕੀਤੇ ਸਨ। ਜ਼ਿਲੇ ਦੇ ਵੱਖ-ਵੱਖ ਇਲਾਕਿਆਂ ‘ਚ ਲਗਾਤਾਰ ਦੋ ਦਿਨਾਂ ‘ਚ ਵਿਸਫੋਟਕ ਸਮੱਗਰੀ ਅਤੇ ਜ਼ਿੰਦਾ ਗ੍ਰਨੇਡ ਮਿਲਣ ਦੀਆਂ ਘਟਨਾਵਾਂ ਤੋਂ ਬਾਅਦ ਸੁਰੱਖਿਆ ਏਜੰਸੀਆਂ ਚੌਕਸ ਹਨ ਅਤੇ ਪੂਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀਆਂ ਹਨ।

ਪੰਜਾਬ

## ਸ਼ਾਹ ਤੇ ਮੋਦੀ ਦੀ ਜੋੜੀ ਰਾਵਣ ਤੇ ਕੁੰਭਕਰਨ ਵਰਗੀ, ਕੁਲਤਾਰ ਸੰਧਵਾਂ ਨੇ ਸਾਧਿਆ ਨਿਸ਼ਾਨਾ

ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ 'ਚ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਕੇਂਦਰ ਸਰਕਾਰ ਦੀ ਕਾਰਗੁਜ਼ਾਰੀ ਤੇ ਵੀ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਪੰਜਾਬ 'ਚ ਨਸ਼ਿਆਂ ਦੇ ਮੁੱਦੇ ਤੇ ਗੱਲ ਕਰ ਰਹੇ ਹਨ, ਪਰ ਸਰਹੱਦ ਪਾਰੋਂ ਡਰੋਨਾਂ ਰਾਹੀਂ ਨਸ਼ਿਆਂ ਦੀ ਤਸਕਰੀ ਹੋ ਰਹੀ ਹੈ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੰਜਾਬ ਦੌਰੇ ਦੌਰਾਨ ਸਿਆਸੀ ਬਿਆਨਬਾਜ਼ੀ ਤੇਜ਼ ਹੋ ਗਈ ਹੈ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਜੋੜੀ ਦੀ ਤੁਲਨਾ ਰਾਵਣ ਤੇ ਕੁੰਭਕਰਨ ਨਾਲ ਕਰਦਿਆਂ ਭਾਜਪਾ ‘ਤੇ ਤਿੱਖਾ ਨਿਸ਼ਾਨਾ ਸਾਧਿਆ ਹੈ।

ਇੱਕ ਮੀਡੀਆ ਅਦਾਰੇ ਨਾਲ ਗੱਲਬਾਤ ਕਰਦਿਆਂ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਅਮਿਤ ਸ਼ਾਹ ਦੇਸ਼ ਦੇ ਗ੍ਰਹਿ ਮੰਤਰੀ ਹਨ ਤੇ ਉਹ ਪੰਜਾਬ ਆ ਸਕਦੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਅਮਿਤ ਸ਼ਾਹ ਨੂੰ ਰਾਵਣ ਵਾਂਗ ਸਮਝਦੇ ਹਨ, ਕਿਉਂਕਿ ਉਨ੍ਹਾਂ ਅਨੁਸਾਰ ਉਹ ਰਾਵਣ ਵਰਗੇ ਕੰਮ ਕਰਦੇ ਹਨ।

ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ‘ਚ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਕੇਂਦਰ ਸਰਕਾਰ ਦੀ ਕਾਰਗੁਜ਼ਾਰੀ ‘ਤੇ ਵੀ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਪੰਜਾਬ ‘ਚ ਨਸ਼ਿਆਂ ਦੇ ਮੁੱਦੇ ‘ਤੇ ਗੱਲ ਕਰ ਰਹੇ ਹਨ, ਪਰ ਸਰਹੱਦ ਪਾਰੋਂ ਡਰੋਨਾਂ ਰਾਹੀਂ ਨਸ਼ਿਆਂ ਦੀ ਤਸਕਰੀ ਹੋ ਰਹੀ ਹੈ। ਉਨ੍ਹਾਂ ਗੁਜਰਾਤ ‘ਚ ਨਸ਼ਿਆਂ ਦੀਆਂ ਵੱਡੀਆਂ ਬਰਾਮਦਗੀਆਂ ਦਾ ਜ਼ਿਕਰ ਕਰਦਿਆਂ ਸਵਾਲ ਕੀਤਾ ਕਿ ਕੇਂਦਰ ਸਰਕਾਰ ਸਰਹੱਦਾਂ ਤੇ ਗੁਜਰਾਤ ‘ਚੋਂ ਨਸ਼ਿਆਂ ਦੀ ਸਪਲਾਈ ਰੋਕਣ ਲਈ ਢੁੱਕਵੇਂ ਕਦਮ ਕਿਉਂ ਨਹੀਂ ਚੁੱਕ ਰਹੀ।

ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅਮਿਤ ਸ਼ਾਹ ਦੇ ਪੰਜਾਬ ਦੌਰੇ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਨਾਲ ਜੋੜਦਿਆਂ ਕਿਹਾ ਕਿ ਭਾਜਪਾ ਵੱਲੋਂ ਪੰਜਾਬ ‘ਚ ਨਸ਼ਿਆਂ ਦੇ ਮੁੱਦੇ ਨੂੰ ਸਿਆਸੀ ਤੌਰ ‘ਤੇ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਇਲਜ਼ਾਮ ਲਾਇਆ ਕਿ ਇਸ ਦੌਰੇ ਦਾ ਮਕਸਦ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਸਿਆਸੀ ਲਾਹਾ ਲੈਣਾ ਹੈ।

ਸ਼ਾਹ ਤੇ ਮੋਦੀ ਦੀ ਜੋੜੀ ਰਾਵਣ ਤੇ ਕੁੰਭਕਰਨ ਵਰਗੀ, ਕੁਲਤਾਰ ਸੰਧਵਾਂ ਨੇ ਸਾਧਿਆ ਨਿਸ਼ਾਨਾ (ਜਾਰੀ)

ਜ਼ਿਕਰਯੋਗ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੰਜਾਬ ਦੌਰੇ ਦੌਰਾਨ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਸਮੇਤ ਹੋਰ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਦਾ ਪ੍ਰੋਗਰਾਮ ਹੈ। ਇਸ ਦੌਰੇ ਨੂੰ ਲੈ ਕੇ ਪੰਜਾਬ ਦੀਆਂ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਬਿਆਨਬਾਜ਼ੀ ਕੀਤੀ ਜਾ ਰਹੀ ਹੈ ਤੇ ਨਸ਼ਿਆਂ ਦੇ ਮੁੱਦੇ ‘ਤੇ ਕੇਂਦਰ ਤੇ ਸੂਬਾ ਸਰਕਾਰ ਵਿਚਾਲੇ ਸਿਆਸੀ ਟਕਰਾਅ ਵੀ ਤੇਜ਼ ਹੋ ਰਿਹਾ ਹੈ।

ਪੰਜਾਬ

## ਪਰਵਿੰਦਰ ਸਿੰਘ ਝੋਟਾ ਦੇ ਪਿਤਾ ਨੇ ਅੰਤਿਮ ਸੰਸਕਾਰ ਕਰਨ ਤੋਂ ਕੀਤਾ ਇਨਕਾਰ, ਸੀਐਮ ਦੀ ਸੀਬੀਆਈ ਜਾਂਚ ਦੀ ਗੱਲ ਤੋਂ ਸੰਤੁਸ਼ਟ ਨਹੀਂ

ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁੰਨ ਪਰਵਿੰਦਰ ਝੋਟਾ ਦੇ ਕਤਲ ਦੀ ਜਾਂਚ ਸੀਬੀਆਈ ਕਰੇਗੀ। ਇਹ ਐਲਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੰਜਾਬ ਦੌਰੇ ਤੋਂ ਪਹਿਲਾਂ ਕੀਤਾ।

ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਪਰਿਵਾਰ ਦੀ ਮੰਗ ਨੂੰ ਸਵੀਕਾਰ ਕਰਦਿਆਂ ਹੋਇਆਂ ਅਸੀਂ ਕੇਸ ਸੀਬੀਆਈ ਨੂੰ ਸੌਂਪ ਰਹੇ ਹਾਂ। ਨਸ਼ਾ ਵੇਚਣ ਵਾਲਿਆਂ ਵਿਰੁੱਧ ਸਾਡੀ ਆਰ-ਪਾਰ ਦੀ ਹੈ। ਸਾਨੂੰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਜਿਹੜਾ ਵੀ ਸਖ਼ਤ ਕਦਮ ਚੁੱਕਣਾ ਪਿਆ, ਅਸੀਂ ਉਸ ਤੋਂ ਪਿੱਛੇ ਨਹੀਂ ਹਟਾਂਗੇ।"

ਹਾਲਾਂਕਿ, ਮੁੱਖ ਮੰਤਰੀ ਦੇ ਐਲਾਨ ਤੋਂ ਬਾਅਦ ਵੀ ਝੋਟਾ ਦਾ ਪਰਿਵਾਰ ਸੰਤੁਸ਼ਟ ਨਹੀਂ ਹੈ। ਉਨ੍ਹਾਂ ਦੇ ਪਿਤਾ ਭੀਮ ਸਿੰਘ ਨੇ ਕਿਹਾ, "ਅਸੀਂ ਅਜੇ ਅੰਤਿਮ ਸੰਸਕਾਰ ਨਹੀਂ ਕਰਾਂਗੇ। ਅਸੀਂ ਮੁੱਖ ਮੰਤਰੀ ਅਤੇ ਡੀਜੀਪੀ ਦੇ ਅਸਤੀਫ਼ੇ ਲਈ ਅਮਿਤ ਸ਼ਾਹ ਨਾਲ ਗੱਲ ਕਰਾਂਗੇ।"

ਇੱਥੇ ਜ਼ਿਕਰ ਕਰ ਦਈਏ ਕਿ 13 ਅਕਤੂਬਰ ਨੂੰ ਕੈਮਿਸਟ ਅਸ਼ਵਨੀ ਕੁਮਾਰ ਨੇ ਇੱਕ ਮੈਡੀਕਲ ਸਟੋਰ 'ਤੇ ਨਸ਼ਿਆਂ ਦੀ ਵਿਕਰੀ ਦਾ ਵਿਰੋਧ ਕਰਨ 'ਤੇ ਪਰਵਿੰਦਰ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਉਦੋਂ ਤੋਂ, ਪਰਿਵਾਰ ਸੀਬੀਆਈ ਜਾਂਚ 'ਤੇ ਅੜਿਆ ਹੋਇਆ ਹੈ। ਝੋਟਾ ਦੀ ਲਾਸ਼ ਅੱਠ ਦਿਨਾਂ ਤੋਂ ਸਿਵਲ ਹਸਪਤਾਲ ਵਿੱਚ ਪਈ ਹੋਈ ਹੈ। ਪਰਿਵਾਰ ਨੇ ਹਾਲੇ ਤੱਕ ਲਾਸ਼ ਦਾ ਅੰਤਿਮ ਸਸਕਾਰ ਨਹੀਂ ਕੀਤਾ ਹੈ।

ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਵਲੋਂ ਕੁੱਝ ਮੰਗਾਂ ਰੱਖੀਆਂ ਗਈਆਂ ਹਨ, ਜਿਨ੍ਹਾਂ ਨੂੰ ਲੈਕੇ ਉਹ ਲਗਾਤਾਰ ਕਹਿ ਰਹੇ ਹਨ। ਪਿਛਲੇ ਦਿਨਾਂ ਤੋਂ ਮਾਨਸਾ ਵਿੱਚ ਧਰਨਾ ਲੱਗਿਆ ਹੋਇਆ ਹੈ, ਉਨ੍ਹਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਉਦੋਂ ਤੱਕ ਅੰਤਿਮ ਸਸਕਾਰ ਨਹੀਂ ਕੀਤਾ ਜਾਵੇਗਾ।

ਹਾਲਾਂਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਹੁਣ ਇਸ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪਣ ਲਈ ਵੀ ਕਹਿ ਦਿੱਤਾ ਹੈ, ਪਰ ਪਰਿਵਾਰ ਹਾਲੇ ਵੀ ਸੰਤੁਸ਼ਟ ਨਹੀਂ ਹੈ ਅਤੇ ਉਨ੍ਹਾਂ ਦਾ ਕਹਿਣਾ ਹੈ ਕਿ ਉਹ ਇਸ ਸਬੰਧੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਗੱਲਬਾਤ ਕਰਨਗੇ।

ਪੰਜਾਬ

## ਭਾਜਪਾ ਆਪਣੀ ਪੀੜ੍ਹੀ ਹੇਠ ਸੋਟਾ ਫੇਰੇ: ਅਮਿਤ ਸ਼ਾਹ ਦੀ ਪੰਜਾਬ ਫੇਰੀ ’ਤੇ ਬੋਲੇ ਭਗਵੰਤ ਮਾਨ

ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ’ਤੇ ਸਵਾਲ ਚੁੱਕਦਿਆਂ ਭਾਜਪਾ ਨੂੰ ਆਪਣੀ ਪੀੜ੍ਹੀ ਹੇਠ ਸੋਟਾ ਫੇਰਨ ਦੀ ਸਲਾਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸ਼ਾਸਿਤ ਸੂਬਿਆਂ ਵਿੱਚ ਗੈਂਗਸਟਰ ਤੇ ਨਸ਼ਾ ਵਧ-ਫੁੱਲ ਰਿਹਾ ਹੈ ਅਤੇ ਹਰਿਆਣਾ ਗੈਂਗਸਟਰਾਂ ਦੀ ਨਰਸਰੀ ਬਣ ਗਿਆ ਹੈ।

ਉਨ੍ਹਾਂ ਅੱਜ ਵੀਡੀਓ ਸੁਨੇਹੇ ਵਿੱਚ ਕਿਹਾ ਕਿ ਜਦੋਂ ਦਿੱਲੀ ਅੰਦੋਲਨ ਵਿੱਚ ਪੰਜਾਬ ਦੇ 700 ਕਿਸਾਨ ਸ਼ਹੀਦ ਹੋ ਗਏ ਸਨ ਤਾਂ ਉਸ ਵੇਲੇ ਅਮਿਤ ਸ਼ਾਹ ਉਨ੍ਹਾਂ ਪਰਿਵਾਰਾਂ ਨਾਲ ਦੁੱਖ ਵੰਡਾਉਣ ਕਿਉਂ ਨਹੀਂ ਆਏ ਸਨ। ਉਨ੍ਹਾਂ ਕਿਹਾ ਕਿ ਭਾਜਪਾ ਚੋਣਾਂ ਕਰਕੇ ਹੁਣ ਹੋਛੀ ਸਿਆਸਤ ’ਤੇ ਉੱਤਰ ਆਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜੋ ਭਾਜਪਾ ਹੁਣ ਪੰਜਾਬ ਦੇ ਫ਼ਿਕਰ ਦਾ ਢੌਂਗ ਕਰ ਰਹੀ ਹੈ, ਉਸ ਨੂੰ ਉਦੋਂ ਤਾਂ ਪੰਜਾਬ ਦੀ ਚਿੰਤਾ ਨਹੀਂ ਹੋਈ ਜਦੋਂ ਪੰਜਾਬ ਦੇ ਹੱਕਾਂ ’ਤੇ ਡਾਕੇ ਮਾਰੇ ਗਏ। ਉਨ੍ਹਾਂ ਬੀ ਬੀ ਐੱਮ ਬੀ ਵਿੱਚ ਪੰਜਾਬ ਦੀ ਨੁਮਾਇੰਦਗੀ ਵਿੱਚ ਕਟੌਤੀ, ਚੰਡੀਗੜ੍ਹ ਸੈਨੇਟ ਵਿੱਚ ਕੱਟ ਅਤੇ ਪਾਣੀਆਂ ਦੇ ਹੱਕ ਦੀ ਅਣਦੇਖੀ ਦੀ ਮਿਸਾਲ ਦਿੱਤੀ।



ਭਾਜਪਾ ਆਪਣੀ ਪੀੜ੍ਹੀ ਹੇਠ ਸੋਟਾ ਫੇਰੇ: ਅਮਿਤ ਸ਼ਾਹ ਦੀ ਪੰਜਾਬ ਫੇਰੀ 'ਤੇ ਬੋਲੇ ਭਗਵੰਤ ਮਾਨ

**ਭਾਜਪਾ ਆਪਣੀ ਪੀੜ੍ਹੀ ਹੇਠ ਸੋਟਾ ਫੇਰੇ: ਅਮਿਤ ਸ਼ਾਹ ਦੀ ਪੰਜਾਬ ਫੇਰੀ 'ਤੇ ਬੋਲੇ ਭਗਵੰਤ ਮਾਨ (ਜਾਰੀ)**

ਮੁੱਖ ਮੰਤਰੀ ਨੇ ਐਨ ਡੀ ਪੀ ਐਸ ਕਾਨੂੰਨ ਨੂੰ ਸਖ਼ਤ ਕੀਤੇ ਜਾਣ ਦੀ ਮੰਗ ਕੀਤੀ ਅਤੇ ਇਹ ਵੀ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਪੰਜਾਬ ਨੂੰ ਇਮੋਸ਼ਨਲ ਬਲੈਕਮੇਲ ਕਰਨ ਵਿੱਚ ਜੁਟੇ ਹਨ, ਪਰ ਪੰਜਾਬੀ ਭਾਜਪਾ ਦੀ ਧੱਕੇਸ਼ਾਹੀ ਨੂੰ ਭੁੱਲੇ ਨਹੀਂ।

ਜ਼ਿਕਰਯੋਗ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਮੰਗਲਵਾਰ ਨੂੰ ਆਪਣੇ ਇੱਕ ਰੋਜ਼ਾ ਦੌਰੇ ਤਹਿਤ ਪੰਜਾਬ ਆਏ ਹੋਏ ਹਨ। ਉਨ੍ਹਾਂ ਵੱਲੋਂ ਸੂਬੇ ਵਿੱਚ ਨਸ਼ਿਆਂ ਖ਼ਿਲਾਫ਼ ਲੜਾਈ 'ਚ ਜਾਨਾਂ ਗੁਆਉਣ ਵਾਲੇ ਕਾਰਕੁਨਾਂ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਗਈ ਹੈ।

ਪੰਜਾਬ

## ਪੰਜ ਕਿਲੋ ਹੈਰੋਇਨ ਸਮੇਤ ਇੱਕ ਕਾਬੂ

ਤਰਨਤਾਰਨ: ਸਰਹੱਦੀ ਖੇਤਰਾਂ 'ਚ ਨਸ਼ਾ ਤਸਕਰਾਂ ਖ਼ਿਲਾਫ਼ ਨਾਰਕੋਟਿਕਸ ਕੰਟਰੋਲ ਬਿਊਰੋ (ਐਨ.ਸੀ.ਬੀ.) ਅਤੇ ਸੀਮਾ ਸੁਰੱਖਿਆ ਬਲ (ਬੀ.ਐਸ.ਐਫ.) ਨੇ ਕਾਰਵਾਈ ਤੇਜ਼ ਕਰ ਦਿੱਤੀ ਹੈ। ਇਸੇ ਲੜੀ ਤਹਿਤ ਅੱਜ ਸਵੇਰੇ ਦੋਵਾਂ ਏਜੰਸੀਆਂ ਦੇ ਸਾਂਝੇ ਆਪ੍ਰੇਸ਼ਨ ਦੌਰਾਨ ਸਰਹੱਦੀ ਪਿੰਡ ਰਾਜੋਕੇ ਤੋਂ ਇੱਕ ਵਿਅਕਤੀ ਨੂੰ 5 ਕਿਲੋ ਹੈਰੋਇਨ ਸਮੇਤ ਕਾਬੂ ਕਰਨ ਦੀ ਸੂਚਨਾ ਹੈ। ਮੁਲਜ਼ਮ ਦੀ ਪਛਾਣ ਲਖਵਿੰਦਰ ਸਿੰਘ ਵਾਸੀ ਪਿੰਡ ਰਾਜੋਆ ਵਜੋਂ ਹੋਈ ਹੈ।

ਹਾਲਾਂਕਿ ਇਸ ਗ੍ਰਿਫ਼ਤਾਰੀ ਅਤੇ ਬਰਾਮਦ ਹੋਈ ਹੈਰੋਇਨ ਦੀ ਅਧਿਕਾਰਤ ਤੌਰ 'ਤੇ ਕਿਸੇ ਅਧਿਕਾਰੀ ਨੇ ਪੁਸ਼ਟੀ ਨਹੀਂ ਕੀਤੀ ਹੈ। ਜ਼ਿਕਰਯੋਗ ਹੈ ਕਿ ਐਨ.ਸੀ.ਬੀ. ਅਤੇ ਬੀ.ਐਸ.ਐਫ. ਵੱਲੋਂ ਪਿਛਲੇ ਹਫ਼ਤੇ ਕੀਤੀ ਕਾਰਵਾਈ ਦੌਰਾਨ ਐਂਟੀ ਡਰੋਨ ਸਿਸਟਮ ਵਿੱਚ ਤਾਇਨਾਤ ਹੈੱਡ ਕਾਂਸਟੇਬਲ ਕਰਨਵੀਰ ਸਿੰਘ ਨੂੰ 15 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਬਾਅਦ ਅੱਜ ਇਕ ਹੋਰ ਕਾਰਵਾਈ ਕੀਤੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਹੈ। ਸੂਤਰਾਂ ਅਨੁਸਾਰ ਫੜੇ ਗਏ ਹੈੱਡ ਕਾਂਸਟੇਬਲ ਕਰਨਵੀਰ ਸਿੰਘ ਦਾ ਸਬੰਧ ਪਿੰਡ ਰਾਜੋਕੇ ਵਾਸੀ ਲਖਵਿੰਦਰ ਸਿੰਘ ਨਾਲ ਹੋਣ ਦਾ ਸ਼ੱਕ ਹੈ। ਇਸ ਪਹਿਲੂ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਸਿੱਖਿਆ

## ਟੈਗੋਰ ਇੰਟਰਨੈਸ਼ਨਲ ਸਕੂਲ 'ਚ ਮਨਾਇਆ ਵਿਜੈ ਦਸਮੀ ਦਾ ਤਿਉਹਾਰ

ਟੈਗੋਰ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਅਕਬਰਪੁਰ ਅਫ਼ਗਾਨਾ, ਦੇਵੀਗੜ੍ਹ ਵਿਖੇ ਵਿਜੈ ਦਸਮੀ ਦਾ ਪਵਿੱਤਰ ਤਿਉਹਾਰ ਬੜੇ ਉਤਸ਼ਾਹ, ਸ਼ਰਧਾ ਤੇ ਖੁਸ਼ੀਆਂ ਭਰੇ ਮਾਹੌਲ ਵਿਚ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਰਾਵਣ ਦਹਨ ਦੀ ਗਤੀਵਿਧੀ ਰਾਹੀਂ ਬੁਰਾਈ 'ਤੇ ਨੇਕੀ ਦੀ ਜਿੱਤ ਦਾ ਸੁੰਦਰ ਸੰਦੇਸ਼ ਦਿੱਤਾ। ਬੱਚਿਆਂ ਦੇ ਮਾਸੂਮ ਚਿਹਰਿਆਂ 'ਤੇ ਖਿੜੀਆਂ ਮੁਸਕਾਨਾਂ ਅਤੇ ਤਿਉਹਾਰ ਪ੍ਰਤੀ ਉਨ੍ਹਾਂ ਦਾ ਉਤਸ਼ਾਹ ਸਾਰਿਆਂ ਦੇ ਮਨ ਨੂੰ ਮੋਹ ਲੈਣ ਵਾਲਾ ਸੀ। ਇਸ ਮੌਕੇ ਬੱਚਿਆਂ ਨੂੰ ਭਗਵਾਨ ਸ਼੍ਰੀ ਰਾਮ ਦੇ ਜੀਵਨ, ਉਨ੍ਹਾਂ ਦੇ ਆਦਰਸ਼ਾਂ ਅਤੇ ਵਿਜੈ ਦਸਮੀ ਦੇ ਅਸਲ ਮਹੱਤਵ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਨੂੰ ਸਮਝਾਇਆ ਗਿਆ ਕਿ ਰਾਵਣ ਦਹਨ ਸਿਰਫ਼ ਇੱਕ ਪੁਤਲੇ ਨੂੰ ਸਾੜਨ ਦੀ ਰਸਮ ਨਹੀਂ, ਸਗੋਂ ਆਪਣੇ ਅੰਦਰ ਵੱਸਦੇ ਹੰਕਾਰ, ਕ੍ਰੋਧ, ਈਰਖਾ ਅਤੇ ਬੁਰਾਈਆਂ ਨੂੰ ਖ਼ਤਮ ਕਰਨ ਦਾ ਪ੍ਰਤੀਕ ਹੈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗੌਰਵ ਗੁਲਾਟੀ, ਪ੍ਰੈਜ਼ੀਡੈਂਟ ਸਲੋਨੀ ਗੁਲਾਟੀ, ਮੈਨੇਜਰ ਡਾ. ਸੁਸ਼ੀਲ ਮਿਸ਼ਰਾ ਅਤੇ ਪ੍ਰਿੰਸੀਪਲ ਡਾ. ਮੀਨਾਕਸ਼ੀ ਸੂਦ ਨੇ ਵਿਜੇ ਦਸਮੀ ਦੇ ਪਵਿੱਤਰ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆ।

ਵਿਸ਼ਵ

## ਘਰਾਂ 'ਚ ਸੁਰੱਖਿਆ ਲਈ ਰੱਖੀਆਂ ਬੰਦੂਕਾਂ ਬਣ ਰਹੀਆਂ ਬਜ਼ੁਰਗਾਂ ਦੀ ਖ਼ੁਦਕੁਸ਼ੀ ਦਾ ਕਾਰਨ, ਹੈਰਾਨ ਕਰਨ ਵਾਲੇ ਅੰਕੜੇ ਆਏ ਸਾਹਮਣੇ

ਅਮਰੀਕੀ ਸਿਹਤ ਏਜੰਸੀ ਸੀਡੀਸੀ ਮੁਤਾਬਕ, 2024 ਵਿੱਚ 65 ਤੋਂ 85 ਸਾਲ ਦੀ ਉਮਰ ਦੇ 8,226 ਬਜ਼ੁਰਗਾਂ ਦੀ ਮੌਤ ਗੋਲੀ ਲੱਗਣ ਕਾਰਨ ਹੋਈ। ਇਸ ਦਾ ਮਤਲਬ ਹੈ ਕਿ ਹਰ ਰੋਜ਼ ਔਸਤਨ ਲਗਭਗ 23 ਬਜ਼ੁਰਗਾਂ ਨੇ ਗੋਲੀ ਲੱਗਣ ਕਾਰਨ ਆਪਣੀ ਜਾਨ ਗੁਆਈ। ਇਨ੍ਹਾਂ ਵਿੱਚੋਂ 90 ਫ਼ੀਸਦੀ ਤੋਂ ਵੱਧ ਮਾਮਲੇ ਖ਼ੁਦਕੁਸ਼ੀ ਦੇ ਸਨ।

ਅਮਰੀਕਾ ਵਿੱਚ ਘਰਾਂ ਦੀ ਸੁਰੱਖਿਆ ਲਈ ਖ਼ਰੀਦੀਆਂ ਗਈਆਂ ਬੰਦੂਕਾਂ ਹੁਣ ਉੱਥੋਂ ਦੇ ਬਜ਼ੁਰਗਾਂ ਦੀ ਜ਼ਿੰਦਗੀ ਲਈ ਗੰਭੀਰ ਖ਼ਤਰਾ ਸਾਬਤ ਹੋ ਰਹੀਆਂ ਹਨ। ਮਾਨਸਿਕ ਤਣਾਅ ਅਤੇ ਭੁੱਲਣ ਦੀ ਬਿਮਾਰੀ ਨਾਲ ਜੂਝ ਰਹੇ ਬਜ਼ੁਰਗਾਂ ਵਿੱਚ ਇਨ੍ਹਾਂ ਹਥਿਆਰਾਂ ਕਾਰਨ ਖ਼ੁਦਕੁਸ਼ੀ ਦੇ ਮਾਮਲੇ ਤੇਜ਼ੀ ਨਾਲ ਵਧੇ ਹਨ।

ਡਿਮੈਂਸ਼ੀਆ ਦੇ ਮਰੀਜ਼ਾਂ ਤੱਕ ਹਥਿਆਰਾਂ ਦੀ ਆਸਾਨ ਪਹੁੰਚ ਖੋਜ ਅਧਿਐਨਾਂ ਤੋਂ ਸਾਹਮਣੇ ਆਇਆ ਹੈ ਕਿ ਡਿਮੈਂਸ਼ੀਆ ਤੋਂ ਪੀੜਤ ਲਗਭਗ ਹਰ ਤਿੰਨ ਵਿੱਚੋਂ ਇੱਕ ਵਿਅਕਤੀ ਦੀ ਪਹੁੰਚ ਵਿੱਚ ਬੰਦੂਕ ਮੌਜੂਦ ਹੁੰਦੀ ਹੈ।

**ਘਰਾਂ 'ਚ ਸੁਰੱਖਿਆ ਲਈ ਰੱਖੀਆਂ ਬੰਦੂਕਾਂ ਬਣ ਰਹੀਆਂ ਬਜ਼ੁਰਗਾਂ ਦੀ ਖ਼ੁਦਕੁਸ਼ੀ ਦਾ ਕਾਰਨ, ਹੈਰਾਨ ਕਰਨ ਵਾਲੇ ਅੰਕੜੇ ਆਏ ਸਾਹਮਣੇ (ਜਾਰੀ)**

ਸੱਤ ਸੂਬਿਆਂ ਵਿੱਚ ਕੀਤੇ ਗਏ ਇੱਕ ਵਿਸਤ੍ਰਿਤ ਸਰਵੇਖਣ ਮੁਤਾਬਕ, ਡਿਪਰੈਸ਼ਨ ਅਤੇ ਯਾਦਦਾਸ਼ਤ ਗੁਆਉਣ ਦੀ ਸਮੱਸਿਆ ਨਾਲ ਜੂਝ ਰਹੇ 33 ਫ਼ੀਸਦੀ ਬਜ਼ੁਰਗਾਂ ਦੇ ਘਰਾਂ ਵਿੱਚ ਬੰਦੂਕਾਂ ਮੌਜੂਦ ਸਨ।

ਚਿੰਤਾ ਦੀ ਗੱਲ ਇਹ ਹੈ ਕਿ ਇਨ੍ਹਾਂ ਵਿੱਚੋਂ ਹਰ ਚਾਰ ਵਿੱਚੋਂ ਇੱਕ ਘਰ ਵਿੱਚ ਹਥਿਆਰ ਪੂਰੀ ਤਰ੍ਹਾਂ ਅਸੁਰੱਖਿਅਤ ਅਤੇ ਖੁੱਲ੍ਹੇ ਵਿੱਚ ਰੱਖੇ ਗਏ ਸਨ। ਸਮਾਂ ਰਹਿੰਦਿਆਂ ਗੱਲਬਾਤ ਕਰਨ ਦੀ ਲੋੜ ਖੋਜਕਰਤਾ ਲੌਰਾ ਪ੍ਰੇਟਰ ਨਾਲ ਗੱਲਬਾਤ ਦੌਰਾਨ ਇੱਕ 72 ਸਾਲਾ ਬਜ਼ੁਰਗ ਨੇ ਦੱਸਿਆ ਕਿ ਉਹ ਆਪਣੇ ਬਿਸਤਰੇ ਦੇ ਬਿਲਕੁਲ ਕੋਲ ਦੋ ਹਥਿਆਰ ਰੱਖਦੇ ਹਨ, ਜਦਕਿ ਉਹ ਗੰਭੀਰ ਡਿਪਰੈਸ਼ਨ ਅਤੇ ਭੁੱਲਣ ਦੀ ਬਿਮਾਰੀ ਤੋਂ ਪੀੜਤ ਸਨ। ਵਾਸ਼ਿੰਗਟਨ ਯੂਨੀਵਰਸਿਟੀ ਦੀ ਮਾਹਰ ਕੇਲਸੀ ਕੌਨਰਿਕ ਦਾ ਮੰਨਣਾ ਹੈ ਕਿ ਬਿਮਾਰੀ ਦੇ ਸ਼ੁਰੂਆਤੀ ਲੱਛਣ ਸਾਹਮਣੇ ਆਉਂਦਿਆਂ ਹੀ ਪਰਿਵਾਰਕ ਮੈਂਬਰਾਂ ਨੂੰ ਇਸ ਵਿਸ਼ੇ 'ਤੇ ਖੁੱਲ੍ਹ ਕੇ ਗੱਲ ਕਰਨੀ ਚਾਹੀਦੀ ਹੈ, ਤਾਂ ਜੋ ਬਜ਼ੁਰਗ ਖ਼ੁਦ ਆਪਣੇ ਹਥਿਆਰਾਂ ਨੂੰ ਸੁਰੱਖਿਅਤ ਕਰਨ ਜਾਂ ਉਨ੍ਹਾਂ ਨੂੰ ਘਰ ਤੋਂ ਹਟਾਉਣ ਦਾ ਫ਼ੈਸਲਾ ਲੈ ਸਕਣ। ਉੱਥੇ ਹੀ, ਕੋਲੋਰਾਡੋ ਯੂਨੀਵਰਸਿਟੀ ਦੇ ਮਾਹਰ ਕ੍ਰਿਸ ਨੋਪਕੇ ਅਨੁਸਾਰ, ਅਕਸਰ ਪਰਿਵਾਰਕ ਮੈਂਬਰ ਬਜ਼ੁਰਗਾਂ ਦੀ ਨਾਰਾਜ਼ਗੀ ਜਾਂ ਆਪਸੀ ਰਿਸ਼ਤਿਆਂ ਵਿੱਚ ਖਟਾਸ ਪੈਦਾ ਹੋਣ ਦੇ ਡਰ ਕਾਰਨ ਇਸ ਸੰਵੇਦਨਸ਼ੀਲ ਵਿਸ਼ੇ 'ਤੇ ਚਰਚਾ ਕਰਨ ਤੋਂ ਬਚਦੇ ਹਨ। ਅੱਗੇ ਚੱਲ ਕੇ ਇਹ ਚੁੱਪ ਜਾਨਲੇਵਾ ਸਾਬਤ ਹੋ ਸਕਦੀ ਹੈ।

ਪੰਜਾਬ • ਜਲੰਧਰ

## ਜਲੰਧਰ 'ਚ ਖ਼ੂਨੀ ਖੇਡ: ਨੌਜਵਾਨ ਨੇ ਮਾਂ-ਧੀ 'ਤੇ ਕੀਤਾ ਚਾਕੂ ਨਾਲ ਹਮਲਾ, ਖ਼ੁਦ ਦੀ ਵੀ ਮੌਤ

ਮਕਸੂਦਾਂ 20 ਅਕਤੂਬਰ (ਸੌਰਵ ਮਹਿਤਾ)- ਜਲੰਧਰ ਦੇ ਆਨੰਦ ਨਗਰ ਇਲਾਕੇ ਵਿਚ ਇਕ ਨੌਜਵਾਨ ਵਲੋਂ ਲੜਕੀ ਦੇ ਘਰ ਵਿਚ ਦਾਖ਼ਲ ਹੋ ਕੇ ਉਸ 'ਤੇ ਚਾਕੂ ਨਾਲ ਹਮਲਾ ਕਰਨ ਅਤੇ ਬਚਾਅ ਲਈ ਆਈ ਉਸ ਦੀ ਮਾਂ ਨੂੰ ਵੀ ਜ਼ਖ਼ਮੀ ਕਰਨ ਦੀ ਸਨਸਨੀਖੇਜ਼ ਘਟਨਾ ਸਾਹਮਣੇ ਆਈ ਹੈ। ਇਸ ਦੌਰਾਨ ਨੌਜਵਾਨ ਨੇ ਖ਼ੁਦ ਵੀ ਚਾਕੂ ਨਾਲ ਆਪਣੀਆਂ ਨਸਾਂ ਕੱਟ ਲਈਆਂ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਮਲੇ ਵਿਚ ਜ਼ਖ਼ਮੀ ਮਾਂ-ਧੀ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ ਗਿਆ।

ਪ੍ਰਾਪਤ ਜਾਣਕਾਰੀ ਅਨੁਸਾਰ, ਨੌਜਵਾਨ ਕਥਿਤ ਤੌਰ 'ਤੇ ਸਲਫਾਸ ਨਿਗਲਣ ਤੋਂ ਬਾਅਦ ਲੜਕੀ ਮਨਪ੍ਰੀਤ ਕੌਰ ਦੇ ਘਰ ਪਹੁੰਚਿਆ ਸੀ। ਘਰ ਵਿਚ ਦਾਖ਼ਲ ਹੁੰਦਿਆਂ ਹੀ ਉਸ ਨੇ ਮਨਪ੍ਰੀਤ ਕੌਰ 'ਤੇ ਚਾਕੂ ਨਾਲ ਹਮਲਾ ਕਰ ਦਿੱਤਾ। ਧੀ ਦੀਆਂ ਚੀਕਾਂ ਸੁਣ ਕੇ ਉਸ ਦੀ ਮਾਂ ਸੀਮਾ ਦੇਵੀ ਮੌਕੇ 'ਤੇ ਪਹੁੰਚੀ ਅਤੇ ਉਸ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਨੌਜਵਾਨ ਨੇ ਸੀਮਾ ਦੇਵੀ 'ਤੇ ਵੀ ਚਾਕੂ ਨਾਲ ਹਮਲਾ ਕਰ ਦਿੱਤਾ। ਹਮਲੇ ਕਾਰਨ ਮਾਂ-ਧੀ ਦੋਵੇਂ ਖ਼ੂਨ ਨਾਲ ਲੱਥਪੱਥ ਹੋ ਕੇ ਡਿੱਗ ਪਈਆਂ।

ਘਟਨਾ ਦੌਰਾਨ ਨੌਜਵਾਨ ਨੇ ਖ਼ੁਦ ਨੂੰ ਵੀ ਚਾਕੂ ਮਾਰ ਕੇ ਜ਼ਖ਼ਮੀ ਕਰ ਲਿਆ। ਰੌਲਾ ਸੁਣ ਕੇ ਆਸ-ਪਾਸ ਦੇ ਲੋਕ ਇਕੱਠੇ ਹੋ ਗਏ ਅਤੇ ਜ਼ਖ਼ਮੀ ਮਾਂ-ਧੀ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ, ਜਦਕਿ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਨੰਬਰ 1 ਦੀ ਪੁਲਿਸ ਮੌਕੇ 'ਤੇ ਪਹੁੰਚ ਗਈ। ਪੁਲਿਸ ਨੇ ਨੌਜਵਾਨ ਦੀ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਖੇਡਾਂ

## ਸੋਟੀ ਦੇ ਸਹਾਰੇ ਪ੍ਰਾਚੀ ਨੇ ਜਾਪਾਨ 'ਚ ਲਹਿਰਾਇਆ ਤਿਰੰਗਾ, ਏਸ਼ੀਅਨ ਪੈਰਾ ਗੇਮਜ਼ 'ਚ ਜਿੱਤਿਆ ਕਾਂਸੀ ਦਾ ਤਮਗਾ

ਪ੍ਰਾਚੀ ਦੀ ਇਹ ਜਿੱਤ ਮੌਜੂਦਾ ਪੈਰਾਲੰਪਿਕ ਤੇ ਏਸ਼ੀਅਨ ਪੈਰਾ ਗੇਮਜ਼ ਚੈਂਪੀਅਨ ਦੇ ਖ਼ਿਲਾਫ਼ ਰਹੀ। ਰੀੜ੍ਹ ਦੀ ਹੱਡੀ ਦੀ ਸਮੱਸਿਆ ਕਾਰਨ ਸੋਟੀ ਦੇ ਸਹਾਰੇ ਖੜ੍ਹੇ ਹੋ ਕੇ ਖੇਡਣ ਵਾਲੀ ਪ੍ਰਾਚੀ ਇਸ ਤੋਂ ਪਹਿਲਾਂ 12 ਵਾਰ ਰੈਂਕਿੰਗ ਟੂਰਨਾਮੈਂਟਾਂ 'ਚ ਤਮਗੇ ਜਿੱਤ ਚੁੱਕੀ ਹੈ। ਹੁਣ ਛੜੀ ਦੇ ਸਹਾਰੇ ਖੇਡਦਿਆਂ ਪ੍ਰਾਚੀ ਨੇ ਜਾਪਾਨ 'ਚ ਤਿਰੰਗਾ ਲਹਿਰਾਇਆ ਹੈ।

ਜਾਗਰਣ ਸੰਵਾਦਦਾਤਾ, ਕਾਨਪੁਰ: ਏਸ਼ੀਅਨ ਪੈਰਾ ਗੇਮਜ਼ 2026 'ਚ ਉੱਨਾਵ ਦੀ ਪ੍ਰਾਚੀ ਪਾਂਡੇ ਨੇ ਮਹਿਲਾ ਸਿੰਗਲਜ਼ ਕਲਾਸ-6 ਟੇਬਲ ਟੈਨਿਸ ਮੁਕਾਬਲੇ 'ਚ ਕਾਂਸੀ ਦਾ ਤਮਗਾ ਜਿੱਤ ਕੇ ਸੂਬੇ ਦਾ ਮਾਣ ਵਧਾਇਆ ਹੈ। ਵਿਸ਼ਵ ਰੈਂਕਿੰਗ 'ਚ 17ਵੇਂ ਸਥਾਨ 'ਤੇ ਕਾਬਜ਼ ਪ੍ਰਾਚੀ ਨੇ ਸੈਮੀਫਾਈਨਲ ਮੁਕਾਬਲੇ 'ਚ ਇਰਾਕ ਦੀ ਨਜਲਾ ਅਲ ਨੂੰ ਹਰਾਇਆ ਤੇ ਤਮਗਾ ਜਿੱਤਣ 'ਚ ਸਫ਼ਲ ਰਹੀ।

ਬਚਪਨ ਤੋਂ ਹੀ ਖੇਡਾਂ 'ਚ ਦਿਲਚਸਪੀ ਰੱਖਣ ਵਾਲੀ ਪ੍ਰਾਚੀ ਨੇ ਸਰੀਰਕ ਚੁਣੌਤੀਆਂ ਨੂੰ ਮਾਤ ਦਿੰਦਿਆਂ ਤਮਗੇ ਤਕ ਦਾ ਸਫ਼ਰ ਤੈਅ ਕੀਤਾ। ਇਸ ਤੋਂ ਪਹਿਲਾਂ ਵੀ ਉਹ ਬ੍ਰਾਜ਼ੀਲ, ਥਾਈਲੈਂਡ, ਜਰਮਨੀ, ਨਾਈਜੀਰੀਆ ਅਤੇ ਜਾਰਡਨ 'ਚ ਹੋਏ ਕੌਮਾਂਤਰੀ ਪੈਰਾ ਟੇਬਲ ਟੈਨਿਸ ਮੁਕਾਬਲਿਆਂ 'ਚ ਤਮਗੇ ਜਿੱਤ ਚੁੱਕੀ ਹੈ।

(@) ਅਕਤੂਬਰ 20, 2026 ਹਰ ਰੋਜ਼ ਫੋਰਹੈਂਡ ਅਤੇ ਟੌਪ ਸਪਿਨ ਵਰਗੇ ਸ਼ਾਟਾਂ ਦਾ 1,000 ਤੋਂ ਵੱਧ ਵਾਰ ਅਭਿਆਸ ਕਰਨ ਵਾਲੀ ਪ੍ਰਾਚੀ ਦੀ ਇਸ ਪ੍ਰਾਪਤੀ 'ਤੇ ਉੱਨਾਵ ਅਤੇ ਕਾਨਪੁਰ ਦੇ ਟੇਬਲ ਟੈਨਿਸ ਖਿਡਾਰੀਆਂ 'ਚ ਖ਼ੁਸ਼ੀ ਦਾ ਮਾਹੌਲ ਹੈ। ਪ੍ਰਾਚੀ ਦੇ ਕੋਚ ਅਮਰੇਸ਼ ਨੇ ਦੱਸਿਆ ਕਿ ਉਸ ਦਾ ਜਜ਼ਬਾ ਹੀ ਉਸ ਨੂੰ ਤਮਗੇ ਤੱਕ ਲੈ ਕੇ ਗਿਆ। ਸਾਹਮਣੇ ਭਾਵੇਂ ਕਿੰਨਾ ਵੀ ਮਜ਼ਬੂਤ ਵਿਰੋਧੀ ਕਿਉਂ ਨਾ ਹੋਵੇ, ਪ੍ਰਾਚੀ ਨੇ ਕਦੇ ਹਾਰ ਨਹੀਂ ਮੰਨੀ। ਸੈਮੀਫਾਈਨਲ ਮੁਕਾਬਲੇ 'ਚ ਵੀ ਪ੍ਰਾਚੀ ਨੇ ਸੋਟੀ ਦੇ ਸਹਾਰੇ ਖੜ੍ਹੇ ਹੋ ਕੇ ਇਰਾਕ ਦੀ ਖਿਡਾਰਨ ਨੂੰ ਮਾਤ ਦਿੱਤੀ।

**ਸੋਟੀ ਦੇ ਸਹਾਰੇ ਪ੍ਰਾਚੀ ਨੇ ਜਾਪਾਨ 'ਚ ਲਹਿਰਾਇਆ ਤਿਰੰਗਾ, ਏਸ਼ੀਅਨ ਪੈਰਾ ਗੇਮਜ਼ 'ਚ ਜਿੱਤਿਆ ਕਾਂਸੀ ਦਾ ਤਮਗਾ (ਜਾਰੀ)**

ਜਾਗਰਣ ਸੰਵਾਦਦਾਤਾ ਅੰਕੁਸ਼ ਨਾਲ ਗੱਲਬਾਤ ਕਰਦਿਆਂ ਪ੍ਰਾਚੀ ਨੇ ਦੱਸਿਆ ਕਿ ਉਹ ਪੂਰੀ ਤਿਆਰੀ ਨਾਲ ਚੈਂਪੀਅਨਸ਼ਿਪ 'ਚ ਦੇਸ਼ ਦੀ ਨੁਮਾਇੰਦਗੀ ਕਰਨ ਗਈ ਸੀ। ਉਸ ਨੂੰ ਉਮੀਦ ਸੀ ਕਿ ਉਹ ਜ਼ਰੂਰ ਤਮਗਾ ਜਿੱਤੇਗੀ। ਲਗਾਤਾਰ ਅਭਿਆਸ ਸਦਕਾ ਉਸ ਨੂੰ ਇਹ ਸਫ਼ਲਤਾ ਮਿਲੀ। ਪ੍ਰਾਚੀ ਨੇ ਦੱਸਿਆ ਕਿ ਸ਼ੁਰੂਆਤ 'ਚ ਸਪਾਂਸਰਸ਼ਿਪ ਨੂੰ ਲੈ ਕੇ ਚਿੰਤਾ ਸੀ ਅਤੇ ਲੱਗ ਰਿਹਾ ਸੀ ਕਿ ਸ਼ਾਇਦ ਉਹ ਚੈਂਪੀਅਨਸ਼ਿਪ 'ਚ ਹਿੱਸਾ ਨਹੀਂ ਲੈ ਸਕੇਗੀ। ਪਰਿਵਾਰ ਦੇ ਸਾਥ ਅਤੇ ਖੇਡ ਪ੍ਰੇਮੀਆਂ ਦੀ ਮਦਦ ਨਾਲ ਉਹ ਮੁਕਾਬਲੇ ਤੱਕ ਪਹੁੰਚੀ ਅਤੇ ਤਮਗਾ ਜਿੱਤਣ 'ਚ ਸਫ਼ਲ ਰਹੀ।

ਵਿਸ਼ਵ

## ਅਗਲੇ 5 ਸਾਲਾਂ 'ਚ ਪੁਲਾੜ ਬਣੇਗਾ ਜੰਗ ਦਾ ਨਵਾਂ ਮੈਦਾਨ, ਇੰਟਰਨੈੱਟ-ਬੈਂਕਿੰਗ ਤੇ ਏਅਰਲਾਈਨਜ਼ 'ਤੇ ਮੰਡਰਾਏਗਾ ਖ਼ਤਰਾ; ਮਾਹਿਰਾਂ ਦੀ ਚਿਤਾਵਨੀ

ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਦੁਨੀਆ ਦੀ ਅਗਲੀ ਜੰਗ ਪੁਲਾੜ ਵਿੱਚ ਛਿੜ ਸਕਦੀ ਹੈ। ਅਮਰੀਕਾ, ਬ੍ਰਿਟੇਨ, ਰੂਸ ਅਤੇ ਚੀਨ ਦੀਆਂ ਵਧਦੀਆਂ ਪੁਲਾੜੀ ਗਤੀਵਿਧੀਆਂ ਨੇ ਚਿੰਤਾ ਵਧਾ ਦਿੱਤੀ ਹੈ।

ਦੂਜੇ ਪਾਸੇ, ਅਮਰੀਕੀ ਖ਼ੁਫ਼ੀਆ ਏਜੰਸੀਆਂ ਨੇ ਖ਼ਦਸ਼ਾ ਪ੍ਰਗਟਾਇਆ ਹੈ ਕਿ ਰੂਸ ਵੱਲੋਂ 2022 ਵਿੱਚ ਪੁਲਾੜ ਵਿੱਚ ਭੇਜੇ ਗਏ ਕੋਸਮੋਸ-2553 ਉਪਗ੍ਰਹਿ ਦੇ ਨਾਲ ਪਰਮਾਣੂ ਉਪਕਰਨ ਦੇ ਕੁਝ ਹਿੱਸੇ ਵੀ ਭੇਜੇ ਗਏ ਸਨ। ੳ, 5 ਨੁਕਤਿਆਂ ਵਿੱਚ ਸਮਝਦੇ ਹਾਂ ਕਿ ਪੁਲਾੜ ਕਿਵੇਂ ਜੰਗ ਦਾ ਮੈਦਾਨ ਬਣ ਸਕਦਾ ਹੈ।

ਚੀਨ ਨੇ 2007 ਵਿੱਚ ਆਪਣੇ ਹੀ ਇੱਕ ਮੌਸਮ ਸਬੰਧੀ ਉਪਗ੍ਰਹਿ ਨੂੰ ਮਿਜ਼ਾਈਲ ਨਾਲ ਨਸ਼ਟ ਕਰ ਦਿੱਤਾ ਸੀ। ਅਮਰੀਕਾ, ਰੂਸ ਅਤੇ ਭਾਰਤ ਵੀ ਉਪਗ੍ਰਹਿਆਂ ਨੂੰ ਨਸ਼ਟ ਕਰਨ ਦੀ ਆਪਣੀ ਸਮਰੱਥਾ ਦਾ ਪ੍ਰਦਰਸ਼ਨ ਕਰ ਚੁੱਕੇ ਹਨ। ਅਜਿਹੇ ਹਮਲਿਆਂ ਨਾਲ ਪੁਲਾੜ ਵਿੱਚ ਮਲਬਾ ਫੈਲ ਜਾਂਦਾ ਹੈ, ਜੋ ਹੋਰ ਉਪਗ੍ਰਹਿਆਂ ਨੂੰ ਵੀ ਨੁਕਸਾਨ ਪਹੁੰਚਾ ਸਕਦਾ ਹੈ। ਰੇਡੀਓ ਸਿਗਨਲਾਂ ਰਾਹੀਂ ਜੀਪੀਐੱਸ ਵਰਗੇ ਉਪਗ੍ਰਹਿਆਂ ਤੋਂ ਮਿਲਣ ਵਾਲੇ ਸੰਕੇਤਾਂ ਵਿੱਚ ਰੁਕਾਵਟ ਪਾਈ ਜਾ ਸਕਦੀ ਹੈ। ਰੂਸ-ਯੂਕਰੇਨ ਜੰਗ ਦੌਰਾਨ ਜੀਪੀਐੱਸ ਸਿਗਨਲਾਂ ਵਿੱਚ ਵਿਘਨ ਪੈਣ ਦੀਆਂ ਕਈ ਘਟਨਾਵਾਂ ਸਾਹਮਣੇ ਆਈਆਂ ਹਨ। ਇਸ ਨਾਲ ਜਹਾਜ਼ਾਂ ਅਤੇ ਸਮੁੰਦਰੀ ਬੇੜਿਆਂ ਦੀ ਦਿਸ਼ਾ ਪਤਾ ਕਰਨ ਵਾਲੀਆਂ ਪ੍ਰਣਾਲੀਆਂ ਪ੍ਰਭਾਵਿਤ ਹੋ ਸਕਦੀਆਂ ਹਨ।

ਹਮਲਾਵਰ ਜਾਅਲੀ ਉਪਗ੍ਰਹਿ ਸਿਗਨਲ ਭੇਜ ਕੇ ਕਿਸੇ ਉਪਕਰਨ ਨੂੰ ਗਲਤ ਸਥਿਤੀ ਜਾਂ ਸਮਾਂ ਦੱਸ ਸਕਦਾ ਹੈ। ਇਸ ਤਕਨੀਕ ਨੂੰ ਸਪੂਫਿੰਗ ਕਿਹਾ ਜਾਂਦਾ ਹੈ। ਇਸ ਨਾਲ ਨੈਵੀਗੇਸ਼ਨ ਸਿਸਟਮ ਭੁਲੇਖੇ ਵਿੱਚ ਪੈ ਸਕਦਾ ਹੈ ਅਤੇ ਗਲਤ ਜਾਣਕਾਰੀ ਦੇ ਆਧਾਰ 'ਤੇ ਕੰਮ ਕਰ ਸਕਦਾ ਹੈ। ਉਪਗ੍ਰਹਿਆਂ ਨੂੰ ਕੰਟਰੋਲ ਕਰਨ ਵਾਲੇ ਕੰਪਿਊਟਰਾਂ ਅਤੇ ਕਮਾਂਡ ਸੈਂਟਰਾਂ ਨੂੰ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਇਸ ਨਾਲ ਸੰਚਾਰ ਟੁੱਟ ਸਕਦਾ ਹੈ, ਡਾਟਾ ਚੋਰੀ ਹੋ ਸਕਦਾ ਹੈ ਜਾਂ ਉਪਗ੍ਰਹਿ ਦੇ ਸੰਚਾਲਨ ਵਿੱਚ ਵਿਘਨ ਪੈ ਸਕਦਾ ਹੈ। ਚੀਨ, ਰੂਸ ਅਤੇ ਅਮਰੀਕਾ ਦੇ ਉਪਗ੍ਰਹਿ ਹੋਰ ਪੁਲਾੜੀ ਯਾਨਾਂ ਦੇ ਨੇੜੇ ਜਾ ਕੇ ਉਨ੍ਹਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਵਰਗੀਆਂ ਸਮਰੱਥਾਵਾਂ ਦਾ ਪ੍ਰਦਰਸ਼ਨ ਕਰ ਚੁੱਕੇ ਹਨ। ਸੰਘਰਸ਼ ਦੌਰਾਨ ਇਸੇ ਤਕਨੀਕ ਦੀ ਵਰਤੋਂ ਦੂਜੇ ਉਪਗ੍ਰਹਿ ਦੇ ਕੰਮ ਵਿੱਚ ਦਖ਼ਲ ਦੇਣ ਜਾਂ ਉਸ ਨੂੰ ਨੁਕਸਾਨ ਪਹੁੰਚਾਉਣ ਲਈ ਕੀਤੀ ਜਾ ਸਕਦੀ ਹੈ।

ਅਮਰੀਕੀ ਸਪੇਸ ਫੋਰਸ ਮੁਤਾਬਕ, ਚੀਨ ਦੇ ਪੰਜ ਉਪਗ੍ਰਹਿਆਂ ਨੇ ਪੁਲਾੜ ਵਿੱਚ ਇੱਕ-ਦੂਜੇ ਦੇ ਨੇੜੇ ਜਾ ਕੇ ਜੰਗ ਵਰਗੀਆਂ ਗਤੀਵਿਧੀਆਂ ਦਾ ਅਭਿਆਸ ਕੀਤਾ। ਚੀਨ ਰੋਬੋਟਿਕ ਉਪਕਰਨਾਂ ਦੀ ਮਦਦ ਨਾਲ ਪੁਲਾੜ ਵਿੱਚ ਮੌਜੂਦ ਵਸਤੂਆਂ ਨੂੰ ਫੜਨ ਅਤੇ ਹਟਾਉਣ ਦੀ ਤਕਨੀਕ ਵੀ ਵਿਕਸਿਤ ਕਰ ਰਿਹਾ ਹੈ। ਇਸੇ ਤਰ੍ਹਾਂ ਰੂਸ ਦੇ ਫ਼ੌਜੀ ਉਪਗ੍ਰਹਿ ਹੋਰ ਦੇਸ਼ਾਂ ਦੇ ਉਪਗ੍ਰਹਿਆਂ ਦੇ ਨੇੜੇ ਪਹੁੰਚ ਰਹੇ ਹਨ। ਬ੍ਰਿਟੇਨ ਦੀ ਹਵਾਈ ਫ਼ੌਜ ਨੇ ਸਤੰਬਰ ਵਿੱਚ ਆਪਣੇ ਉਪਗ੍ਰਹਿਆਂ ਦੀ ਸੁਰੱਖਿਆ ਲਈ ਪਹਿਲੀ ਵਿਸ਼ੇਸ਼ ਪੁਲਾੜ ਇਕਾਈ ਦਾ ਐਲਾਨ ਕੀਤਾ ਸੀ। ਯੂਰਪੀ ਪੁਲਾੜ ਏਜੰਸੀ ਵੀ ਆਪਣੇ ਪ੍ਰੋਜੈਕਟਾਂ ਵਿੱਚ ਫ਼ੌਜੀ ਅਤੇ ਸੁਰੱਖਿਆ ਸਬੰਧੀ ਵਰਤੋਂ ਨੂੰ ਸ਼ਾਮਲ ਕਰ ਰਹੀ ਹੈ। ਵੱਖ-ਵੱਖ ਦੇਸ਼ ਉਪਗ੍ਰਹਿਆਂ ਨੂੰ ਨਕਾਰਾ ਕਰਨ ਲਈ ਲੇਜ਼ਰ, ਇਲੈਕਟ੍ਰੋਮੈਗਨੈਟਿਕ ਤਰੰਗਾਂ 'ਤੇ ਆਧਾਰਿਤ ਹਥਿਆਰ ਅਤੇ ਪੁਲਾੜੀ ਯਾਨਾਂ ਨੂੰ ਫੜਨ ਵਾਲੇ ਉਪਕਰਨ ਵਿਕਸਿਤ ਕਰ ਰਹੇ ਹਨ। ਐਂਟੀ-ਸੈਟੇਲਾਈਟ ਮਿਜ਼ਾਈਲਾਂ ਦੇ ਪ੍ਰੀਖਣ ਵੀ ਕੀਤੇ ਜਾ ਚੁੱਕੇ ਹਨ।

ਵਿਸ਼ਵ • ਭਾਰਤ

## ਯੂਰਪ 'ਚ ਮਹਿੰਗਾਈ ਖ਼ਿਲਾਫ਼ ਭੜਕਿਆ ਲੋਕਾਂ ਦਾ ਰੋਹ, ਫਰਾਂਸ ਦੇ ਕਈ ਸ਼ਹਿਰਾਂ 'ਚ ਕਰਫਿਊ; ਇਟਲੀ 'ਚ ਰਹਿੰਦੇ ਭਾਰਤੀਆਂ ਲਈ ਐਡਵਾਈਜ਼ਰੀ ਜਾਰੀ

ਯੂਰਪ 'ਚ ਵਿਰੋਧ ਪ੍ਰਦਰਸ਼ਨਾਂ ਦਾ ਇਹ ਦੌਰ ਫਿਲਹਾਲ ਰੁਕਦਾ ਨਜ਼ਰ ਨਹੀਂ ਆ ਰਿਹਾ। ਵਿਦਿਆਰਥੀ ਅਤੇ ਮੁਲਾਜ਼ਮ ਜਥੇਬੰਦੀਆਂ ਨੇ ਆਉਣ ਵਾਲੇ ਹਫ਼ਤਿਆਂ 'ਚ ਕਈ ਦੇਸ਼ਾਂ 'ਚ ਵੱਡੇ ਪੱਧਰ 'ਤੇ ਇਕੱਠ ਕਰਨ ਦਾ ਐਲਾਨ ਕੀਤਾ ਹੈ।

ਨਵੀਂ ਦਿੱਲੀ: ਯੂਰਪ 'ਚ ਵਧਦੀ ਮਹਿੰਗਾਈ ਅਤੇ ਜਨਤਕ ਸਹੂਲਤਾਂ ਦੀ ਮਾੜੀ ਹਾਲਤ ਖ਼ਿਲਾਫ਼ ਕਈ ਦੇਸ਼ਾਂ 'ਚ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਸ਼ੁਰੂ ਹੋ ਗਏ ਹਨ। ਫਰਾਂਸ ਅਤੇ ਇਟਲੀ ਵਰਗੇ ਦੇਸ਼ਾਂ 'ਚ ਇਹ ਪ੍ਰਦਰਸ਼ਨ ਦੇਖਦੇ ਹੀ ਦੇਖਦੇ ਹਿੰਸਕ ਝੜਪਾਂ, ਅੱਗਜ਼ਨੀ ਅਤੇ ਭੰਨਤੋੜ 'ਚ ਬਦਲ ਗਏ। ਇਸ ਤੋਂ ਬਾਅਦ ਸਬੰਧਤ ਸਰਕਾਰਾਂ ਨੂੰ ਸਖ਼ਤ ਪ੍ਰਸ਼ਾਸਨਿਕ ਕਦਮ ਚੁੱਕਣੇ ਪਏ ਹਨ।

ਫਰਾਂਸ 'ਚ ਮਹਿੰਗਾਈ ਅਤੇ ਸਕੂਲਾਂ ਦੀ ਮਾੜੀ ਹਾਲਤ ਖ਼ਿਲਾਫ਼ ਸ਼ੁਰੂ ਹੋਇਆ ਅੰਦੋਲਨ ਕਾਫ਼ੀ ਉਗਰ ਹੋ ਗਿਆ ਹੈ।

### ਅੱਜ ਦੀ ਤਸਵੀਰ



ਦੁਸਹਿਰਾ: ਬੁਰਾਈ 'ਤੇ ਅੱਛਾਈ ਦੀ ਜਿੱਤ

**ਯੂਰਪ 'ਚ ਮਹਿੰਗਾਈ ਖ਼ਿਲਾਫ਼ ਭੜਕਿਆ ਲੋਕਾਂ ਦਾ ਰੋਹ, ਫਰਾਂਸ ਦੇ ਕਈ ਸ਼ਹਿਰਾਂ 'ਚ ਕਰਫਿਊ; ਇਟਲੀ 'ਚ ਰਹਿੰਦੇ ਭਾਰਤੀਆਂ ਲਈ ਐਡਵਾਈਜ਼ਰੀ ਜਾਰੀ (ਜਾਰੀ)**

ਪ੍ਰਦਰਸ਼ਨਕਾਰੀਆਂ ਵੱਲੋਂ ਦੁਕਾਨਾਂ, ਜਨਤਕ ਜਾਇਦਾਦ ਅਤੇ ਸਰਕਾਰੀ ਇਮਾਰਤਾਂ ਨੂੰ ਭਾਰੀ ਨੁਕਸਾਨ ਪਹੁੰਚਾਇਆ ਗਿਆ। ਹਾਲਾਤ ਦੀ ਗੰਭੀਰਤਾ ਨੂੰ ਦੇਖਦਿਆਂ ਪ੍ਰਧਾਨ ਮੰਤਰੀ ਸੇਬਾਸਤਿਆਂ ਲੇਕੋਰਨੂ ਨੇ ਚੋਣਵੇਂ ਸ਼ਹਿਰਾਂ ਦੇ ਕੁਝ ਹਿੱਸਿਆਂ 'ਚ ਕਰਫਿਊ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਹਨ।

ਦੇਸ਼ ਦੇ ਗ੍ਰਹਿ ਮੰਤਰੀ ਲੌਰਾਂ ਨੁਨੇਜ਼ ਨੇ ਮੰਨਿਆ ਕਿ ਸ਼ਨੀਵਾਰ ਨੂੰ ਕਈ ਵੱਡੇ ਸ਼ਹਿਰਾਂ 'ਚ ਹਾਲਾਤ ਪੁਲਿਸ ਦੇ ਕਾਬੂ ਤੋਂ ਬਾਹਰ ਹੋ ਗਏ ਸਨ। ਨੁਨੇਜ਼ ਨੇ ਆਪਣੇ ਅਹੁਦੇ ਤੋਂ ਅਸਤੀਫ਼ੇ ਦੀ ਪੇਸ਼ਕਸ਼ ਵੀ ਕੀਤੀ, ਪਰ ਰਾਸ਼ਟਰਪਤੀ ਇਮੈਨੁਅਲ ਮੈਕਰੋਂ ਨੇ ਇਸ ਨੂੰ ਰੱਦ ਕਰ ਦਿੱਤਾ। ਰਾਸ਼ਟਰਪਤੀ ਮੈਕਰੋਂ ਨੇ ਇਸ ਹਿੰਸਾ ਲਈ ਅਤਿ-ਖੱਬੇ ਪੱਖੀ ਕਾਰਕੁਨਾਂ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਅਧਿਕਾਰਤ ਜਾਣਕਾਰੀ ਮੁਤਾਬਕ, ਪੁਲਿਸ ਹੁਣ ਤੱਕ 2,400 ਤੋਂ ਵੱਧ ਲੋਕਾਂ ਨੂੰ ਗ੍ਰਿਫ਼ਤਾਰ ਕਰ ਚੁੱਕੀ ਹੈ ਅਤੇ ਲਗਪਗ 3,000 ਦੁਕਾਨਾਂ ਨੂੰ ਨੁਕਸਾਨ ਪਹੁੰਚਿਆ ਹੈ। ਇਟਲੀ 'ਚ ਭਾਰਤੀ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ ਇਟਲੀ 'ਚ ਵੀ ਮਹਿੰਗਾਈ ਦੇ ਮੁੱਦੇ 'ਤੇ ਹੋ ਰਹੇ ਪ੍ਰਦਰਸ਼ਨਾਂ ਨੇ ਹਿੰਸਕ ਰੂਪ ਧਾਰ ਲਿਆ ਹੈ। ਪ੍ਰਧਾਨ ਮੰਤਰੀ ਜੌਰਜੀਆ ਮੇਲੋਨੀ ਨੇ ਹਿੰਸਕ ਘਟਨਾਵਾਂ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਕਿਹਾ ਕਿ ਆਪਣੀ ਗੱਲ ਰੱਖਣ ਲਈ ਪ੍ਰਦਰਸ਼ਨ ਕਰਨਾ ਨਾਗਰਿਕਾਂ ਦਾ ਅਧਿਕਾਰ ਹੈ, ਪਰ ਸ਼ਹਿਰਾਂ 'ਚ ਅੱਗਜ਼ਨੀ ਫੈਲਾਉਣਾ ਕਿਸੇ ਵੀ ਕੀਮਤ 'ਤੇ ਸਵੀਕਾਰ ਨਹੀਂ ਕੀਤਾ ਜਾ ਸਕਦਾ।

ਹਿੰਸਾ ਦੀਆਂ ਘਟਨਾਵਾਂ ਨੂੰ ਦੇਖਦਿਆਂ ਭਾਰਤੀ ਦੂਤਾਵਾਸ ਨੇ ਉੱਥੇ ਰਹਿਣ ਵਾਲੇ ਭਾਰਤੀਆਂ ਲਈ ਐਡਵਾਈਜ਼ਰੀ ਜਾਰੀ ਕੀਤੀ ਹੈ। ਦੂਤਾਵਾਸ ਨੇ ਸਾਰੇ ਭਾਰਤੀ ਨਾਗਰਿਕਾਂ ਨੂੰ ਚੌਕਸ ਰਹਿਣ, ਭੀੜ-ਭੜੱਕੇ ਵਾਲੀਆਂ ਥਾਵਾਂ ਅਤੇ ਪ੍ਰਦਰਸ਼ਨ ਵਾਲੇ ਸਥਾਨਾਂ ਤੋਂ ਦੂਰ ਰਹਿਣ ਅਤੇ ਸਥਾਨਕ ਖ਼ਬਰਾਂ 'ਤੇ ਨਜ਼ਰ ਰੱਖਣ ਦੀ ਸਲਾਹ ਦਿੱਤੀ ਹੈ। ਅਲਬਾਨੀਆ 'ਚ ਵੀ ਹਾਲਾਤ ਆਮ ਨਹੀਂ ਹੋ ਸਕੇ ਹਨ ਅਤੇ ਉੱਥੇ ਸੱਤਵੇਂ ਦਿਨ ਵੀ ਹਿੰਸਕ ਵਿਰੋਧ ਪ੍ਰਦਰਸ਼ਨ ਜਾਰੀ ਰਹੇ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਸੁਰੱਖਿਆ ਬਲਾਂ 'ਤੇ ਪੱਥਰਬਾਜ਼ੀ ਕੀਤੀ ਅਤੇ ਕਈ ਥਾਵਾਂ 'ਤੇ ਵਾਹਨਾਂ ਤੇ ਜਾਇਦਾਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਸਾਹਮਣੇ ਆਈਆਂ। ਯੂਰਪ ਭਰ 'ਚ ਪ੍ਰਦਰਸ਼ਨ ਹੋਰ ਤੇਜ਼ ਹੋਣ ਦੇ ਆਸਾਰ ਯੂਰਪ 'ਚ ਵਿਰੋਧ ਪ੍ਰਦਰਸ਼ਨਾਂ ਦਾ ਇਹ ਦੌਰ ਫਿਲਹਾਲ ਰੁਕਦਾ ਨਜ਼ਰ ਨਹੀਂ ਆ ਰਿਹਾ। ਵਿਦਿਆਰਥੀ ਅਤੇ ਮੁਲਾਜ਼ਮ ਜਥੇਬੰਦੀਆਂ ਨੇ ਆਉਣ ਵਾਲੇ ਹਫ਼ਤਿਆਂ 'ਚ ਕਈ ਦੇਸ਼ਾਂ 'ਚ ਵੱਡੇ ਪੱਧਰ 'ਤੇ ਇਕੱਠ ਕਰਨ ਦਾ ਐਲਾਨ ਕੀਤਾ ਹੈ। ਤੈਅ ਯੋਜਨਾ ਮੁਤਾਬਕ, ਫਰਾਂਸ 'ਚ 21 ਅਕਤੂਬਰ ਅਤੇ 5 ਨਵੰਬਰ ਨੂੰ ਵੱਡੇ ਪ੍ਰਦਰਸ਼ਨ ਕੀਤੇ ਜਾਣਗੇ। ਇਸ ਤੋਂ ਇਲਾਵਾ, ਇਟਲੀ 'ਚ 30 ਅਕਤੂਬਰ, ਸਪੇਨ 'ਚ 11 ਨਵੰਬਰ ਅਤੇ ਬੈਲਜੀਅਮ 'ਚ 17 ਨਵੰਬਰ ਨੂੰ ਦੇਸ਼ ਪੱਧਰੀ ਪ੍ਰਦਰਸ਼ਨ ਕਰਵਾਏ ਜਾਣਗੇ। ਉੱਥੇ ਹੀ ਪੁਰਤਗਾਲ 'ਚ 24 ਨਵੰਬਰ ਨੂੰ ਸੰਸਦ ਦਾ ਘਿਰਾਓ ਕਰਨ ਦੀ ਤਿਆਰੀ ਕੀਤੀ ਗਈ ਹੈ।

ਪੰਜਾਬ

## 8 ਕਰੋੜ ਰੁਪਏ ਦੀ ਹੈਰੋਇਨ ਸਮੇਤ 3 ਸਮੱਗਲਰ ਗ੍ਰਿਫ਼ਤਾਰ

ਫਾਜ਼ਿਲਕਾ: ਐਨ.ਸੀ.ਬੀ. ਦੀ ਟੀਮ ਨੇ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ 'ਚ ਸਫਲਤਾ ਹਾਸਲ ਕਰਦੇ ਹੋਏ ਫਾਜ਼ਿਲਕਾ ਇਲਾਕੇ 'ਚ ਇਕ ਆਪ੍ਰੇਸ਼ਨ ਦੌਰਾਨ 8 ਕਰੋੜ ਰੁਪਏ ਦੀ ਹੈਰੋਇਨ ਸਮੇਤ 3 ਸਮੱਗਲਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ ਦੇ ਕਬਜ਼ੇ 'ਚੋਂ ਇਕ ਗਲਾਕ ਪਿਸਤੌਲ ਅਤੇ ਕੁਝ ਜ਼ਿੰਦਾ ਕਾਰਤੂਸ ਵੀ ਬਰਾਮਦ ਹੋਏ ਹਨ।

ਜਾਣਕਾਰੀ ਅਨੁਸਾਰ ਫੜੇ ਗਏ ਸਮੱਗਲਰਾਂ ਵਿੱਚ ਜਸਵਿੰਦਰ ਸਿੰਘ ਵਾਸੀ ਫ਼ਿਰੋਜ਼ਪੁਰ ਛਾਉਣੀ ਅਤੇ ਪਵਨਦੀਪ ਸਿੰਘ ਵਾਸੀ ਨੌਸ਼ਹਿਰਾ ਪਨੂੰਆ ਤਰਨਤਾਰਨ ਅਤੇ ਇੱਕ ਨਾਬਾਲਗ ਸ਼ਾਮਲ ਹਨ। ਤਿੰਨਾਂ ਤਸਕਰਾਂ ਨੂੰ ਫ਼ਿਰੋਜ਼ਪੁਰ ਫ਼ਾਜ਼ਿਲਕਾ ਰੋਡ 'ਤੇ ਸਥਿਤ ਇੱਕ ਰਿਜ਼ੋਰਟ ਨੇੜਿਓਂ ਕਾਬੂ ਕੀਤਾ ਗਿਆ ਜਦੋਂ ਉਹ ਹੈਰੋਇਨ ਦੀ ਖੇਪ ਦੀ ਡਿਲਿਵਰੀ ਕਰਨ ਜਾ ਰਹੇ ਸਨ।






8 ਕਰੋੜ ਰੁਪਏ ਦੀ ਹੈਰੋਇਨ ਸਮੇਤ 3 ਸਮੱਗਲਰ ਗ੍ਰਿਫ਼ਤਾਰ

**8 ਕਰੋੜ ਰੁਪਏ ਦੀ ਹੈਰੋਇਨ ਸਮੇਤ 3 ਸਮੱਗਲਰ ਗ੍ਰਿਫ਼ਤਾਰ (ਜਾਰੀ)**

ਮੁਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਸ ਗਿਰੋਹ ਨੂੰ ਇੱਕ ਜੇਲ੍ਹ ਵਿੱਚ ਬੰਦ ਤਸਕਰ ਚਲਾ ਰਿਹਾ ਸੀ, ਜਿਸ ਦੀ ਪਹਿਚਾਣ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਮਨੋਰੰਜਨ

## ਰਣਬੀਰ ਅਤੇ ਸਾਈਂ ਦੀ 'ਰਾਮਾਇਣ' ਵਿਦੇਸ਼ਾਂ ਵਿੱਚ ਪਾ ਰਹੀ ਹੈ ਧੁੰਮ, ਐਡਵਾਂਸ ਬੁਕਿੰਗ ਰਾਹੀਂ ਭਾਰੀ ਕਮਾਈ

ਨਿਤੇਸ਼ ਤਿਵਾਰੀ ਅਤੇ ਨਮਿਤ ਮਲਹੋਤਰਾ ਨੇ 'ਰਾਮਾਇਣ' ਦੇ ਆਪਣੇ ਰੂਪਾਂਤਰ ਰਾਹੀਂ ਪਰਦੇ 'ਤੇ ਇੱਕ ਬਿਲਕੁਲ ਵਿਲੱਖਣ ਅਨੁਭਵ ਪੇਸ਼ ਕਰਨ ਦਾ ਵਾਅਦਾ ਕੀਤਾ ਹੈ। ਫਿਲਮ ਨਿਰਮਾਤਾ ਇੱਕ ਵਿਸ਼ਾਲ ਬਜਟ ਨਾਲ ਤਿਆਰ ਕੀਤੀ ਗਈ ਇਸ ਮਹਾਂਗਾਥਾ ਰਾਹੀਂ ਦਰਸ਼ਕਾਂ ਨੂੰ ਇੱਕ ਅਸਧਾਰਨ ਸਿਨੇਮਾਈ ਅਨੁਭਵ ਦੇਣ ਲਈ ਤਿਆਰ ਹਨ। 4,000 ਕਰੋੜ ਰੁਪਏ ਦੇ ਭਾਰੀ ਬਜਟ ਨਾਲ ਬਣੀ 'ਰਾਮਾਇਣ' 5 ਨਵੰਬਰ ਨੂੰ, ਦੀਵਾਲੀ ਦੇ ਤਿਉਹਾਰ ਦੇ ਮੌਕੇ 'ਤੇ, ਦੁਨੀਆ ਭਰ ਵਿੱਚ ਰਿਲੀਜ਼ ਹੋਣ ਜਾ ਰਹੀ ਹੈ। ਭਾਰਤ ਵਿੱਚ ਇਸ ਫਿਲਮ ਲਈ ਐਡਵਾਂਸ ਬੁਕਿੰਗ ਅੱਜ, ਦੁਸਹਿਰੇ ਦੇ ਮੌਕੇ 'ਤੇ ਸ਼ੁਰੂ ਹੋ ਰਹੀ ਹੈ, ਜਦਕਿ ਅੰਤਰਰਾਸ਼ਟਰੀ ਪੱਧਰ 'ਤੇ ਬੁਕਿੰਗ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਹੈ।

ਨਿਤੇਸ਼ ਤਿਵਾਰੀ ਦੀ 'ਰਾਮਾਇਣ' ਬਾਲੀਵੁੱਡ ਦੀਆਂ ਸਭ ਤੋਂ ਵੱਧ ਉਡੀਕੀਆਂ ਜਾਣ ਵਾਲੀਆਂ ਫਿਲਮਾਂ ਵਿੱਚੋਂ ਇੱਕ ਹੈ। ਦਰਸ਼ਕ ਇਸ ਦੀ ਰਿਲੀਜ਼ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ। ਫਿਲਮ ਨਿਰਮਾਤਾਵਾਂ ਨੇ ਇਸ ਫਿਲਮ ਨੂੰ ਲੈ ਕੇ ਕਾਫੀ ਚਰਚਾ ਪੈਦਾ ਕਰ ਦਿੱਤੀ ਹੈ, ਜਿਸ ਨੂੰ 4,000 ਕਰੋੜ ਰੁਪਏ ਦੇ ਵਿਸ਼ਾਲ ਬਜਟ ਨਾਲ ਬਣਾਇਆ ਜਾ ਰਿਹਾ ਹੈ। ਨਿਤੇਸ਼ ਤਿਵਾਰੀ ਨੇ ਇਸ ਪ੍ਰੋਜੈਕਟ ਲਈ ਸਿਤਾਰਿਆਂ ਦੀ ਇੱਕ ਪੂਰੀ ਫੌਜ ਇਕੱਠੀ ਕੀਤੀ ਹੈ, ਅਤੇ ਨਿਰਮਾਤਾਵਾਂ ਨੇ, ਸੈੱਟਾਂ ਅਤੇ ਕਲਾਕਾਰਾਂ ਦੀ ਚੋਣ 'ਤੇ ਪੈਸਾ ਖਰਚਣ ਵਿੱਚ ਕੋਈ ਕਸਰ ਨਹੀਂ ਛੱਡੀ ਹੈ।

ਫਿਲਮ ਵਿੱਚ ਰਣਬੀਰ ਕਪੂਰ ਨੇ ਭਗਵਾਨ ਰਾਮ, ਸਾਈਂ ਪੱਲਵੀ ਨੇ ਮਾਤਾ ਸੀਤਾ, ਰਵੀ ਦੂਬੇ ਲਕਸ਼ਮਣ, ਯਸ਼ ਰਾਵਣ, ਸਨੀ ਦਿਓਲ ਹਨੂੰਮਾਨ, ਲਾਰਾ ਦੱਤਾ ਕੈਕੇਈ, ਰਕੁਲ ਪ੍ਰੀਤ ਸੁਰਪੰਖਾ, ਅਰੁਣ ਗੋਵਿਲ ਦਸ਼ਰਥ, ਕਾਜਲ ਅਗਰਵਾਲ ਨੇ ਮੰਡੋਦਰੀ, ਮੰਦਬੁੱਧੀ ਅਤੇ ਅਨੰਤ ਛੰਦਰਾ ਦੀ ਆਵਾਜ਼ ਦਿੱਤੀ ਹੈ। ਜਟਾਯੂ. ਅਜਿਹੇ ਦਿੱਗਜਾਂ ਨੂੰ ਸਕ੍ਰੀਨ 'ਤੇ ਇਕੱਠੇ ਦੇਖਣਾ ਕਿਸੇ ਚਮਤਕਾਰ ਤੋਂ ਘੱਟ ਨਹੀਂ ਹੈ।

ਭਾਰਤ ਵਿੱਚ ਦੁਸਹਿਰੇ ਦੇ ਮੌਕੇ 'ਤੇ ਅੱਜ ਤੋਂ ਇਸ ਫਿਲਮ ਲਈ ਐਡਵਾਂਸ ਬੁਕਿੰਗ ਸ਼ੁਰੂ ਹੋ ਰਹੀ ਹੈ, ਜਦਕਿ ਵਿਦੇਸ਼ਾਂ ਵਿੱਚ ਇਹ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਹੈ। ਇਨ੍ਹਾਂ ਐਡਵਾਂਸ ਬੁਕਿੰਗਾਂ ਤੋਂ ਹੀ ਫਿਲਮ ਪ੍ਰਤੀ ਲੋਕਾਂ ਦੇ ਭਾਰੀ ਉਤਸ਼ਾਹ ਦਾ ਪਤਾ ਲੱਗਦਾ ਹੈ; ਅਮਰੀਕਾ ਅਤੇ ਕੈਨੇਡਾ ਵਿੱਚ, ਨਿਤੇਸ਼ ਤਿਵਾਰੀ ਦੀ ਇਸ ਫਿਲਮ ਨੇ ਪਹਿਲੇ ਹੀ ਦਿਨ ਸ਼ਾਨਦਾਰ ਕਮਾਈ ਕਰ ਲਈ ਹੈ।

ਯੂ.ਕੇ., ਕੈਨੇਡਾ, ਅਮਰੀਕਾ ਅਤੇ ਆਸਟ੍ਰੇਲੀਆ ਵਿੱਚ 'ਰਾਮਾਇਣ' ਲਈ ਐਡਵਾਂਸ ਬੁਕਿੰਗ ਸ਼ੁਰੂ ਹੋ ਗਈ ਹੈ। 'ਈ-ਟਾਈਮਜ਼' ਦੀ ਇੱਕ ਰਿਪੋਰਟ ਅਨੁਸਾਰ, 'ਫਿਲਮਜ਼ ਡਿਸਕੋਰਸ' ਦੇ ਅੰਕੜਿਆਂ ਦਾ ਹਵਾਲਾ ਦਿੰਦੇ ਹੋਏ ਦੱਸਿਆ ਗਿਆ ਹੈ ਕਿ 'ਰਾਮਾਇਣ' ਨੂੰ ਪਹਿਲੇ ਦਿਨ ਹੀ ਭਰਵਾਂ ਹੁੰਗਾਰਾ ਮਿਲਿਆ ਹੈ। ਫਿਲਮ ਦੀ ਕਮਾਈ ਇਹ ਦਰਸਾਉਂਦੀ ਹੈ ਕਿ ਦਰਸ਼ਕ ਇਸ ਦੀ ਰਿਲੀਜ਼ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ।

'ਫਿਲਮਸ ਡਿਸਕੋਰਸ' ਦੇ ਅੰਕੜਿਆਂ ਦਾ ਹਵਾਲਾ ਦਿੰਦੇ ਹੋਏ, ਇਹ ਮੀਡੀਆ ਰਿਪੋਰਟ ਦੱਸਦੀ ਹੈ ਕਿ 'ਰਾਮਾਇਣ' ਦੀ ਐਡਵਾਂਸ ਬੁਕਿੰਗ ਤੋਂ ਹੋਣ ਵਾਲੀ ਕਮਾਈ ਵਿੱਚ ਉੱਤਰੀ ਅਮਰੀਕਾ ਦਾ ਇੱਕ ਵੱਡਾ ਹਿੱਸਾ ਹੈ। ਇਸ ਫਿਲਮ ਨੇ ਉੱਤਰੀ ਅਮਰੀਕਾ ਤੋਂ ਕੁੱਲ 558,000 ਅਮਰੀਕੀ ਡਾਲਰ ਦੀ ਕਮਾਈ ਕੀਤੀ ਹੈ, ਜਦਕਿ ਯੂ.ਕੇ. ਵਿੱਚ ਇਸਦੀ ਕਮਾਈ 141,000 ਅਮਰੀਕੀ ਡਾਲਰ ਰਹੀ ਹੈ।

ਆਸਟ੍ਰੇਲੀਆ ਵਿੱਚ ਐਡਵਾਂਸ ਬੁਕਿੰਗ ਰਾਹੀਂ ਫਿਲਮ 'ਰਾਮਾਇਣ' ਨੇ 72,000 ਅਮਰੀਕੀ ਡਾਲਰ ਦੀ ਕਮਾਈ ਕੀਤੀ ਹੈ। ਇਸ ਤੋਂ ਇਲਾਵਾ, ਅਮਰੀਕਾ ਵਿੱਚ 'ਰਾਮਾਇਣ' ਦਾ ਪ੍ਰੀਮੀਅਰ ਭਾਰਤ ਦੇ ਮੁਕਾਬਲੇ ਇੱਕ ਦਿਨ ਪਹਿਲਾਂ ਹੋਵੇਗਾ; ਜਿੱਥੇ ਨਿਤੇਸ਼ ਤਿਵਾਰੀ ਦੀ ਇਹ ਵੱਡੀ ਫਿਲਮ ਭਾਰਤ ਵਿੱਚ 5 ਨਵੰਬਰ ਨੂੰ ਰਿਲੀਜ਼ ਹੋਣ ਵਾਲੀ ਹੈ, ਉੱਥੇ ਹੀ ਅਮਰੀਕਾ ਵਿੱਚ ਇਸ ਦਾ ਪ੍ਰੀਮੀਅਰ 4 ਨਵੰਬਰ ਨੂੰ ਹੋਵੇਗਾ।

ਅਮਰੀਕਾ ਵਿੱਚ ਬੁੱਧਵਾਰ, 4 ਨਵੰਬਰ ਨੂੰ ਹੋਣ ਵਾਲੀ *ਰਾਮਾਇਣ* ਦੀ ਸਕ੍ਰੀਨਿੰਗ ਲਈ ਟਿਕਟਾਂ ਬਹੁਤ ਵਧੀਆ ਵਿਕ ਰਹੀਆਂ ਹਨ। ਹੁਣ ਤੱਕ, ਅਮਰੀਕਾ ਵਿੱਚ ਇਸ ਸਕ੍ਰੀਨਿੰਗ ਲਈ 10,800 ਟਿਕਟਾਂ ਵਿਕ ਚੁੱਕੀਆਂ ਹਨ, ਜਿਸ ਨਾਲ 2,10,000 ਡਾਲਰ ਦੀ ਕਮਾਈ ਹੋਈ ਹੈ।

ਪੰਜਾਬ

## ਤਬਦੀਲੀ ਦਾ ਹੋਕਾ: ਫਰਾਂਸ ਦਾ ਵਿਦਿਆਰਥੀ ਅੰਦੋਲਨ

**ਤਬਦੀਲੀ ਦਾ ਹੋਕਾ: ਫਰਾਂਸ ਦਾ ਵਿਦਿਆਰਥੀ ਅੰਦੋਲਨ (ਜਾਰੀ)**

ਬੀਤੇ ਕੁਝ ਵਰ੍ਹਿਆਂ ਦੌਰਾਨ ਨਵ-ਉਦਾਰਵਾਦੀ ਨੀਤੀਆਂ, ਭ੍ਰਿਸ਼ਟਾਚਾਰ, ਮਹਿੰਗਾਈ, ਵਿੱਦਿਅਕ ਬਜਟ ਵਿੱਚ ਕਟੌਤੀ, ਜੰਗ ਅਤੇ ਜਮਹੂਰੀ ਹੱਕਾਂ ਦੇ ਘਾਣ ਵਿਰੁੱਧ ਪੂਰੀ ਦੁਨੀਆ ਵਿੱਚ ਨੌਜਵਾਨਾਂ ਤੇ ਵਿਦਿਆਰਥੀਆਂ ਦਾ ਰੋਹ ਲਗਾਤਾਰ ਫੁੱਟ ਰਿਹਾ ਹੈ।

ਹਾਲ ਹੀ ਵਿੱਚ ਫਰਾਂਸ ਦੀ ਰਾਜਧਾਨੀ ਪੈਰਿਸ ਦੀਆਂ ਸੜਕਾਂ ’ਤੇ ਅੱਗ ਦੇ ਗੋਲਿਆਂ ਅਤੇ ਅੱਥਰੂ ਗੈਸ ਦੇ ਧੂੰਏਂ ਵਿੱਚੋਂ ‘ਸਾਡਾ ਭਵਿੱਖ ਵੇਚਣਾ ਬੰਦ ਕਰੋ’ ਦੇ ਨਾਅਰੇ ਗੂੰਜ ਰਹੇ ਹਨ। ਫਰਾਂਸ ਵਿੱਚ ਇਸ ਵੇਲੇ ਉੱਠਿਆ ਵਿਦਿਆਰਥੀ ਸੰਘਰਸ਼ ਮਹਿਜ਼ ਯੂਨੀਵਰਸਿਟੀ ਫੰਡਾਂ ਦੀ ਕਟੌਤੀ ਵਰਗੀ ਇਕਹਿਰੀ ਘਟਨਾ ਦਾ ਵਿਰੋਧ ਨਹੀਂ ਹੈ ਸਗੋਂ ਇਹ ਪੂਰੇ ਪ੍ਰਬੰਧ ਦੀਆਂ ਢਾਂਚਾਗਤ ਨੀਤੀਆਂ ਖ਼ਿਲਾਫ਼ ਇੱਕ ਜ਼ਬਰਦਸਤ ਸਿਆਸੀ ਸੰਘਰਸ਼ ਹੈ। ਇਸ ਵਿਦਿਆਰਥੀ ਸੰਘਰਸ਼ ਦੀ ਸਿਆਸੀ ਤਾਸੀਰ ਦੁਨੀਆ ਭਰ ਵਿੱਚ ਲਗਾਤਾਰ ਉੱਠ ਰਹੇ ਮੌਜੂਦਾ ਨੌਜਵਾਨ-ਵਿਦਿਆਰਥੀ (ਜੈੱਨ-ਜ਼ੀ) ਅੰਦੋਲਨਾਂ ਨਾਲੋਂ ਵਧੇਰੇ ਤਿੱਖੀ, ਸਿਆਸੀ ਤੇ ਅਰਥਪੂਰਨ ਹੈ। ਇਹ ਸੰਘਰਸ਼ ਕਿਸੇ ਅਚਾਨਕ ਵਾਪਰੀ ਘਟਨਾ ਦਾ ਨਤੀਜਾ ਨਹੀਂ ਹੈ ਸਗੋਂ ਇਹ ਨਵ-ਉਦਾਰਵਾਦੀ ਆਰਥਿਕ ਨੀਤੀਆਂ ਕਾਰਨ ਹੁੰਦੀ ਨਿਰੰਤਰ ਲੁੱਟ ਤੇ ਅਰਾਜਕਤਾ ਵਿਰੁੱਧ ਚੇਤੰਨ ਪ੍ਰਤੀਕਰਮ ਹੈ, ਜਿਸ ਨੇ ਨੌਜਵਾਨ ਪੀੜ੍ਹੀ ਨੂੰ ਅਨਿਸ਼ਚਿਤਤਾ, ਬੇਰੁਜ਼ਗਾਰੀ, ਮਹਿੰਗਾਈ ਅਤੇ ਮਾਨਸਿਕ ਤਣਾਅ ਦੇ ਹਨੇਰੇ ਭਵਿੱਖ ਵੱਲ ਧੱਕ ਦਿੱਤਾ ਹੈ।

ਫਰਾਂਸ ਦੇ ਵਿਦਿਆਰਥੀ ਅਧਿਆਪਕਾਂ ਦੀ ਘਾਟ, ਏਅਰ ਕੰਡੀਸ਼ਨਰਾਂ ਤੇ ਡੈਸਕਾਂ ਦੀ ਘਾਟ, ਟੁੱਟੀਆਂ-ਭੱਜੀਆਂ ਇਮਾਰਤਾਂ, ਪੇਂਡੂ ਤੇ ਸ਼ਹਿਰੀ ਸਿੱਖਿਆ ਸਹੂਲਤਾਂ ਵਿਚਲੇ ਫ਼ਰਕ ਅਤੇ ਖਚਾਖਚ ਭਰੀਆਂ ਜਮਾਤਾਂ ਵਾਲੀ ਤੰਗਹਾਲੀ ਖ਼ਿਲਾਫ਼ ਰੋਹ ਵਿੱਚ ਹਨ। ਇਹ ਕਰਵਟ ਲੈ ਰਿਹਾ ਇੱਕ ਅਜਿਹਾ ਵਰਗ ਹੈ, ਜੋ ਸਿੱਖਿਆ ਮੰਡੀ ਵਿੱਚੋਂ ਹੁਨਰਮੰਦ ਕਾਮੇ ਵਜੋਂ ਤਿਆਰ ਹੋ ਕੇ ਫੈਕਟਰੀ ਵਿੱਚ ਦਾਖ਼ਲ ਹੋਣ ਤੋਂ ਪਹਿਲਾਂ ਆਪਣੇ ਆਪ ਨੂੰ ਪਛਾਣ ਰਿਹਾ ਹੈ। ਸਿੱਖਿਆ ਦੇ ਬੁਨਿਆਦੀ ਹੱਕਾਂ ਉੱਤੇ ਹਮਲਿਆਂ ਖ਼ਿਲਾਫ਼ ਸਕੂਲਾਂ ਤੋਂ ਸ਼ੁਰੂ ਹੋਇਆ ਇਹ ਵਿਦਿਆਰਥੀ ਸੰਘਰਸ਼ ਹੁਣ ਪੂਰੇ ਫਰਾਂਸ ਵਿੱਚ ਫੈਲ ਗਿਆ ਹੈ। 640 ਸਕੂਲਾਂ ਅਤੇ 30 ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਤੋਂ ਇਲਾਵਾ ਅਧਿਆਪਕ, ਮਾਪੇ ਅਤੇ ਮਜ਼ਦੂਰ-ਮੁਲਾਜ਼ਮ ਯੂਨੀਅਨਾਂ ਵੀ ਇਸ ਵਿੱਚ ਸ਼ਾਮਿਲ ਹੋ ਰਹੀਆਂ ਹਨ। ਫਰਾਂਸ ਦੇ ਗ੍ਰਹਿ ਮੰਤਰਾਲੇ ਮੁਤਾਬਿਕ ਇਸ ਸੰਘਰਸ਼ ਵਿੱਚ 2,56,000 ਪ੍ਰਦਰਸ਼ਨਕਾਰੀਆਂ ਦੇ ਸ਼ਾਮਲ ਹੋਣ, ਲਗਪਗ 1,800 ਸਕੂਲ ਤਾਲਾਬੰਦ ਹੋਣ ਅਤੇ 6,500 ਗ੍ਰਿਫ਼ਤਾਰੀਆਂ ਹੋਣ ਦਾ ਅਨੁਮਾਨ ਹੈ। ਸਰਕਾਰ ਵਿਰੋਧ ਪ੍ਰਦਰਸ਼ਨਾਂ ਨੂੰ ਜਬਰੀ ਦਬਾਉਣ ਦੇ ਰਾਹ ਪਈ ਹੋਈ ਹੈ, ਜਿਸ ਨਾਲ ਇਹ ਸੰਘਰਸ਼ ਹਿੰਸਕ ਰੂਪ ਧਾਰਨ ਕਰ ਗਏ ਹਨ। ਫਰਾਂਸ ਦੀ ਇਤਿਹਾਸਕ ਰਵਾਇਤ ਰਹੀ ਹੈ ਕਿ ਉੱਥੋਂ ਦੇ ਵਿਦਿਆਰਥੀ ਸਿਰਫ਼ ਆਪਣੀਆਂ ਜਮਾਤਾਂ ਤੱਕ ਸੀਮਿਤ ਰਹਿਣ ਵਾਲੇ ਪੜ੍ਹਾਕੂ ਨਹੀਂ ਸਗੋਂ ਉਹ ਸਮਾਜਿਕ ਤਬਦੀਲੀ ਦੀਆਂ ਲਹਿਰਾਂ ਵਿੱਚ ਸਦਾ ਮੋਹਰੀ ਰਹੇ ਹਨ। ਅੱਜ ਫਰਾਂਸ ਦੇ ਨੌਜਵਾਨ ਯੂਨੀਵਰਸਿਟੀਆਂ ’ਤੇ ਕਬਜ਼ੇ, ਹੜਤਾਲਾਂ ਅਤੇ ਪੁਲੀਸ ਦੇ ਜਬਰ-ਜ਼ੁਲਮ ਦਾ ਡਟ ਕੇ ਸਾਹਮਣਾ ਕਰ ਰਹੇ ਹਨ। ਇਉਂ ਇਹ ਸੰਘਰਸ਼ ਸਥਾਨਕ ਵਿਰੋਧ ਤੋਂ ਅੱਗੇ ਵਧ ਕੇ ਵਿਸ਼ਵਵਿਆਪੀ ਨਵ-ਉਦਾਰਵਾਦੀ ਨੀਤੀਆਂ ਵਿਰੁੱਧ ਤਿੱਖੇ ਪ੍ਰਤੀਰੋਧ ਦਾ ਰੂਪ ਧਾਰਨ ਕਰ ਰਿਹਾ ਹੈ ਅਤੇ ਯੂਰੋਪ ਤੇ ਲਾਤੀਨੀ ਅਮਰੀਕੀ ਮੁਲਕਾਂ ਦੇ ਵਿਦਿਆਰਥੀ ਸੰਘਰਸ਼ਾਂ ਲਈ ਮਿਸਾਲ ਬਣ ਰਿਹਾ ਹੈ। ਦੂਜੀ ਆਲਮੀ ਜੰਗ ਤੋਂ ਬਾਅਦ ਫਰਾਂਸ ਵਿੱਚ ਲੋਕਾਂ ਦੀ ਸੁਰੱਖਿਆ ਤੇ ਵਿਕਾਸ ਲਈ ਚੱਲੇ ਸੰਘਰਸ਼ਾਂ ਮਗਰੋਂ ਸਮਾਜਿਕ ਕਲਿਆਣਕਾਰੀ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਸਨ, ਪਰ ਦੁਨੀਆ ਭਰ ਵਿੱਚ ਤੇਜ਼ੀ ਨਾਲ ਬਦਲਦੇ ਆਰਥਿਕ-ਸਮਾਜਿਕ ਹਾਲਾਤ ਕਾਰਨ ਇਹ ਪੂੰਜੀਵਾਦੀ ਮਾਡਲ ਸੰਕਟ ਵਿੱਚ ਘਿਰ ਰਿਹਾ ਹੈ। ਇਸ ਮਾਡਲ ਦਾ ਵਿਸ਼ਵਵਿਆਪੀ ਕੇਂਦਰ ਯਾਨੀ ਅਮਰੀਕਾ ਦੁਨੀਆ ਦਾ ਸਭ ਤੋਂ ਵੱਧ ਕਰਜ਼ਈ ਮੁਲਕ ਬਣ ਚੁੱਕਾ ਹੈ ਅਤੇ ਆਪਣੇ ਕਰਜ਼ੇ ਦੇ ਸੰਕਟ ਦਾ ਬੋਝ ਉਹ ਹੋਰ ਕਈ ਮੁਲਕਾਂ ਵਿੱਚ ਜੰਗਾਂ ਅਤੇ ਅਰਾਜਕਤਾਵਾਦੀ ਆਰਥਿਕ ਨੀਤੀਆਂ ਦਾ ਹਮਲਾ ਵਿੱਢ ਕੇ, ਮਹਿੰਗਾਈ ਦੇ ਰੂਪ ਵਿੱਚ ਦੁਨੀਆ ਭਰ ਦੇ ਲੋਕਾਂ ਉੱਤੇ ਲੱਦਣ ਦਾ ਰਾਹ ਅਪਣਾ ਰਿਹਾ ਹੈ। ਇਸ ਦੇ ਚੱਲਦਿਆਂ ਰੱਖਿਆ ਖੇਤਰ ਵਿੱਚ ਬਜਟ ਵਾਧੇ ਦੀਆਂ ਸਾਮਰਾਜੀ ਤਜਵੀਜ਼ਾਂ ਤੇਜ਼ੀ ਫੜ ਰਹੀਆਂ ਹਨ। ਯੂਰੋਪ ਸਮੇਤ ਫਰਾਂਸ ਦੀ ਸਰਕਾਰ ਵੀ ਇਨ੍ਹਾਂ ਸਾਮਰਾਜੀ ਦਿਸ਼ਾ-ਨਿਰਦੇਸ਼ਾਂ ਹੇਠ ਨਿਹੱਕੀਆਂ ਜੰਗਾਂ ਦਾ ਸਾਥ ਦੇ ਰਹੀ ਹੈ। ਸਾਮਰਾਜੀ ਜੰਗਾਂ ਦਾ ਬੋਝ ਦੁਨੀਆ ਭਰ ਦੇ ਲੋਕਾਂ ਉੱਤੇ ਪਾਇਆ ਜਾ ਰਿਹਾ ਹੈ ਤੇ ਇਹ ਬੋਝ ਫਰਾਂਸ ਦੇ ਆਮ ਲੋਕਾਂ ਉੱਤੇ ਵੀ ਪੈ ਰਿਹਾ ਹੈ, ਜਿਸ ਦੀ ਭਰਪਾਈ ਜਨਤਕ ਸਹੂਲਤਾਂ ਉੱਤੇ ਕੱਟ ਲਾ ਕੇ ਕੀਤੀ ਜਾ ਰਹੀ ਹੈ। ਇਸ ਸਿਆਸੀ ਖੇਡ ਨੂੰ ਸਮਝਦਿਆਂ ਫਰਾਂਸ ਦੇ ਵਿਦਿਆਰਥੀਆਂ ਨੇ ਸੋਸ਼ਲ ਮੀਡੀਆ ਰਾਹੀਂ ਲਾਮਬੰਦੀ ਕਰਕੇ ਸੜਕਾਂ ’ਤੇ ਇਨ੍ਹਾਂ ਨਵ-ਉਦਾਰਵਾਦੀ ਨੀਤੀਆਂ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ।

ਫਰਾਂਸ ਦੀ ਆਰਥਿਕਤਾ ਇਸ ਸਮੇਂ ਵੱਡੇ ਸੰਕਟ ਵਿੱਚ ਹੈ। ਦੇਸ਼ ਦਾ ਕੁੱਲ ਜਨਤਕ ਕਰਜ਼ਾ ਵਧ ਕੇ ਜੀ ਡੀ ਪੀ ਦੇ ਲਗਪਗ 116 ਤੋਂ 119 ਫ਼ੀਸਦੀ ਤੱਕ ਪਹੁੰਚ ਗਿਆ ਹੈ, ਜੋ ਦੂਜੀ ਆਲਮੀ ਜੰਗ ਤੋਂ ਬਾਅਦ ਦਾ ਸਭ ਤੋਂ ਉੱਚਾ ਪੱਧਰ ਹੈ। ਸਰਕਾਰ ਦਾ ਵਿੱਤੀ ਘਾਟਾ ਜੀ ਡੀ ਪੀ ਦੇ 5 ਫ਼ੀਸਦੀ ਤੋਂ ਉੱਪਰ ਹੈ, ਜਿਸ ਨੂੰ ਪੂਰਾ ਕਰਨ ਲਈ ਮੈਕਰੌਂ ਸਰਕਾਰ ਜਨਤਕ ਖੇਤਰਾਂ (ਸਿੱਖਿਆ ਅਤੇ ਪੈਨਸ਼ਨਾਂ) ਵਿੱਚ ਕਟੌਤੀ ਕਰ ਰਹੀ ਹੈ। ਫਰਾਂਸ ਵਿੱਚ ਬੇਰੁਜ਼ਗਾਰੀ ਦੀ ਦਰ ਵਧ ਕੇ ਲਗਪਗ 8.3 ਫ਼ੀਸਦੀ ਹੋ ਗਈ ਹੈ। ਨੌਜਵਾਨਾਂ ਵਿੱਚ ਇਹ ਹਾਲਤ ਹੋਰ ਵੀ ਨਿੱਘਰ ਚੁੱਕੀ ਹੈ, ਜਿੱਥੇ ਹਰ ਛੋਟਾ-ਮੋਟਾ ਰੁਜ਼ਗਾਰ ਵੀ ਅਸਥਾਈ ਹੁੰਦਾ ਹੈ। ਇਸੇ ਕਾਰਨ ਯੂਨੀਵਰਸਿਟੀ ਪਾਸ ਕਰਨ ਵਾਲੇ ਨੌਜਵਾਨਾਂ ਨੂੰ ਵੀ ਆਪਣਾ ਭਵਿੱਖ ਸੁਰੱਖਿਅਤ ਨਹੀਂ ਜਾਪਦਾ। ਅਮਰੀਕੀ ਸਾਮਰਾਜ ਅਤੇ ਨਾਟੋ ਦੇ ਦਬਾਅ ਹੇਠ ਫਰਾਂਸ ਆਪਣੇ ਫ਼ੌਜੀ ਬਜਟ ਵਿੱਚ ਲਗਾਤਾਰ ਵੱਡਾ ਵਾਧਾ ਕਰ ਰਿਹਾ ਹੈ। ਫਰਾਂਸ ਦਾ ਸਾਲਾਨਾ ਫ਼ੌਜੀ ਖ਼ਰਚਾ ਵਧ ਕੇ ਲਗਪਗ 68 ਬਿਲੀਅਨ ਅਮਰੀਕੀ ਡਾਲਰ ਤੱਕ ਜਾ ਪੁੱਜਿਆ ਹੈ। ਸਿੱਖਿਆ ਫਰਾਂਸੀਸੀ ਰਾਜ ਦੇ ਬਜਟ ਵਿੱਚ ਸਭ ਤੋਂ ਮਹਿੰਗੀਆਂ ਮੱਦਾਂ ਵਿੱਚੋਂ ਇੱਕ ਹੈ ਅਤੇ ਬੱਚਤ ਦੀ ਨੀਤੀ ’ਤੇ ਚੱਲ ਰਹੀ ਸਰਕਾਰ ਲਈ ਇਹ ਖੇਤਰ ਸਿੱਧਾ ਨਿਸ਼ਾਨੇ ਹੇਠ ਹੈ।

**ਤਬਦੀਲੀ ਦਾ ਹੋਕਾ: ਫਰਾਂਸ ਦਾ ਵਿਦਿਆਰਥੀ ਅੰਦੋਲਨ (ਜਾਰੀ)**

ਫਰਾਂਸ ਦੀ ਸਰਕਾਰ ਨੇ ਆਪਣੀ ਫ਼ੌਜੀ ਤਾਕਤ ਅਤੇ ਹਥਿਆਰਾਂ ਦੀ ਖ਼ਰੀਦ ਨੂੰ ਮਜ਼ਬੂਤ ਕਰਨ ਲਈ ਸੈਂਕੜੇ ਬਿਲੀਅਨ ਯੂਰੋ ਰੱਖਿਆ ਪ੍ਰੋਗਰਾਮ ਉੱਤੇ ਲਾਏ ਹੋਏ ਹਨ। ਪਹਿਲਾਂ ਫਰਾਂਸ ਅਤੇ ਯੂਰੋਪੀਅਨ ਦੇਸ਼ ਰੂਸ ਤੋਂ ਬਹੁਤ ਘੱਟ ਭਾਅ ’ਤੇ ਸਸਤੀ ਗੈਸ ਅਤੇ ਤੇਲ ਲੈਂਦੇ ਸਨ, ਜਿਸ ਨਾਲ ਉੱਥੋਂ ਦੀ ਆਰਥਿਕਤਾ ਅਤੇ ਆਮ ਲੋਕਾਂ ਦੀ ਜ਼ਿੰਦਗੀ ਮੁਕਾਬਲਤਨ ਸੌਖੀ ਸੀ। ਫਿਰ ਅਮਰੀਕੀ ਸਾਮਰਾਜ ਦੀ ਮੰਨਦਿਆਂ ਯੂਕਰੇਨ-ਰੂਸ ਜੰਗ ਅਤੇ ਹੋਰ ਭੂ-ਸਿਆਸੀ ਕਾਰਨਾਂ ਕਰਕੇ ਰੂਸੀ ਊਰਜਾ ’ਤੇ ਪਾਬੰਦੀਆਂ ਲਗਾ ਦਿੱਤੀਆਂ ਗਈਆਂ। ਹੁਣ ਫਰਾਂਸ ਨੂੰ ਅਮਰੀਕਾ ਤੋਂ ਸਮੁੰਦਰੀ ਜਹਾਜ਼ਾਂ ਰਾਹੀਂ ਬਹੁਤ ਜ਼ਿਆਦਾ ਮਹਿੰਗਾ ਤੇਲ-ਗੈਸ ਮੰਗਵਾਉਣਾ ਪੈ ਰਿਹਾ ਹੈ। ਇਸ ਮਹਿੰਗੀ ਊਰਜਾ ਕਾਰਨ ਫਰਾਂਸ ਵਿੱਚ ਬਿਜਲੀ, ਗੈਸ ਅਤੇ ਰੋਜ਼ਮੱਰ੍ਹਾ ਦੀਆਂ ਚੀਜ਼ਾਂ ਦੇ ਭਾਅ ਆਸਮਾਨੀਂ ਚੜ੍ਹ ਗਏ ਹਨ। ਸਰਕਾਰ ਇਸ ਵਾਧੂ ਬੋਝ ਨੂੰ ਪੂਰਾ ਕਰਨ ਲਈ ਜਨਤਕ ਸੇਵਾਵਾਂ ਅਤੇ ਸਿੱਖਿਆ ਦੇ ਬਜਟ ਵਿੱਚ ਕਟੌਤੀ ਕਰ ਰਹੀ ਹੈ, ਜਿਸ ਦੇ ਵਿਰੋਧ ਵਿੱਚ ਅੱਜ ਫਰਾਂਸ ਦਾ ਵਿਦਿਆਰਥੀ ਅਤੇ ਮਜ਼ਦੂਰ ਵਰਗ ਸੜਕਾਂ ’ਤੇ ਸੰਘਰਸ਼ ਕਰ ਰਿਹਾ ਹੈ। ਇਸ ਤੋਂ ਇਲਾਵਾ ਇਹ ਅੰਦੋਲਨ ਨਵ-ਫਾਸ਼ੀਵਾਦੀ ਤਾਕਤਾਂ ਦੇ ਉਭਾਰ ਵਿਰੁੱਧ ਵੀ ਇੱਕ ਵੱਡਾ ਬੰਨ੍ਹ ਬਣ ਰਿਹਾ ਹੈ।

ਫਰਾਂਸ ਵਿੱਚ ਉੱਭਰੇ ਵਿਦਿਆਰਥੀ ਅੰਦੋਲਨ ਪਿੱਛੇ ਆਰਥਿਕ ਨਾਬਰਾਬਰੀ, ਸਿੱਖਿਆ ਦਾ ਮੰਡੀਕਰਨ ਅਤੇ ਰਾਜਸੀ ਜਬਰ- ਤਿੰਨ ਵੱਡੇ ਸੰਕਟ ਕੰਮ ਕਰ ਰਹੇ ਹਨ। ਫਰਾਂਸੀਸੀ ਸਰਕਾਰਾਂ (ਖ਼ਾਸ ਕਰਕੇ ਮੈਕਰੌਂ ਪ੍ਰਸ਼ਾਸਨ) ਨੇ ਪਿਛਲੇ ਕੁਝ ਸਾਲਾਂ ਤੋਂ ਸਿੱਖਿਆ ਖੇਤਰ ਵਿੱਚ ਕਲਿਆਣਕਾਰੀ ਰਾਜ ਦੇ ਨਿਯਮਾਂ ਨੂੰ ਤਿਲਾਂਜਲੀ ਦੇ ਕੇ ਅਮਰੀਕੀ ਅਤੇ ਬਰਤਾਨਵੀ ਸਾਮਰਾਜੀ ਤਰਜ਼ ’ਤੇ ਸਿੱਖਿਆ ਦਾ ਵਪਾਰੀਕਰਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਉੱਚ ਸਿੱਖਿਆ ਦੀਆਂ ਫੀਸਾਂ ਵਿੱਚ ਵਾਧਾ ਅਤੇ ਨਸਲਵਾਦੀ ਤੇ ਜਮਾਤੀ ਫਿਲਟਰੇਸ਼ਨ ਪ੍ਰਣਾਲੀਆਂ ਲਾਗੂ ਕਰਨ ਨਾਲ ਮਜ਼ਦੂਰ ਵਰਗ ਦੇ ਬੱਚਿਆਂ ਲਈ ਉੱਚ ਸਿੱਖਿਆ ਦੇ ਦਰਵਾਜ਼ੇ ਬੰਦ ਕੀਤੇ ਜਾ ਰਹੇ ਹਨ। ਦੂਜਾ, ਫਰਾਂਸ ਵਿੱਚ ਅਨਿਸ਼ਚਿਤਤਾ ਅੱਜ ਦੇ ਨੌਜਵਾਨਾਂ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ। ਮਹਿੰਗਾਈ, ਰਿਹਾਇਸ਼ੀ ਮਕਾਨਾਂ ਦੇ ਆਸਮਾਨ ਛੂੰਹਦੇ ਕਿਰਾਏ ਅਤੇ ਖ਼ੁਰਾਕੀ ਵਸਤਾਂ ਦੀਆਂ ਕੀਮਤਾਂ ਨੇ ਹਜ਼ਾਰਾਂ ਵਿਦਿਆਰਥੀਆਂ ਨੂੰ ਫੂਡ ਬੈਂਕਾਂ ਦੀਆਂ ਕਤਾਰਾਂ ਵਿੱਚ ਖੜ੍ਹਾ ਕਰ ਦਿੱਤਾ ਹੈ। ਤੀਜਾ, ਪੈਨਸ਼ਨ ਸੁਧਾਰ ਅਤੇ ਕਲਿਆਣਕਾਰੀ ਢਾਂਚੇ ਦਾ ਉਜਾੜਾ ਇਸ ਸੰਘਰਸ਼ ਦੀ ਚੂਲ ਬਣ ਗਿਆ ਹੈ। ਹਾਲ ਹੀ ਵਿੱਚ ਲਾਗੂ ਕੀਤੇ ਗਏ ਪੈਨਸ਼ਨ ਸੁਧਾਰਾਂ ਨੇ ਨੌਜਵਾਨਾਂ ਵਿੱਚ ਇਹ ਅਹਿਸਾਸ ਭਰ ਦਿੱਤਾ ਹੈ ਕਿ ਪੂੰਜੀਵਾਦੀ ਪ੍ਰਣਾਲੀ ਉਨ੍ਹਾਂ ਦੇ ਬੁਢਾਪੇ ਨੂੰ ਵੀ ਸੁਰੱਖਿਅਤ ਨਹੀਂ ਛੱਡੇਗੀ। ਵਿਦਿਆਰਥੀਆਂ ਦਾ ਮੰਨਣਾ ਹੈ ਕਿ ਇਹ ਲੜਾਈ ਸਿਰਫ਼ ਉਨ੍ਹਾਂ ਦੀ ਵਰਤਮਾਨ ਪੜ੍ਹਾਈ ਦੀ ਨਹੀਂ ਸਗੋਂ ਉਨ੍ਹਾਂ ਦੇ ਭਵਿੱਖ ਦੀ ਵੀ ਹੈ। ਫਰਾਂਸ ਦੇ ਵਿਦਿਆਰਥੀ ਜ਼ਿੰਦਗੀ ਦੀ ਉਸ ਗੁਣਵੱਤਾ ਵਿਰੁੱਧ ਬਗ਼ਾਵਤ ਕਰ ਰਹੇ ਹਨ, ਜਿਸ ਦਾ ਪੂੰਜੀਵਾਦ ਨੇ ਉਨ੍ਹਾਂ ਨਾਲ ਵਾਅਦਾ ਕੀਤਾ ਸੀ।

ਵਿਦਿਆਰਥੀ ਅੰਦੋਲਨ ਦੀਆਂ ਮੁੱਖ ਮੰਗਾਂ ਹਨ ਕਿ ਸਿੱਖਿਆ ਦੇ ਮੰਡੀਕਰਨ ’ਤੇ ਰੋਕ ਲਗਾਈ ਜਾਵੇ, ਸਾਰੇ ਨਵ-ਉਦਾਰਵਾਦੀ ਸੁਧਾਰਾਂ ਨੂੰ ਰੱਦ ਕੀਤਾ ਜਾਵੇ ਅਤੇ ਸਿੱਖਿਆ ਨੂੰ ਪੂਰੀ ਤਰ੍ਹਾਂ ਮੁਫ਼ਤ ਤੇ ਸਰਬ-ਵਿਆਪੀ ਬਣਾਇਆ ਜਾਵੇ। ਹਰ ਵਿਦਿਆਰਥੀ ਲਈ ਇੱਕ ਬੁਨਿਆਦੀ ਜੀਵਨ-ਨਿਰਬਾਹ ਭੱਤਾ ਨਿਸ਼ਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਪੜ੍ਹਾਈ ਛੱਡ ਕੇ ਮਜ਼ਦੂਰੀ ਨਾ ਕਰਨੀ ਪਵੇ। ‘ਪਾਕੌਂਫਸਿਉਪ’ ਪ੍ਰਣਾਲੀ ਦਾ ਖ਼ਾਤਮਾ ਕੀਤਾ ਜਾਵੇ, ਜਿਸ ਤਹਿਤ ਯੂਨੀਵਰਸਿਟੀ ਵਿੱਚ ਦਾਖ਼ਲੇ ਦੀਆਂ ਅਸੰਵੇਦਨਸ਼ੀਲ ਅਤੇ ਜਮਾਤੀ ਸ਼ਰਤਾਂ ਲਾਗੂ ਹੁੰਦੀਆਂ ਹਨ, ਕੈਂਪਸਾਂ ਵਿੱਚੋਂ ਪੁਲੀਸ ਦੀ ਵਾਪਸੀ ਯਕੀਨੀ ਬਣਾ ਕੇ ਗ੍ਰਿਫ਼ਤਾਰ ਕੀਤੇ ਵਿਦਿਆਰਥੀਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ ਅਤੇ ਪੂੰਜੀਵਾਦੀ ਲੁੱਟ ਦੇ ਨਤੀਜੇ ਵਜੋਂ ਪੈਦਾ ਹੋ ਰਹੇ ਜਲਵਾਯੂ ਸੰਕਟ ਵਿਰੁੱਧ ਠੋਸ ਰਾਜਸੀ ਨੀਤੀ ਬਣਾਈ ਜਾਵੇ। ਇਸ ਵਿਦਿਆਰਥੀ ਸੰਘਰਸ਼ ਦੀ ਤੁਲਨਾ 1968 ਦੇ ਇਤਿਹਾਸਕ ਫਰਾਂਸੀਸੀ ਵਿਦਿਆਰਥੀ ਅੰਦੋਲਨ ਨਾਲ ਕੀਤੀ ਜਾ ਰਹੀ ਹੈ, ਜੋ ਹੋਸਟਲ ਦੇ ਨਿਯਮਾਂ, ਵੀਅਤਨਾਮ ਯੁੱਧ ਅਤੇ ਯੂਨੀਵਰਸਿਟੀ ਦੀ ਤਾਨਾਸ਼ਾਹੀ ਵਿਰੁੱਧ ਉੱਠਿਆ ਸੀ ਪਰ ਮੌਜੂਦਾ ਅੰਦੋਲਨ ਕਈ ਪੱਖਾਂ ਤੋਂ ਉਸ ਨਾਲੋਂ ਵੱਖਰਾ ਹੈ। 1968 ਵਿੱਚ ਫਰਾਂਸ ਆਰਥਿਕ ਉਛਾਲ ਦੀ ਦਹਿਲੀਜ਼ ’ਤੇ ਸੀ ਅਤੇ ਡਿਗਰੀ ਨੌਕਰੀ ਦੀ ਗਾਰੰਟੀ ਹੁੰਦੀ ਸੀ ਪਰ ਅੱਜ ਇਹ ਗਾਰੰਟੀ ਖ਼ਤਮ ਹੋ ਚੁੱਕੀ ਹੈ। 1968 ਦਾ ਅੰਦੋਲਨ ਯੂਨੀਵਰਸਿਟੀ ਤੱਕ ਸੀਮਿਤ ਸੀ ਜਦੋਂਕਿ ਮੌਜੂਦਾ ਅੰਦੋਲਨ ਹਾਈ ਸਕੂਲਾਂ ਤੋਂ ਸ਼ੁਰੂ ਹੋ ਕੇ ਸਮਾਜ ਦੇ ਸਮੁੱਚੇ ਵਰਗਾਂ ਨੂੰ ਆਪਣੇ ਕਲਾਵੇ ਵਿੱਚ ਲੈ ਰਿਹਾ ਹੈ। ਦੋਵਾਂ ਦੀ ਸਾਂਝੀ ਰੂਹ ਇਹ ਹੈ ਕਿ ਇਹ ਲੋਕ-ਵਿਰੋਧੀ ਢਾਂਚੇ ਨੂੰ ਬੁਨਿਆਦੀ ਤੌਰ ’ਤੇ ਰੱਦ ਕਰਦੇ ਹਨ। ਅੱਜ ਦੇ ਵਿਦਿਆਰਥੀ ਇਸ ਵਿਚਾਰ ਨੂੰ ਸੁਰਜੀਤ ਕਰ ਰਹੇ ਹਨ ਕਿ ਵਿਦਿਆਰਥੀ ਸੰਘਰਸ਼ ਨੂੰ ਮਜ਼ਦੂਰ ਜਮਾਤ ਦੀ ਲੜਾਈ ਤੋਂ ਵੱਖ ਕਰ ਕੇ ਨਹੀਂ ਦੇਖਿਆ ਜਾ ਸਕਦਾ। ਨਵ-ਉਦਾਰਵਾਦੀ ਨੀਤੀਆਂ ਵਿਰੁੱਧ ਇਹ ਪੀੜ੍ਹੀਗਤ ਬਗ਼ਾਵਤ ਨੌਜਵਾਨਾਂ ਦੀ ਅਗਵਾਈ ਵਾਲੇ ਵਿਸ਼ਵ-ਵਿਆਪੀ ਵਿਰੋਧ ਪ੍ਰਦਰਸ਼ਨਾਂ ਦਾ ਨਵਾਂ ਅਧਿਆਏ ਬਣ ਸਕਦੀ ਹੈ। ਫਰਾਂਸ ਵਿੱਚ ਵਾਪਰ ਰਿਹਾ ਇਹ ਵਰਤਾਰਾ ਸਰਮਾਏਦਾਰੀ ਦੇ ਸੰਕਟ ਦਾ ਹਿੱਸਾ ਹੈ ਅਤੇ ਇਸ ਖ਼ਿਲਾਫ਼ ਵਿਸ਼ਵ-ਵਿਆਪੀ ਵਿਰੋਧ ਦੀ ਤੰਦ ਸਾਂਝੀ ਹੈ।

ਮਨੋਰੰਜਨ

## ਗੋਲੀਬਾਰੀ ਤੋਂ ਪਹਿਲਾਂ ਗਰਾਊਂਡ ਦੀ ਰੇਕੀ: ਟਾਈਗਰ ਸ਼ਰਾਫ ‘ਤੇ ਹਮਲੇ ਬਾਰੇ ਨਵਾਂ ਖੁਲਾਸਾ, ਮੁਲਜ਼ਮ ਨੂੰ ਲੈ ਕੇ ਕੰਪਨੀ ਨੇ ਵੀ ਦਿੱਤਾ ਸਪੱਸ਼ਟੀਕਰਨ

ਬਾਲੀਵੁੱਡ ਅਦਾਕਾਰ ਟਾਈਗਰ ਸ਼ਰਾਫ 'ਤੇ ਗੋਲੀਬਾਰੀ ਦੇ ਮਾਮਲੇ ਵਿੱਚ ਪੁਲਿਸ ਨੇ ਖੁਲਾਸਾ ਕੀਤਾ ਹੈ ਕਿ ਮੁਲਜ਼ਮਾਂ ਨੇ ਹਮਲੇ ਤੋਂ ਪਹਿਲਾਂ ਫੁੱਟਬਾਲ ਗਰਾਊਂਡ ਦੀ ਰੇਕੀ ਕੀਤੀ ਸੀ। ਇੱਕ ਮੁਲਜ਼ਮ ਦੇ ਹੋਣ ਦੀ ਗੱਲ ਸਾਹਮਣੇ ਆਉਣ ਤੋਂ ਬਾਅਦ ਕੰਪਨੀ ਨੇ ਵੀ ਸਪੱਸ਼ਟੀਕਰਨ ਦਿੱਤਾ ਹੈ।




ਗੋਲੀਬਾਰੀ ਤੋਂ ਪਹਿਲਾਂ ਗਰਾਊਂਡ ਦੀ ਰੇਕੀ: ਟਾਈਗਰ ਸ਼ਰਾਫ ‘ਤੇ ਹਮਲੇ ਬਾਰੇ ਨਵਾਂ ਖੁਲਾਸਾ,

**ਗੋਲੀਬਾਰੀ ਤੋਂ ਪਹਿਲਾਂ ਗਰਾਊਂਡ ਦੀ ਰੇਕੀ: ਟਾਈਗਰ ਸ਼ਰਾਫ ‘ਤੇ ਹਮਲੇ ਬਾਰੇ ਨਵਾਂ ਖੁਲਾਸਾ, ਮੁਲਜ਼ਮ ਨੂੰ ਲੈ ਕੇ ਕੰਪਨੀ ਨੇ ਵੀ ਦਿੱਤਾ ਸਪੱਸ਼ਟੀਕਰਨ (ਜਾਰੀ)**

ਬਾਲੀਵੁੱਡ ਅਦਾਕਾਰ ਟਾਈਗਰ ਸ਼ਰਾਫ ‘ਤੇ ਗੋਲੀਬਾਰੀ ਕਰਨ ਵਾਲੇ ਤਿੰਨੋਂ ਮੁਲਜ਼ਮਾਂ ਨੂੰ ਰਾਜਸਥਾਨ ਦੇ ਕੋਟਾ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਰੇਹਾਨ ਰਈਸੁੱਦੀਨ ਅੰਸਾਰੀ ਹਰਿਆਣਾ ਦਾ ਰਹਿਣ ਵਾਲਾ ਹੈ, ਜਦਕਿ ਰਿਤਿਕ ਕੁਮਾਰ ਉਰਫ਼ ਰੋਸ਼ਨ ਬਿਹਾਰ ਦੇ ਬੇਗੂਸਰਾਏ ਦਾ ਵਸਨੀਕ ਹੈ। ਇਸ ਤੋਂ ਇਲਾਵਾ ਫੂਲ ਸਿੰਘ ਹਰਿਆਣਾ ਦੇ ਸੋਨੀਪਤ ਦਾ ਰਹਿਣ ਵਾਲਾ ਹੈ। ਇਸ ਦੌਰਾਨ ਇੱਕ ਨਵਾਂ ਖੁਲਾਸਾ ਹੋਇਆ ਹੈ ਕਿ ਮੁਲਜ਼ਮਾਂ ਨੇ ਗੋਲੀਬਾਰੀ ਤੋਂ ਪਹਿਲਾਂ ਫੁੱਟਬਾਲ ਗਰਾਊਂਡ ਦੀ ਰੇਕੀ ਕੀਤੀ ਸੀ। ਉੱਥੇ, ਮੁਲਜ਼ਮ ਰਿਤਿਕ ਕੁਮਾਰ ਦੇ ਹੋਣ ਦੀ ਗੱਲ ਸਾਹਮਣੇ ਆਉਣ ਤੋਂ ਬਾਅਦ ਕੰਪਨੀ ਨੇ ਸਪੱਸ਼ਟੀਕਰਨ ਦਿੱਤਾ ਹੈ। ਕੰਪਨੀ ਦਾ ਦਾਅਵਾ ਹੈ ਕਿ ਉਹ 14 ਅਕਤੂਬਰ ਤੋਂ ਬਾਅਦ ਇਸ ਦੇ ਪਲੇਟਫਾਰਮ ‘ਤੇ ਐਕਟਿਵ ਨਹੀਂ ਸੀ।

ਸੂਤਰਾਂ ਮੁਤਾਬਕ, ਗੋਲੀ ਚਲਾਉਣ ਵਾਲੇ ਮੁਲਜ਼ਮ ਫੁੱਟਬਾਲ ਗਰਾਊਂਡ ਦੀ ਰੇਕੀ ਕਰਨ ਪਹੁੰਚੇ ਸਨ। ਮੁਲਜ਼ਮਾਂ ਨੇ ਪਿਛਲੇ ਐਤਵਾਰ ਫੁੱਟਬਾਲ ਗਰਾਊਂਡ ‘ਤੇ ਜਾ ਕੇ ਰੇਕੀ ਕੀਤੀ ਸੀ। ਉਨ੍ਹਾਂ ਨੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਸੀ ਕਿ ਟਾਈਗਰ ਸ਼ਰਾਫ ਉਸ ਦਿਨ ਫੁੱਟਬਾਲ ਗਰਾਊਂਡ ਵਿੱਚ ਮੌਜੂਦ ਹੋਣਗੇ ਜਾਂ ਨਹੀਂ। ਪੁਲਿਸ ਹੁਣ ਗੋਲੀਬਾਰੀ ਦੀ ਘਟਨਾ ਤੋਂ ਪਹਿਲਾਂ ਦੇ ਦਿਨਾਂ ਵਿੱਚ ਮੁਲਜ਼ਮਾਂ ਦੀਆਂ ਗਤੀਵਿਧੀਆਂ ਅਤੇ ਉਨ੍ਹਾਂ ਵੱਲੋਂ ਕੀਤੀ ਗਈ ਨਿਗਰਾਨੀ ਨਾਲ ਜੁੜੇ ਪਹਿਲੂਆਂ ਦੀ ਜਾਂਚ ਕਰ ਰਹੀ ਹੈ।

ਇਸ ਦੌਰਾਨ ਨੇ ਮੁਲਜ਼ਮ ਰਿਤਿਕ ਕੁਮਾਰ ਨੂੰ ਲੈ ਕੇ ਇੱਕ ਬਿਆਨ ਜਾਰੀ ਕੀਤਾ ਹੈ। ਕੰਪਨੀ ਨੇ ਕਿਹਾ ਕਿ ਟਾਈਗਰ ਸ਼ਰਾਫ ਅਤੇ ਉਨ੍ਹਾਂ ਦੀ ਟੀਮ ਨਾਲ ਜੁੜੀ ਘਟਨਾ ਨੂੰ ਲੈ ਕੇ ਉਹ ਬੇਹੱਦ ਚਿੰਤਤ ਹੈ। ਕੰਪਨੀ ਨੇ ਕਿਹਾ, ਸਾਨੂੰ ਰਾਹਤ ਹੈ ਕਿ ਟਾਈਗਰ ਸ਼ਰਾਫ ਸੁਰੱਖਿਅਤ ਹਨ। ਅਸੀਂ ਉਨ੍ਹਾਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦੇ ਹਾਂ।

ਕੰਪਨੀ ਨੇ ਅੱਗੇ ਕਿਹਾ ਕਿ ਮੀਡੀਆ ਵਿੱਚ ਇੱਕ ਅਜਿਹੇ ਵਿਅਕਤੀ ਦਾ ਜ਼ਿਕਰ ਕੀਤਾ ਜਾ ਰਿਹਾ ਹੈ, ਜੋ ਪਲੇਟਫਾਰਮ ‘ਤੇ ਕੈਪਟਨ ਵਜੋਂ ਰਜਿਸਟਰਡ ਸੀ। ਉਹ ਵਿਅਕਤੀ 14 ਅਕਤੂਬਰ ਤੋਂ ਇਸ ਦੇ ਪਲੇਟਫਾਰਮ ‘ਤੇ ਕੈਪਟਨ ਵਜੋਂ ਐਕਟਿਵ ਨਹੀਂ ਹੈ। ਭਾਰਤ ਦੀ ਵਿੱਚ ਇਹ ਆਮ ਗੱਲ ਹੈ ਕਿ ਲੋਕ ਇੱਕੋ ਸਮੇਂ ਕਈ ਪਲੇਟਫਾਰਮਾਂ ‘ਤੇ ਰਜਿਸਟਰਡ ਹੁੰਦੇ ਹਨ। ਘਟਨਾ ਵਾਲੇ ਦਿਨ ਉਕਤ ਵਿਅਕਤੀ ਨੇ ਦੀਆਂ ਸੇਵਾਵਾਂ ਦੀ ਵਰਤੋਂ ਇੱਕ ਗਾਹਕ ਵਜੋਂ ਕੀਤੀ ਸੀ।

ਕੰਪਨੀ ਨੇ ਕਿਹਾ ਕਿ ਉਹ ਅਧਿਕਾਰੀਆਂ ਦੇ ਲਗਾਤਾਰ ਸੰਪਰਕ ਵਿੱਚ ਹੈ ਅਤੇ ਜਾਂਚ ਵਿੱਚ ਉਨ੍ਹਾਂ ਦਾ ਸਹਿਯੋਗ ਕਰ ਰਹੀ ਹੈ। ਕੰਪਨੀ ਨੇ ਤੁਰੰਤ ਕਾਰਵਾਈ ਕਰਦਿਆਂ ਅਧਿਕਾਰੀਆਂ ਵੱਲੋਂ ਮੰਗੀ ਗਈ ਸਾਰੀ ਜਾਣਕਾਰੀ ਸਾਂਝੀ ਕਰ ਦਿੱਤੀ ਹੈ। ਹਿੰਸਾ ਅਤੇ ਕਿਸੇ ਵੀ ਅਪਰਾਧਿਕ ਗਤੀਵਿਧੀ ਪ੍ਰਤੀ ਦੀ ਨੀਤੀ ਅਪਣਾਉਂਦੀ ਹੈ। ਕੰਪਨੀ ਨੇ ਭਰੋਸਾ ਦਿੱਤਾ ਕਿ ਉਹ ਜਾਂਚ ਵਿੱਚ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦਿੰਦੀ ਰਹੇਗੀ।

ਗੋਲੀਬਾਰੀ ਦੀ ਘਟਨਾ ਵਿੱਚ ਨਿਸ਼ਾਨਾ ਬਣਾਏ ਜਾਣ ਤੋਂ ਬਾਅਦ ਟਾਈਗਰ ਸ਼ਰਾਫ ਨੂੰ ਪੁਲਿਸ ਸੁਰੱਖਿਆ ਮੁਹੱਈਆ ਕਰਵਾਈ ਗਈ ਹੈ। ਪੁਲਿਸ ਸੂਤਰਾਂ ਮੁਤਾਬਕ, ਇਸ ਤੋਂ ਪਹਿਲਾਂ ਟਾਈਗਰ ਸ਼ਰਾਫ ਕੋਲ ਕੋਈ ਸੁਰੱਖਿਆ ਕਵਰ ਨਹੀਂ ਸੀ। ਅਜਿਹੇ ਵਿੱਚ ਉਹ ਹਮਲਾਵਰਾਂ ਲਈ ਆਸਾਨ ਨਿਸ਼ਾਨਾ ਬਣ ਗਏ।

ਹੁਣ ਤੱਕ ਦੀ ਜਾਂਚ ਵਿੱਚ ਮੁੱਢਲੇ ਤੌਰ ‘ਤੇ ਇਹ ਖ਼ਦਸ਼ਾ ਜਤਾਇਆ ਜਾ ਰਿਹਾ ਹੈ ਕਿ ਪਹਿਲਾਂ ਦੇ ਮਾਮਲਿਆਂ ਵਾਂਗ ਇਸ ਘਟਨਾ ਪਿੱਛੇ ਵੀ ਦਹਿਸ਼ਤ ਫੈਲਾਉਣਾ ਅਤੇ ਫਿਰੌਤੀ ਵਸੂਲਣਾ ਮੁੱਖ ਮਕਸਦ ਹੋ ਸਕਦਾ ਹੈ। ਹਾਲਾਂਕਿ, ਮਾਮਲੇ ਦੀ ਜਾਂਚ ਹਾਲੇ ਜਾਰੀ ਹੈ ਅਤੇ ਪੁਲਿਸ ਸਾਰੇ ਪਹਿਲੂਆਂ ਦੀ ਬਾਰੀਕੀ ਨਾਲ ਪੜਤਾਲ ਕਰ ਰਹੀ ਹੈ।

ਪੰਜਾਬ

## ਸਰਹੱਦ 'ਤੇ ਪਾਕਿਸਤਾਨੀ ਡਰੋਨ ਵਲੋਂ ਸੁੱਟੇ ਪੈਕਟ ਚੋਂ ਇਕ ਕਿੱਲੋ ਹੈਰੋਇਨ ਬਰਾਮਦ

ਖੇਮਕਰਨ (ਤਰਨਤਾਰਨ), 20 ਅਕਤੂਬਰ (ਰਾਕੇਸ਼ ਕੁਮਾਰ ਬਿੱਲਾ) - ਬੀ.ਐੱਸ.ਐੱਫ. ਤੇ ਪੰਜਾਬ ਪੁਲਿਸ ਨੇ ਸਾਂਝੇ ਆਪ੍ਰੇਸ਼ਨ ਦੌਰਾਨ ਸਰਹੱਦ 'ਤੇ ਕੰਡਿਆਲੀ ਤਾਰ ਨਜ਼ਦੀਕ ਪਾਕਿਸਤਾਨੀ ਡਰੋਨ ਵਲੋਂ ਸੁੱਟੇ ਗਏ ਪੈਕਟ ਚੋਂ ਇਕ ਕਿਲੋ ਹੈਰੋਇਨ ਬਰਾਮਦ ਕੀਤੀ ਹੈ, ਜਿਸ ਦੀ ਕੀਮਤ ਪੰਜ ਕਰੋੜ ਰੁਪਏ ਦੱਸੀ ਜਾ ਰਹੀ ਹੈ। ਇਸ ਸੰਬੰਧੀ ਥਾਣਾ ਖੇਮਕਰਨ ਦੇ ਮੁਖੀ ਇੰਸਪੈਕਟਰ ਕੰਵਲਜੀਤ ਰਾਏ ਨੇ ਦੱਸਿਆ ਕਿ ਐਸ.ਆਈ. ਜੈਪਾਲ ਦੀ ਅਗਵਾਈ ਹੇਠ ਪੁਲਿਸ ਪਾਰਟੀ ਨੂੰ ਗਸ਼ਤ ਦੌਰਾਨ ਸੂਚਨਾ ਮਿਲੀ ਕਿ ਸਰਹੱਦੀ ਪਿੰਡ ਮਹਿੰਦੀਪੁਰ ਵਾਸੀ ਕਿਸਾਨ ਗੁਰਲਾਲ ਸਿੰਘ ਪੁੱਤਰ ਰਾਜਵਿੰਦਰ ਸਿੰਘ ਦੇ ਝੋਨੇ ਦੇ ਖੇਤਾਂ ਵਿਚ ਕੋਈ ਇਤਰਾਜਯੋਗ ਵਸਤੂ ਪਈ ਹੈ। ਸੂਚਨਾ ਮਿਲਣ 'ਤੇ ਤੁਰੰਤ ਪੁਲਿਸ ਪਾਰਟੀ ਮੌਕੇ 'ਤੇ ਪੁੱਜੀ ਤੇ ਬੀ.ਐੱਸ.ਐੱਫ. ਦੀ 148 ਬਟਾਲੀਅਨ ਦੀ ਸੀਮਾ ਚੌਕੀ ਐਮ.ਪੀ. ਬੇਸ ਅਧੀਨ ਪੈਂਦੇ ਇਲਾਕੇ ਵਿਚ ਉਕਤ ਕਿਸਾਨ ਦੇ ਖੇਤ ਚੋਂ ਸਰਚ ਦੌਰਾਨ ਪੀਲੇ ਰੰਗ ਦੀ ਟੇਪ ਨਾਲ ਲਪੇਟਿਆ ਹੋਇਆ ਇਕ ਪੈਕਟ ਬਰਾਮਦ ਹੋਇਆ, ਜਿਸ ਚੋਂ ਇਕ ਕਿੱਲੋ ਹੈਰੋਇਨ ਬਰਾਮਦ ਹੋਈ। ਨਾਲ ਪੰਜ ਦੇ ਚਾਰ ਨੋਟ ਭਾਰਤੀ ਕਰੰਸੀ ਦੇ ਵੀ ਮਿਲੇ ਹਨ, ਜਿਸ ਸੰਬੰਧੀ ਥਾਣਾ ਖੇਮਕਰਨ ਚ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਕੇ ਅਗਲੇਰੀ ਜਾਂਚ ਆਰੰਭ ਕਰ ਦਿਤੀ ਗਈ ਹੈ।

ਸਿਹਤ

## ਨਵਰਾਤਰੀ ਤੇ ਰਾਮ ਨੌਮੀ ਦੇ ਸ਼ੁਭ ਮੌਕੇ ‘ਤੇ, ਕੰਨਿਆ ਪੂਜਨ ਪ੍ਰਸ਼ਾਦ ਖਾਣ ਤੋਂ ਬਾਅਦ 3 ਮਾਸੂਮ ਕੁੜੀਆਂ ਦੀ ਅਚਾਨਕ ਵਿਗੜੀ ਸਿਹਤ

ਰੇਵਾੜੀ: ਨਵਰਾਤਰੀ ਅਤੇ ਰਾਮ ਨੌਮੀ ਦੇ ਸ਼ੁਭ ਮੌਕੇ ‘ਤੇ, ਰੇਵਾੜੀ ਦੇ ਬਾਵਲ ਇਲਾਕੇ ਤੋਂ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਕੰਨਿਆ ਪੂਜਨ ਪ੍ਰਸ਼ਾਦ (ਭੇਂਟ) ਖਾਣ ਤੋਂ ਬਾਅਦ ਤਿੰਨ ਮਾਸੂਮ ਕੁੜੀਆਂ ਦੀ ਅਚਾਨਕ ਸਿਹਤ ਵਿਗੜ ਗਈ, ਜਿਨ੍ਹਾਂ ਨੂੰ ਤੁਰੰਤ ਹਸਪਤਾਲ ਦਾਖਲ ਕਰਵਾਇਆ ਗਿਆ। ਰੋਹਤਕ ਦੇ ਖੇੜੀ ਪਿੰਡ ਦਾ ਰਹਿਣ ਵਾਲਾ ਸਤੀਸ਼ ਕੁਮਾਰ ਇਸ ਸਮੇਂ ਆਪਣੇ ਪਰਿਵਾਰ ਨਾਲ ਰੇਵਾੜੀ ਵਿੱਚ ਰਹਿੰਦਾ ਹੈ। ਬੀਤੇ ਦਿਨ ਰਾਮ ਨੌਮੀ ਦੇ ਮੌਕੇ ‘ਤੇ ਉਨ੍ਹਾਂ ਦੇ ਘਰ ਕੰਨਿਆ ਪੂਜਨ ਸਮਾਰੋਹ ਆਯੋਜਿਤ ਕੀਤਾ ਗਿਆ ਸੀ। ਉਨ੍ਹਾਂ ਨੇ ਪ੍ਰਸ਼ਾਦ ਤਿਆਰ ਕਰਨ ਲਈ ਬਾਵਲ ਦੇ ਇੱਕ ਸਥਾਨਕ ਦੁਕਾਨਦਾਰ ਤੋਂ ਘਿਓ ਅਤੇ ਹੋਰ ਖਾਣ-ਪੀਣ ਦੀਆਂ ਚੀਜ਼ਾਂ ਖਰੀਦੀਆਂ ਸਨ।

ਪਰਿਵਾਰਕ ਮੈਂਬਰਾਂ ਦੇ ਅਨੁਸਾਰ, ਪ੍ਰਸ਼ਾਦ ਖਾਣ ਤੋਂ ਥੋੜ੍ਹੀ ਦੇਰ ਬਾਅਦ, ਸਤੀਸ਼ ਦੀ 6 ਸਾਲ ਦੀ ਧੀ, ਲੀਲਾ, ਅਤੇ ਉਸਦੇ ਗੁਆਂਢੀ ਦੀ 12 ਸਾਲ ਦੀ ਸਾਨੀਆ ਅਤੇ 1.5 ਸਾਲ ਦੀ ਸਾਬੀਆ ਨੂੰ ਲਗਾਤਾਰ ਉਲਟੀਆਂ ਆਉਣ ਲੱਗੀਆਂ ਅਤੇ ਉਨ੍ਹਾਂ ਦੀ ਹਾਲਤ ਵਿਗੜ ਗਈ। ਕੁੜੀਆਂ ਦੀ ਹਾਲਤ ਦੇਖ ਕੇ ਪਰਿਵਾਰ ਹੈਰਾਨ ਰਹਿ ਗਿਆ ਅਤੇ ਉਨ੍ਹਾਂ ਨੂੰ ਤੁਰੰਤ ਹਸਪਤਾਲ ਵਿੱਚ ਦਾਖਲ ਕਰਵਾਇਆ। ਘਟਨਾ ਤੋਂ ਬਾਅਦ, ਜਦੋਂ ਪੀੜਤ ਪਰਿਵਾਰ ਬਾਕੀ ਘਿਓ ਦੁਕਾਨਦਾਰ ਕੋਲ ਲੈ ਗਿਆ ਅਤੇ ਘਟਨਾ ਬਾਰੇ ਸ਼ਿਕਾਇਤ ਕੀਤੀ, ਤਾਂ ਦੁਕਾਨਦਾਰ ਨੇ ਆਪਣੀ ਗਲਤੀ ਮੰਨਣ ਦੀ ਬਜਾਏ, ਕਥਿਤ ਤੌਰ ‘ਤੇ ਉਨ੍ਹਾਂ ਨੂੰ ਧਮਕੀਆਂ ਦਿੱਤੀਆਂ ਅਤੇ ਭਜਾ ਦਿੱਤਾ। ਇਸ ਤੋਂ ਬਾਅਦ ਪੀੜਤ ਪਰਿਵਾਰ ਨੇ ਹਿੰਮਤ ਦਿਖਾਈ ਅਤੇ ਸਿੱਧੇ ਬਾਵਲ ਥਾਣੇ ਗਏ ਅਤੇ ਦੁਕਾਨਦਾਰ ਖਿਲਾਫ ਲਿਖਤੀ ਸ਼ਿਕਾਇਤ ਦਰਜ ਕਰਵਾਈ।

ਮਾਮਲੇ ਦੀ ਗੰਭੀਰਤਾ ਨੂੰ ਪਛਾਣਦੇ ਹੋਏ, ਬਾਵਲ ਪੁਲਿਸ ਸਟੇਸ਼ਨ ਇੰਚਾਰਜ ਨੇ ਤੁਰੰਤ ਕਾਰਵਾਈ ਕੀਤੀ ਅਤੇ ਫੂਡ ਸੇਫਟੀ ਵਿਭਾਗ ਦੀ ਇੱਕ ਟੀਮ ਨਾਲ ਮਿਲ ਕੇ ਦੋਸ਼ੀ ਦੁਕਾਨਦਾਰ ਦੇ ਅਦਾਰੇ ‘ਤੇ ਛਾਪਾ ਮਾਰਿਆ। ਵਿਭਾਗ ਦੀ ਟੀਮ ਨੇ ਦੁਕਾਨ ਤੋਂ ਘਿਓ ਦੇ ਨਮੂਨੇ ਇਕੱਠੇ ਕੀਤੇ ਅਤੇ ਉਨ੍ਹਾਂ ਨੂੰ ਜਾਂਚ ਲਈ ਪ੍ਰਯੋਗਸ਼ਾਲਾ ਭੇਜ ਦਿੱਤਾ। ਪੁਲਿਸ ਅਤੇ ਸਿਹਤ ਵਿਭਾਗ ਹੁਣ ਰਿਪੋਰਟ ਦੀ ਉਡੀਕ ਕਰ ਰਹੇ ਹਨ, ਜਿਸ ਦੇ ਆਧਾਰ ‘ਤੇ ਅੱਗੇ ਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਦੇਸ਼

## ਗੈਂਗਸਟਰਾਂ ਦਾ ਵਧਦਾ ਖ਼ੌਫ਼

ਮੁੰਬਈ ਵਿੱਚ ਬੌਲੀਵੁੱਡ ਅਦਾਕਾਰ ਟਾਈਗਰ ਸ਼ਰੌਫ ’ਤੇ ਹੋਇਆ ਹਮਲਾ ਗੈਂਗਸਟਰਾਂ ਵੱਲੋਂ ਕਾਨੂੰਨ ਦੀਆਂ ਧੱਜੀਆਂ ਉਡਾਉਣ ਦੀ ਇੱਕ ਡਰਾਉਣੀ ਉਦਾਹਰਣ ਹੈ।

ਪੁਲੀਸ ਦੀ ਮੁੱਢਲੀ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਇੱਕ ਸ਼ੱਕੀ ਦਾ ਸਬੰਧ ਲਾਰੈਂਸ ਬਿਸ਼ਨੋਈ ਗੈਂਗ ਦੇ ਇੱਕ ਕਥਿਤ ਸਾਥੀ ਨਾਲ ਹੈ। ਭਾਵੇਂ ਬਿਸ਼ਨੋਈ 2015 ਤੋਂ ਜੇਲ੍ਹ ਵਿੱਚ ਬੰਦ ਹੈ, ਪਰ ਉਸ ਦੇ ਸਾਥੀ ਨਾ ਸਿਰਫ਼ ਭਾਰਤ ਸਗੋਂ ਵਿਦੇਸ਼ਾਂ ਵਿੱਚ ਵੀ ਸਰਗਰਮ ਹਨ। ਉਸ ਦੇ ਇੱਕ ਕਰੀਬੀ ਸਾਥੀ ਕਰਮਵੀਰ ਸਿੰਘ ਨੂੰ ਕੈਨੇਡਾ ਤੋਂ ਡਿਪੋਰਟ ਕਰ ਦਿੱਤਾ ਗਿਆ ਸੀ, ਜਿਸ ਨੂੰ ਪਿਛਲੇ ਮਹੀਨੇ ਪੰਜਾਬ ਪੁਲੀਸ ਨੇ ਗ੍ਰਿਫ਼ਤਾਰ ਕਰ ਲਿਆ ਸੀ। ਇਸੇ ਤਰ੍ਹਾਂ ਅਪਰਾਧਿਕ ਗਰੋਹਾਂ ਅਤੇ ਦਹਿਸ਼ਤੀ ਸਮੂਹਾਂ ਵਿਚਕਾਰ ਗੱਠਜੋੜ ਨਾਲ ਸਬੰਧਿਤ ਮਾਮਲੇ ਵਿੱਚ ਬਿਸ਼ਨੋਈ ਦੇ ਭਰਾ ਅਨਮੋਲ ਨੂੰ ਅਮਰੀਕਾ ਤੋਂ ਡਿਪੋਰਟ ਕੀਤੇ ਜਾਣ ਤੋਂ ਬਾਅਦ ਨਵੰਬਰ 2025 ਵਿੱਚ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (ਐੱਨ ਆਈ ਏ) ਵੱਲੋਂ ਕਾਬੂ ਕੀਤਾ ਗਿਆ ਸੀ। ਇਹ ਸਾਰੇ ਤੱਥ ਦਰਸਾਉਂਦੇ ਹਨ ਕਿ ਇਨ੍ਹਾਂ ਗੈਂਗਸਟਰਾਂ ਦਾ ਦਾਇਰਾ ਹੁਣ ਸਿਰਫ਼ ਸੂਬਿਆਂ ਦੀਆਂ ਹੱਦਾਂ ਤੱਕ ਹੀ ਸੀਮਿਤ ਨਹੀਂ ਰਿਹਾ ਸਗੋਂ ਇਹ ਕੌਮਾਂਤਰੀ ਪੱਧਰ ’ਤੇ ਆਪਣੇ ਜਾਲ ਫੈਲਾਈ ਬੈਠੇ ਹਨ।

ਟਾਈਗਰ ਸ਼ਰੌਫ ਵਾਲੀ ਘਟਨਾ ਜਨਤਕ ਸੁਰੱਖਿਆ ਬਾਰੇ ਵੀ ਸਵਾਲ ਖੜ੍ਹੇ ਕਰਦੀ ਹੈ। ਜੇਕਰ ਹਮਲਾਵਰ ਮੁੰਬਈ ਦੇ ਕਿਸੇ ਭੀੜ-ਭੜੱਕੇ ਵਾਲੇ ਇਲਾਕੇ ਵਿੱਚ ਕਿਸੇ ਮਸ਼ਹੂਰ ਹਸਤੀ ’ਤੇ ਗੋਲੀਬਾਰੀ ਕਰ ਸਕਣ ਅਤੇ ਸੂਬੇ ਦੀਆਂ ਸਰਹੱਦਾਂ ਪਾਰ ਕਰਕੇ ਭੱਜਣ ਵਿੱਚ ਕਾਮਯਾਬ ਹੋ ਜਾਣ ਤਾਂ ਖ਼ੁਫ਼ੀਆ ਜਾਣਕਾਰੀ ਸਾਂਝੀ ਕਰਨ ਅਤੇ ਅਪਰਾਧਾਂ ਦੀ ਰੋਕਥਾਮ ਕਰਨ ਸਬੰਧੀ ਪੁਲੀਸ ਦੀ ਕਾਰਗੁਜ਼ਾਰੀ ’ਤੇ ਸਵਾਲੀਆ ਨਿਸ਼ਾਨ ਲੱਗਣਾ ਲਾਜ਼ਮੀ ਹੈ। ਅਪਰਾਧਿਕ ਨੈੱਟਵਰਕਾਂ ਨੂੰ ਕਾਨੂੰਨੀ ਦਾਇਰੇ ਦੀਆਂ ਕਮਜ਼ੋਰੀਆਂ ਦਾ ਫ਼ਾਇਦਾ ਉਠਾਉਣ ਤੋਂ ਰੋਕਣ ਲਈ ਲਗਾਤਾਰ ਅੰਤਰ-ਰਾਜੀ ਸਹਿਯੋਗ ਬਹੁਤ ਜ਼ਰੂਰੀ ਹੈ। ਕੌਮਾਂਤਰੀ ਤਾਲਮੇਲ ਵੀ ਓਨਾ ਹੀ ਅਹਿਮ ਹੈ ਕਿਉਂਕਿ ਅਪਰਾਧਿਕ ਸਿੰਡੀਕੇਟ ਬਿਨਾਂ ਕਿਸੇ ਡਰ ਜਾਂ ਕਾਨੂੰਨ ਦੇ ਖ਼ੌਫ਼ ਤੋਂ ਸਰਹੱਦਾਂ ਤੋਂ ਪਾਰ ਆਪਣੇ ਅੱਡੇ ਚਲਾ ਰਹੇ ਹਨ। ਬੌਲੀਵੁੱਡ ਸਿਤਾਰਿਆਂ ਅਤੇ ਹੋਰ ਵੀ ਆਈ ਪੀਜ਼ ਨੂੰ ਸੁਰੱਖਿਆ ਮਿਲਣੀ ਚਾਹੀਦੀ ਹੈ, ਪਰ ਹਰ ਆਮ ਨਾਗਰਿਕ ਵੀ ਇਸੇ ਤਰ੍ਹਾਂ ਸੁਰੱਖਿਆ ਦਾ ਹੱਕਦਾਰ ਹੈ। ਹੁਣ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਨ੍ਹਾਂ ਗੈਂਗਜ਼ ਦਾ ਲੱਕ ਤੋੜੇ, ਜੋ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਖੁੱਲ੍ਹੇਆਮ ਚੁਣੌਤੀ ਦੇ ਰਹੇ ਹਨ।

ਪੰਜਾਬ • ਮਾਨਸਾ

## ਮਾਨਸਾ ਪਹੁੰਚੇ ਸਿੱਧੂ ਮੂਸੇਵਾਲਾ ਦੇ ਪਿਤਾ

ਮਾਨਸਾ, 20 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)- ਪਰਵਿੰਦਰ ਸਿੰਘ ਝੋਟਾ ਦੇ ਇਨਸਾਫ ਮੋਰਚੇ ਦੇ ਵਿਚ ਮਰਹੂਮ ਗਾਇਕ ਸ਼ੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਪਹੁੰਚ ਕੇ ਪੰਜਾਬ ਸਰਕਾਰ ’ਤੇ ਵੱਡੇ ਸਵਾਲ ਖੜ੍ਹੇ ਕੀਤੇ ਹਨ।

ਮਾਨਸਾ ਪਹੁੰਚੇ ਸਿੱਧੂ ਮੂਸੇਵਾਲਾ ਦੇ ਪਿਤਾ (ਜਾਰੀ)

ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸੀ.ਬੀ.ਆਈ. ਜਾਂਚ ਕਰਵਾਉਣ ਦੇ ਦਿੱਤੇ ਟਵੀਟ ’ਤੇ ਬੋਲਦੇ ਹੋਏ ਕਿਹਾ ਕਿ ਜਦੋਂ ਗ੍ਰਹਿ ਮੰਤਰੀ ਅਮਿਤ ਸ਼ਾਹ ਮਾਨਸਾ ਆ ਰਹੇ ਹਨ ਤਾਂ ਉਸ ਤੋਂ ਪਹਿਲਾਂ ਮੁੱਖ ਮੰਤਰੀ ਸੀ.ਬੀ.ਆਈ. ਜਾਂਚ ਕਰਾਉਣ ਦੀ ਗੱਲ ਕਹਿ ਰਿਹਾ ਹੈ। ਇਸ ਤੋਂ ਪਹਿਲਾਂ ਇਕ ਹਫ਼ਤਾ ਬੀਤ ਚੁੱਕਿਆ ਹੈ। ਮੁੱਖ ਮੰਤਰੀ ਨੇ ਕਿਉਂ ਨਹੀਂ ਸੀ.ਬੀ.ਆਈ. ਜਾਂਚ ਕਰਵਾਉਣ ਦੀ ਗੱਲ ਕਹੀ। ਉਨ੍ਹਾਂ ਕਿਹਾ ਕਿ ਡਰੱਗ ਮਾਫੀਆ ਦੇ ਪਿੱਛੇ ਹੋਰ ਕੌਣ ਲੋਕ ਹਨ, ਕਿਉਂਕਿ ਪਰਵਿੰਦਰ ਸਿੰਘ ਝੋਟੇ ਵਲੋਂ ਨਸ਼ੇ ਦੇ ਖਿਲਾਫ਼ ਆਵਾਜ਼ ਉਠਾਈ ਜਾਂਦੀ ਸੀ, ਇਸ ਪਿੱਛੇ ਰਾਜਨੀਤਕ ਲੋਕ ਨੇ ਜਾਂ ਕੋਈ ਹੋਰ ਹੈ ਤਾਂ ਇਸ ਦੀ ਵੀ ਪੂਰੀ ਜਾਂਚ ਹੋਣੀ ਚਾਹੀਦੀ ਹੈ। ਇਸ ਦੌਰਾਨ ਉਨ੍ਹਾਂ ’ਤੇ ਗੱਲ ਕਰਦੇ ਹੋਏ ਕਿਹਾ ਕਿ 2026 ਆ ਗਿਆ ਹੈ ਨਾ ਤਾਂ ਗੈਂਗਸਟਰਵਾਦ ਖ਼ਤਮ ਹੋਇਆ ਹੈ ਅਤੇ ਨਾ ਹੀ ਨਸ਼ਾ ਖਤਮ ਹੋਇਆ ਹੈ, ਕਿਉਂਕਿ ਅੱਜ ਵੀ ਨਸ਼ੇ ਦੇ ਕਾਰਨ ਸਾਡੇ ਨੌਜਵਾਨ ਪਰਵਿੰਦਰ ਸਿੰਘ ਝੋਟੇ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਹੈ।

ਪੰਜਾਬ

## ਰਾਜਬੀਰ ਘੁੰਮਣ ਤੋਂ ਸੀਬੀਆਈ ਦੀ ਲੰਮੀ ਪੁੱਛਗਿੱਛ, ਹੁਣ ਅੱਗੇ ਕੀ?

ਕਥਿਤ ਭ੍ਰਿਸ਼ਟਾਚਾਰ ਮਾਮਲੇ ਵਿੱਚ ਸੀਬੀਆਈ ਨੇ ਰਾਜਬੀਰ ਘੁੰਮਣ ਤੋਂ ਕਰੀਬ ਪੰਜ ਘੰਟੇ ਪੁੱਛਗਿੱਛ ਕੀਤੀ ਅਤੇ ਲਗਭਗ 40 ਸਵਾਲ ਪੁੱਛੇ ਜਾਣ ਦੀ ਜਾਣਕਾਰੀ ਹੈ। ਹੁਣ 22 ਅਕਤੂਬਰ ਨੂੰ ਮੁੜ ਸੱਦਿਆ ਗਿਆ ਹੈ। ਜਾਂਚ ਦਾ ਅਗਲਾ ਪੜਾਅ ਕੀ ਮੋੜ ਲਿਆਵੇਗਾ?

ਕਥਿਤ ਭ੍ਰਿਸ਼ਟਾਚਾਰ ਮਾਮਲੇ ਬਾਰੇ ਰਾਜਬੀਰ ਘੁੰਮਣ ਦੀ ਸੀਬੀਆਈ ਅੱਗੇ ਹੋਈ ਪੇਸ਼ੀ ਬਾਰੇ ਉਹਨਾਂ ਖੁਦ ਦੱਸਿਆ। ਕੇਂਦਰੀ ਜਾਂਚ ਬਿਊਰੋ ਨੇ ਉਨ੍ਹਾਂ ਤੋਂ ਚੰਡੀਗੜ੍ਹ ਸਥਿਤ ਦਫ਼ਤਰ ਵਿੱਚ ਕਰੀਬ ਪੰਜ ਘੰਟੇ ਪੁੱਛਗਿੱਛ ਕੀਤੀ। ਇਸ ਦੌਰਾਨ ਜਾਂਚ ਅਧਿਕਾਰੀਆਂ ਵੱਲੋਂ ਲਗਭਗ 40 ਸਵਾਲ ਪੁੱਛੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਹੈ। ਹੁਣ ਏਜੰਸੀ ਨੇ ਉਨ੍ਹਾਂ ਨੂੰ 22 ਅਕਤੂਬਰ ਨੂੰ ਮੁੜ ਪੁੱਛਗਿੱਛ ਲਈ ਬੁਲਾਇਆ ਹੈ।

ਇਸ ਮਾਮਲੇ ਦੀ ਜਾਂਚ ਦੌਰਾਨ ਸੀਬੀਆਈ ਵੱਲੋਂ ਰਾਜਬੀਰ ਘੁੰਮਣ ਤੋਂ ਲਗਾਤਾਰ ਸਵਾਲ-ਜਵਾਬ ਕੀਤੇ ਜਾ ਰਹੇ ਹਨ। ਜਾਂਚ ਏਜੰਸੀ ਇਹ ਜਾਣਨ ਦੀ ਕੋਸ਼ਿਸ਼ ਕਰ ਰਹੀ ਹੈ ਕਿ ਕਥਿਤ ਭ੍ਰਿਸ਼ਟਾਚਾਰ ਨਾਲ ਜੁੜੇ ਮਾਮਲੇ ਵਿੱਚ ਉਨ੍ਹਾਂ ਦੀ ਕੀ ਭੂਮਿਕਾ ਰਹੀ ਅਤੇ ਇਸ ਸਬੰਧੀ ਹੋਰ ਕਿਹੜੇ ਤੱਥ ਸਾਹਮਣੇ ਆਉਂਦੇ ਹਨ। ਹਾਲਾਂਕਿ, ਪੁੱਛੇ ਗਏ ਸਵਾਲਾਂ ਦੇ ਵਿਸਥਾਰਪੂਰਵਕ ਵੇਰਵੇ ਜਨਤਕ ਨਹੀਂ ਹੋਏ ਹਨ।

ਇਸ ਤੋਂ ਪਹਿਲਾਂ ਵੀ ਰਾਜਬੀਰ ਘੁੰਮਣ ਸੀਬੀਆਈ ਸਾਹਮਣੇ ਪੇਸ਼ ਹੋਏ ਸਨ। ਬੀਤੇ ਸ਼ੁੱਕਰਵਾਰ ਨੂੰ ਹੋਈ ਉਸ ਪੁੱਛਗਿੱਛ ਦੌਰਾਨ ਉਨ੍ਹਾਂ ਤੋਂ ਕਰੀਬ ਛੇ ਘੰਟੇ ਤੱਕ ਸਵਾਲ ਕੀਤੇ ਗਏ ਸਨ। ਹੁਣ ਦੂਜੀ ਵਾਰ ਪੁੱਛਗਿੱਛ ਲਈ ਬੁਲਾਏ ਜਾਣ ਤੋਂ ਬਾਅਦ ਮਾਮਲੇ ਦੀ ਜਾਂਚ ਨੇ ਮੁੜ ਧਿਆਨ ਖਿੱਚਿਆ ਹੈ।

ਜਾਂਚ ਦਾ ਘੇਰਾ ਸਿਰਫ਼ ਰਾਜਬੀਰ ਘੁੰਮਣ ਤੱਕ ਸੀਮਤ ਨਹੀਂ ਹੈ। ਉਨ੍ਹਾਂ ਦੇ ਕਰੀਬੀ ਮੰਨੇ ਜਾਂਦੇ ਨਿਤਿਨ ਗੋਹਲ ਅਤੇ ਬੀਰ ਦਵਿੰਦਰ ਸਿੰਘ ਤੋਂ ਵੀ ਸੀਬੀਆਈ ਪੁੱਛਗਿੱਛ ਕਰ ਚੁੱਕੀ ਹੈ। ਇਨ੍ਹਾਂ ਦੋਵਾਂ ਤੋਂ ਕੀਤੀ ਗਈ ਪੁੱਛਗਿੱਛ ਨੂੰ ਵੀ ਮਾਮਲੇ ਦੀ ਜਾਂਚ ਦਾ ਅਹਿਮ ਹਿੱਸਾ ਮੰਨਿਆ ਜਾ ਰਿਹਾ ਹੈ।

ਜਾਣਕਾਰੀ ਅਨੁਸਾਰ, ਨਿਤਿਨ ਗੋਹਲ ਅਤੇ ਬੀਰ ਦਵਿੰਦਰ ਸਿੰਘ ਐਤਵਾਰ ਸਵੇਰੇ ਲਗਭਗ 11:30 ਵਜੇ ਸੀਬੀਆਈ ਦਫ਼ਤਰ ਪਹੁੰਚੇ ਸਨ। ਉੱਥੇ ਦੋਵਾਂ ਤੋਂ ਕਰੀਬ 10 ਘੰਟਿਆਂ ਤੱਕ ਪੁੱਛਗਿੱਛ ਕੀਤੀ ਗਈ। ਪੁੱਛਗਿੱਛ ਦੀ ਇਹ ਲੰਮੀ ਮਿਆਦ ਦਰਸਾਉਂਦੀ ਹੈ ਕਿ ਜਾਂਚ ਅਧਿਕਾਰੀ ਮਾਮਲੇ ਨਾਲ ਜੁੜੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਇਕੱਠੀ ਕਰ ਰਹੇ ਹਨ, ਹਾਲਾਂਕਿ ਇਸ ਤੋਂ ਕਿਸੇ ਦੀ ਦੋਸ਼ੀ ਹੋਣ ਦੀ ਪੁਸ਼ਟੀ ਨਹੀਂ ਹੁੰਦੀ।

ਹੁਣ ਜਾਂਚ ਵਿੱਚ ਅਗਲਾ ਅਹਿਮ ਪੜਾਅ 22 ਅਕਤੂਬਰ ਨੂੰ ਹੋਣ ਵਾਲੀ ਪੁੱਛਗਿੱਛ ਹੋਵੇਗੀ। ਸੀਬੀਆਈ ਵੱਲੋਂ ਰਾਜਬੀਰ ਘੁੰਮਣ ਨੂੰ ਮੁੜ ਬੁਲਾਉਣ ਦਾ ਮਕਸਦ ਪਹਿਲਾਂ ਮਿਲੇ ਜਵਾਬਾਂ ਬਾਰੇ ਹੋਰ ਸਪੱਸ਼ਟੀਕਰਨ ਲੈਣਾ ਜਾਂ ਜਾਂਚ ਨਾਲ ਜੁੜੇ ਨਵੇਂ ਸਵਾਲਾਂ ਦੇ ਜਵਾਬ ਹਾਸਲ ਕਰਨਾ ਹੋ ਸਕਦਾ ਹੈ। ਹਾਲਾਂਕਿ, ਏਜੰਸੀ ਨੇ ਪੁੱਛਗਿੱਛ ਦੇ ਖ਼ਾਸ ਮੁੱਦਿਆਂ ਬਾਰੇ ਵਿਸਥਾਰਤ ਜਾਣਕਾਰੀ ਨਹੀਂ ਦਿੱਤੀ।

ਕਥਿਤ ਭ੍ਰਿਸ਼ਟਾਚਾਰ ਦੇ ਇਸ ਮਾਮਲੇ ਵਿੱਚ ਹੁਣ ਤੱਕ ਹੋਈ ਪੁੱਛਗਿੱਛ ਅਤੇ ਵੱਖ-ਵੱਖ ਵਿਅਕਤੀਆਂ ਨੂੰ ਬੁਲਾਏ ਜਾਣ ਕਾਰਨ ਜਾਂਚ ਦੀ ਦਿਸ਼ਾ ਬਾਰੇ ਚਰਚਾ ਤੇਜ਼ ਹੋ ਗਈ ਹੈ। ਫਿਰ ਵੀ, ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਹੀ ਕਿਸੇ ਨਤੀਜੇ 'ਤੇ ਪਹੁੰਚਿਆ ਜਾ ਸਕਦਾ ਹੈ।

ਫਿਲਹਾਲ, ਸਾਰਿਆਂ ਦੀ ਨਜ਼ਰ 22 ਅਕਤੂਬਰ ਨੂੰ ਹੋਣ ਵਾਲੀ ਪੁੱਛਗਿੱਛ 'ਤੇ ਟਿਕੀ ਹੋਈ ਹੈ। ਇਹ ਦੇਖਣਾ ਅਹਿਮ ਹੋਵੇਗਾ ਕਿ ਸੀਬੀਆਈ ਦੇ ਅਗਲੇ ਸਵਾਲਾਂ ਦੌਰਾਨ ਕਿਹੜੇ ਨਵੇਂ ਤੱਥ ਸਾਹਮਣੇ ਆਉਂਦੇ ਹਨ ਅਤੇ ਜਾਂਚ ਕਿਸ ਦਿਸ਼ਾ ਵਿੱਚ ਅੱਗੇ ਵਧਦੀ ਹੈ। ਜਦੋਂ ਤੱਕ ਜਾਂਚ ਦੇ ਨਤੀਜੇ ਸਾਹਮਣੇ ਨਹੀਂ ਆਉਂਦੇ, ਇਸ ਮਾਮਲੇ ਨੂੰ ਕਥਿਤ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੇ ਸੰਦਰਭ ਵਿੱਚ ਹੀ ਦੇਖਿਆ ਜਾਣਾ ਚਾਹੀਦਾ ਹੈ।

ਪੰਜਾਬ

## ਵਿਜਯਾਦਸ਼ਮੀ ‘ਤੇ ਮੁੱਖ ਮੰਤਰੀ ਯੋਗੀ , ਅਖਿਲੇਸ਼ ਯਾਦਵ ਤੇ ਮਾਇਆਵਤੀ ਨੇ ਲੋਕਾਂ ਨੂੰ ਦਿੱਤੀਆਂ ਵਧਾਈਆਂ

ਲਖਨਊ: ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ, ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਅਤੇ ਬਹੁਜਨ ਸਮਾਜ ਪਾਰਟੀ ਦੀ ਮੁਖੀ ਮਾਇਆਵਤੀ ਨੇ ਅੱਜ, ਮੰਗਲਵਾਰ ਨੂੰ ਵਿਜੇਦਸ਼ਮੀ ਦੇ ਮੌਕੇ ‘ਤੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਸੱਚਾਈ ਅਤੇ ਨੈਤਿਕਤਾ ਦੇ ਮਾਰਗ ‘ਤੇ ਚੱਲਣ ਦਾ ਸੰਦੇਸ਼ ਦਿੱਤਾ। ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ‘ਐਕਸ’ ‘ਤੇ ਇਕ ਸੰਦੇਸ਼ ਵਿਚ ਰਾਜ ਦੇ ਲੋਕਾਂ ਅਤੇ ਸ਼ਰਧਾਲੂਆਂ ਨੂੰ ਵਿਜਯਾਦਸ਼ਮੀ ਦੀ ਵਧਾਈ ਦਿੱਤੀ।

ਵਿਜਯਾਦਸ਼ਮੀ ‘ਤੇ ਮੁੱਖ ਮੰਤਰੀ ਯੋਗੀ , ਅਖਿਲੇਸ਼ ਯਾਦਵ ਤੇ ਮਾਇਆਵਤੀ ਨੇ ਲੋਕਾਂ ਨੂੰ ਦਿੱਤੀਆਂ ਵਧਾਈਆਂ (ਜਾਰੀ)

ਉਨ੍ਹਾਂ ਨੇ ਕਿਹਾ, ਮਰਿਯਾਦਾ ਪੁਰਸ਼ੋਤਮ ਪ੍ਰਭੂ ਸ਼੍ਰੀ ਰਾਮ ਦੇ ਆਦਰਸ਼ਾਂ ਅਤੇ ਜੀਵਨ ਮੁੱਲਾਂ ਦੀ ਯਾਦ ਦਿਵਾਉਣ ਵਾਲੇ ਪਵਿੱਤਰ ਤਿਉਹਾਰ ਵਿਜੇਦਸ਼ਮੀ ਦੇ ਮੌਕੇ ‘ਤੇ ਰਾਜ ਦੇ ਸਾਰੇ ਲੋਕਾਂ ਅਤੇ ਸ਼ਰਧਾਲੂਆਂ ਨੂੰ ਹਾਰਦਿਕ ਵਧਾਈਆਂ ਅਤੇ ਸ਼ੁੱਭਕਾਮਨਾਵਾਂ।

ਆਦਿਤਿਆਨਾਥ ਨੇ ਕਿਹਾ, “ਇਹ ਤਿਉਹਾਰ ਸਾਨੂੰ ਹਉਮੈ ਅਤੇ ਨਕਾਰਾਤਮਕਤਾ ਨੂੰ ਤਿਆਗ ਕੇ ਸੱਚਾਈ, ਨੈਤਿਕਤਾ ਅਤੇ ਲੋਕ ਭਲਾਈ ਦੇ ਮਾਰਗ ‘ਤੇ ਚੱਲਣ ਲਈ ਪ੍ਰੇਰਿਤ ਕਰਦਾ ਹੈ।” ਉਨ੍ਹਾਂ ਨੇ ਭਗਵਾਨ ਸ਼੍ਰੀ ਰਾਮ ਅੱਗੇ ਸਾਰਿਆਂ ਦੇ ਜੀਵਨ ਵਿੱਚ ਸੁੱਖ, ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਨੇ ਵੀ ‘ਐਕਸ’ ‘ਤੇ ਇਕ ਸੰਦੇਸ਼ ਸਾਂਝਾ ਕੀਤਾ ਅਤੇ ਭਗਵਾਨ ਰਾਮ ਦੇ ਸਮਾਨਤਾਵਾਦੀ ਅਤੇ ਲੋਕ ਕਲਿਆਣਕਾਰੀ ਸੁਭਾਅ ਦਾ ਵਰਣਨ ਕੀਤਾ।

ਇਸ ਦੇ ਨਾਲ ਹੀ ਬਹੁਜਨ ਸਮਾਜ ਪਾਰਟੀ ਦੀ ਮੁਖੀ ਮਾਇਆਵਤੀ ਨੇ ਉੱਤਰ ਪ੍ਰਦੇਸ਼ ਸਮੇਤ ਪੂਰੇ ਦੇਸ਼ ਦੇ ਲੋਕਾਂ ਨੂੰ ਦੁਸਹਿਰੇ ਦੀ ਸ਼ੁਭਕਾਮਨਾਵਾਂ ਦਿੰਦੇ ਹੋਏ ਸਾਰਿਆਂ ਦੀ ਜ਼ਿੰਦਗੀ ‘ਚ ਸੁੱਖ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ ਹੈ। ਮਾਇਆਵਤੀ ਨੇ ‘ਐਕਸ’ ‘ਤੇ ਲਿਖਿਆ, ”ਦੁਸਹਿਰੇ ਦੇ ਤਿਉਹਾਰ ਦੇ ਮੌਕੇ ‘ਤੇ ਉੱਤਰ ਪ੍ਰਦੇਸ਼ ਸਮੇਤ ਸਾਰੇ ਦੇਸ਼ਵਾਸੀਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ। ਅੱਜ ਦੇ ਦਿਹਾੜੇ ‘ਤੇ ਸਭ ਦਾ ਜੀਵਨ ਖੁਸ਼ੀਆਂ-ਸ਼ਾਂਤੀ ਨਾਲ ਭਰਿਆ ਰਹੇ, ਕੁਦਰਤ ਤੋਂ ਇਹੀ ਕਾਮਨਾ ਹੈ।

ਪੰਜਾਬ

## ਝੋਟਾ ਇਨਸਾਫ਼ ਮੋਰਚੇ ‘ਚ ਪਹੁੰਚੇ ਬਲਕੌਰ ਸਿੰਘ, ਬੋਲੇ- ਇੱਕ ਝੋਟੇ ਨੂੰ ਇਨਸਾਫ਼ ਨਹੀਂ ਮਿਲਿਆ, ਦੂਜੇ ਨੂੰ ਕੀ ਉਮੀਦ ਰੱਖਣੀ ਚਾਹੀਦੀ

ਬਲਕੌਰ ਸਿੰਘ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਲਗਾਤਾਰ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾ ਰਹੇ ਸਨ। ਇਸ ਲਈ ਇਹ ਵੀ ਜਾਂਚ ਹੋਣੀ ਚਾਹੀਦੀ ਹੈ ਕਿ ਨਸ਼ਾ ਮਾਫ਼ੀਆ ਦੇ ਪਿੱਛੇ ਕੌਣ ਲੋਕ ਹਨ ਤੇ ਇਸ ਮਾਮਲੇ 'ਚ ਕਿਸੇ ਸਿਆਸੀ ਵਿਅਕਤੀ ਦੀ ਸ਼ਮੂਲੀਅਤ ਤਾਂ ਨਹੀਂ। ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਸਾਰੇ ਪਹਿਲੂਆਂ ਨੂੰ ਧਿਆਨ 'ਚ ਰੱਖਿਆ ਜਾਣਾ ਚਾਹੀਦਾ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਤੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾ ਸਕੇ।

ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਪਰਵਿੰਦਰ ਸਿੰਘ ਝੋਟਾ ਦੇ ਇਨਸਾਫ਼ ਮੋਰਚੇ ‘ਚ ਪਹੁੰਚੇ। ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਜਦੋਂ ਪਹਿਲਾਂ ਇੱਕ ਝੋਟੇ ਨੂੰ ਮਾਰ ਦਿੱਤਾ ਗਿਆ ਤੇ ਉਸ ਨੂੰ ਇਨਸਾਫ਼ ਨਹੀਂ ਮਿਲਿਆ, ਤਾਂ ਹੁਣ ਦੂਜੇ ਝੋਟੇ ਦੇ ਪਰਿਵਾਰ ਨੂੰ ਸਰਕਾਰ ਤੋਂ ਇਨਸਾਫ਼ ਦੀ ਕੀ ਉਮੀਦ ਰੱਖਣੀ ਚਾਹੀਦੀ ਹੈ।

ਵਿਦੇਸ਼ ‘ਚ ਸਿੱਧੂ ਮੂਸੇਵਾਲਾ ਦੇ ਹੋਲੋਗ੍ਰਾਮ ਸ਼ੋਅ ਨੂੰ ਰੱਦ ਕਰਕੇ ਮਾਨਸਾ ਪਹੁੰਚੇ ਬਲਕੌਰ ਸਿੰਘ ਨੇ ਕਿਹਾ ਕਿ ਪੰਜਾਬ ‘ਚ ਹਰ ਰੋਜ਼ ਸਾਡੇ ਪੁੱਤਾਂ ਤੇ ਧੀਆਂ ਦੇ ਕਤਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦਾ ਪਰਿਵਾਰ ਇਨਸਾਫ਼ ਦੀ ਮੰਗ ਕਰ ਰਿਹਾ ਹੈ ਤੇ ਸਰਕਾਰ ਨੂੰ ਇਸ ਮਾਮਲੇ ‘ਚ ਗੰਭੀਰਤਾ ਨਾਲ ਕਾਰਵਾਈ ਕਰਨੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਜਦੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਮਾਨਸਾ ਆ ਰਹੇ ਹਨ, ਉਸ ਤੋਂ ਪਹਿਲਾਂ ਮੁੱਖ ਮੰਤਰੀ ਵੱਲੋਂ ਸੀਬੀਆਈ ਜਾਂਚ ਦੀ ਗੱਲ ਕੀਤੀ ਜਾ ਰਹੀ ਹੈ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਇਸ ਘਟਨਾ ਨੂੰ ਇੱਕ ਹਫ਼ਤਾ ਬੀਤ ਚੁੱਕਾ ਸੀ, ਤਾਂ ਮੁੱਖ ਮੰਤਰੀ ਨੇ ਪਹਿਲਾਂ ਹੀ ਸੀਬੀਆਈ ਜਾਂਚ ਦੀ ਮੰਗ ਕਿਉਂ ਨਹੀਂ ਕੀਤੀ? ਉਨ੍ਹਾਂ ਕਿਹਾ ਕਿ ਪਰਿਵਾਰ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ ਤੇ ਮਾਮਲੇ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ।

ਬਲਕੌਰ ਸਿੰਘ ਨੇ ਕਿਹਾ ਕਿ ਸਾਲ 2026 ਆ ਗਿਆ ਹੈ, ਪਰ ਪੰਜਾਬ ‘ਚ ਨਾ ਤਾਂ ਗੈਂਗਸਟਰਵਾਦ ਖ਼ਤਮ ਹੋਇਆ ਹੈ ਤੇ ਨਾ ਹੀ ਨਸ਼ਿਆਂ ਦੀ ਸਮੱਸਿਆ ਤੇ ਪੂਰੀ ਤਰ੍ਹਾਂ ਕਾਬੂ ਪਾਇਆ ਜਾ ਸਕਿਆ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਅੱਜ ਵੀ ਪੰਜਾਬ ਦੇ ਨੌਜਵਾਨ ਆਪਣੀਆਂ ਜਾਨਾਂ ਗੁਆ ਰਹੇ ਹਨ।

ਉਨ੍ਹਾਂ ਅਨੁਸਾਰ, ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਮੌਤ ਨੇ ਕਈ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ ਤੇ ਪਰਿਵਾਰ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ‘ਚ ਇਨਸਾਫ਼ ਦੀ ਮੰਗ ਨੂੰ ਲੈ ਕੇ ਮਾਨਸਾ ‘ਚ ਪਰਿਵਾਰ ਤੇ ਸਮਰਥਕਾਂ ਵੱਲੋਂ ਧਰਨਾ ਦਿੱਤਾ ਜਾ ਰਿਹਾ ਹੈ। ਪਰਿਵਾਰ ਦੀ ਮੁੱਖ ਮੰਗ ਇਸ ਮਾਮਲੇ ਦੀ ਸੀਬੀਆਈ ਜਾਂਚ ਕਰਵਾਉਣ ਦੀ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਪਰਿਵਾਰ ਦੀ ਮੰਗ ਨੂੰ ਪ੍ਰਵਾਨ ਕਰਦਿਆਂ ਕੇਸ ਸੀਬੀਆਈ ਨੂੰ ਸੌਂਪਣ ਦਾ ਐਲਾਨ ਕੀਤਾ ਹੈ। ਹੁਣ ਇਸ ਮਾਮਲੇ ‘ਚ ਅਗਲੀ ਅਧਿਕਾਰਤ ਕਾਰਵਾਈ ਤੇ ਨਜ਼ਰ ਰਹੇਗੀ।

ਪੰਜਾਬ

## ਤਾਮਿਲਨਾਡੂ ਸਰਕਾਰ ਦਾ ਵੱਡਾ ਐਲਾਨ, ਪੇਂਡੂ ਮਜ਼ਦੂਰਾਂ ਨੂੰ ਮਿਲੇਗਾ ਵਾਧੂ ਕੰਮ

ਤਾਮਿਲਨਾਡੂ: ਤਾਮਿਲਨਾਡੂ ਦੀ ਮੁੱਖ ਮੰਤਰੀ ਸੀ. ਜੋਸਫ ਵਿਜੇ ਦੀ ਸਰਕਾਰ ਨੇ ਪੇਂਡੂ ਖੇਤਰਾਂ ਵਿੱਚ ਰੁਜ਼ਗਾਰ ਦੇ ਮੌਕੇ ਵਧਾਉਣ ਲਈ ਅਹਿਮ ਫੈਸਲਾ ਲਿਆ ਹੈ। ਯੋਜਨਾ ਤਹਿਤ 125 ਦਿਨਾਂ ਦਾ ਰੁਜ਼ਗਾਰ ਪੂਰਾ ਕਰਨ ਵਾਲੇ ਯੋਗ ਪੇਂਡੂ ਪਰਿਵਾਰਾਂ ਨੂੰ ਸੂਬਾ ਸਰਕਾਰ ਵੱਲੋਂ 25 ਦਿਨ ਦਾ ਵਾਧੂ ਤਨਖ਼ਾਹ ਵਾਲਾ ਕੰਮ ਦਿੱਤਾ ਜਾਵੇਗਾ। ਇਸ ਤਰ੍ਹਾਂ ਯੋਗ ਪਰਿਵਾਰਾਂ ਨੂੰ ਇੱਕ ਸਾਲ ਵਿੱਚ ਕੁੱਲ 150 ਦਿਨ ਰੁਜ਼ਗਾਰ ਮੁਹੱਈਆ ਕਰਵਾਉਣ ਦੀ ਵਿਵਸਥਾ ਕੀਤੀ ਗਈ ਹੈ।

ਤਾਮਿਲਨਾਡੂ ਸਰਕਾਰ ਦਾ ਵੱਡਾ ਐਲਾਨ, ਪੇਂਡੂ ਮਜ਼ਦੂਰਾਂ ਨੂੰ ਮਿਲੇਗਾ ਵਾਧੂ ਕੰਮ (ਜਾਰੀ)

ਅਧਿਕਾਰਤ ਜਾਣਕਾਰੀ ਮੁਤਾਬਕ, ਮਨਰੇਗਾ ਕਾਨੂੰਨ ਦੀ ਥਾਂ ਕੇਂਦਰ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ‘ਵਿਕਸਿਤ ਭਾਰਤ-ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ (ਗ੍ਰਾਮੀਣ)’ ਯੋਜਨਾ ਤਾਮਿਲਨਾਡੂ ਵਿੱਚ 1 ਜੁਲਾਈ 2026 ਤੋਂ ਲਾਗੂ ਕੀਤੀ ਗਈ ਸੀ। ਇਸ ਤਹਿਤ ਯੋਗ ਪੇਂਡੂ ਪਰਿਵਾਰਾਂ ਲਈ ਇੱਕ ਵਿੱਤੀ ਸਾਲ ਵਿੱਚ 125 ਦਿਨਾਂ ਦੇ ਮਜ਼ਦੂਰੀ ਵਾਲੇ ਰੁਜ਼ਗਾਰ ਦੀ ਗਾਰੰਟੀ ਦਿੱਤੀ ਗਈ ਹੈ। ਹੁਣ ਸੂਬਾ ਸਰਕਾਰ ਨੇ ਇਸ ਤੋਂ ਇਲਾਵਾ 25 ਦਿਨ ਦਾ ਹੋਰ ਕੰਮ ਦੇਣ ਦੀ ਮਨਜ਼ੂਰੀ ਦਿੱਤੀ ਹੈ। ਇਸ ਦਾ ਖਰਚਾ ਸੂਬੇ ਦੇ ਖ਼ਜ਼ਾਨੇ ਵਿੱਚੋਂ ਕੀਤਾ ਜਾਵੇਗਾ।

ਮੁੱਖ ਮੰਤਰੀ ਵਿਜੇ ਨੇ ਅਧਿਕਾਰੀਆਂ ਨੂੰ ਸਾਲ ਵਿੱਚ 150 ਦਿਨ ਤੱਕ ਰੁਜ਼ਗਾਰ ਸਹਾਇਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਪੇਂਡੂ ਵਿਕਾਸ ਅਤੇ ਪੰਚਾਇਤੀ ਰਾਜ ਵਿਭਾਗ ਨੇ ਇਸ ਸਬੰਧੀ ਪ੍ਰਸ਼ਾਸਕੀ ਮਨਜ਼ੂਰੀ ਜਾਰੀ ਕੀਤੀ ਹੈ।

ਵਾਧੂ 25 ਦਿਨਾਂ ਦੇ ਰੁਜ਼ਗਾਰ ਵਿੱਚ ਉਨ੍ਹਾਂ ਪਰਿਵਾਰਾਂ ਨੂੰ ਪਹਿਲ ਦਿੱਤੀ ਜਾਵੇਗੀ, ਜਿਨ੍ਹਾਂ ਦੀ ਮੁਖੀ ਔਰਤ ਹੈ। ਇਸ ਤੋਂ ਇਲਾਵਾ ਇਕੱਲੀਆਂ ਔਰਤਾਂ, ਦਿਵਿਆਂਗ ਮੈਂਬਰਾਂ ਵਾਲੇ ਪਰਿਵਾਰਾਂ, ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ ਨਾਲ ਸਬੰਧਤ ਪਰਿਵਾਰਾਂ ਨੂੰ ਵੀ ਤਰਜੀਹ ਦਿੱਤੀ ਜਾਵੇਗੀ। ਜੰਗਲਾਤ ਅਧਿਕਾਰ ਕਾਨੂੰਨ, 2006 ਤਹਿਤ ਲਾਭ ਪ੍ਰਾਪਤ ਕਰਨ ਵਾਲੇ ਯੋਗ ਪਰਿਵਾਰ ਵੀ ਇਸ ਸਹੂਲਤ ਦੇ ਹੱਕਦਾਰਾਂ ਵਿੱਚ ਸ਼ਾਮਲ ਹੋਣਗੇ।

ਵਿਭਾਗ ਵੱਲੋਂ ਜਾਰੀ ਹੁਕਮਾਂ ਅਨੁਸਾਰ, ਪੇਂਡੂ ਵਿਕਾਸ ਅਤੇ ਪੰਚਾਇਤੀ ਰਾਜ ਵਿਭਾਗ ਦੇ ਕਮਿਸ਼ਨਰ ਨੂੰ ਚੇਨਈ ਤੋਂ ਇਲਾਵਾ ਸਾਰੇ ਜ਼ਿਲ੍ਹਿਆਂ ਵਿੱਚ ਇਸ ਯੋਜਨਾ ਲਈ ਰਕਮ ਵੰਡਣ ਦਾ ਅਧਿਕਾਰ ਦਿੱਤਾ ਗਿਆ ਹੈ।

ਯੋਜਨਾ ਦਾ ਉਦੇਸ਼ ਪੇਂਡੂ ਪਰਿਵਾਰਾਂ ਨੂੰ ਮਜ਼ਦੂਰੀ ਵਾਲਾ ਰੁਜ਼ਗਾਰ ਦੇਣਾ, ਪਿੰਡਾਂ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਾ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ। ਇਸ ਤਹਿਤ ਜਲ ਸੰਭਾਲ, ਪੇਂਡੂ ਬੁਨਿਆਦੀ ਢਾਂਚੇ ਅਤੇ ਆਜੀਵਿਕਾ ਨਾਲ ਜੁੜੇ ਕੰਮਾਂ ਨੂੰ ਵੀ ਉਤਸ਼ਾਹਿਤ ਕੀਤਾ ਜਾਣਾ ਹੈ।

ਦੱਸਣਯੋਗ ਹੈ ਕਿ ਇਸ ਨਵੀਂ ਵਿਵਸਥਾ ਵਿੱਚ 125 ਦਿਨਾਂ ਦੇ ਰੁਜ਼ਗਾਰ ਦੀ ਗਾਰੰਟੀ ਹੈ, ਜਦਕਿ ਪਹਿਲਾਂ ਮਨਰੇਗਾ ਤਹਿਤ 100 ਦਿਨਾਂ ਦੇ ਰੁਜ਼ਗਾਰ ਦੀ ਗਾਰੰਟੀ ਸੀ। ਤਾਮਿਲਨਾਡੂ ਸਰਕਾਰ ਵੱਲੋਂ ਮਨਜ਼ੂਰ ਕੀਤੇ ਵਾਧੂ 25 ਦਿਨਾਂ ਨਾਲ ਯੋਗ ਪਰਿਵਾਰਾਂ ਲਈ ਸਾਲਾਨਾ ਰੁਜ਼ਗਾਰ ਦੀ ਮਿਆਦ 150 ਦਿਨ ਤੱਕ ਹੋ ਸਕਦੀ ਹੈ।

ਦੇਸ਼

## ਆਪ੍ਰੇਸ਼ਨ ਪੂਰਾ ਹੋਇਆ, ਟਾਈਗਰ ਸ਼ਰਾਫ਼ 'ਤੇ ਫ਼ਾਈਰਿੰਗ ਤੋਂ ਬਾਅਦ ਸ਼ੂਟਰਾਂ ਨੇ ਆਪਣੇ ਹੈਂਡਲਰਾਂ ਨੂੰ ਭੇਜੀ ਸੀ ਜਾਣਕਾਰੀ

ਪੰਡਿਤ ਨੇ ਟਾਈਗਰ ਸ਼ਰਾਫ ਨੂੰ ਨਿਸ਼ਾਨਾ ਬਣਾਉਣ ਲਈ ਰਿਹਾਨ ਨੂੰ 35,000 ਰੁਪਏ ਪੇਸ਼ਗੀ (ਐਡਵਾਂਸ) ਵਜੋਂ ਦਿੱਤੇ ਸਨ ਅਤੇ ਬਾਕੀ ਰਕਮ ਹਮਲੇ ਤੋਂ ਬਾਅਦ ਦੇਣ ਦਾ ਵਾਅਦਾ ਕੀਤਾ ਸੀ। ਉਸਨੇ ਰਿਹਾਨ ਨੂੰ ਵਿਦੇਸ਼ ਭੇਜਣ ਵਿੱਚ ਮਦਦ ਕਰਨ ਦਾ ਵੀ ਭਰੋਸਾ ਦਿੱਤਾ ਸੀ

ਬਾਲੀਵੁੱਡ ਅਭਿਨੇਤਾ ਟਾਈਗਰ ਸ਼ਰਾਫ 'ਤੇ ਹੋਏ ਕਥਿਤ ਕਤਲ ਦੇ ਯਤਨ ਦੀ ਜਾਂਚ ਚੱਲ ਰਹੀ ਹੈ। ਮਾਮਲੇ ਦੀ ਜਾਂਚ ਕਰ ਰਹੇ ਅਧਿਕਾਰੀਆਂ ਨੇ ਦੱਸਿਆ ਹੈ ਕਿ ਇਹ ਹਮਲਾ ਬਹੁਤ ਹੀ ਯੋਜਨਾਬੱਧ ਢੰਗ ਨਾਲ ਕੀਤਾ ਗਿਆ ਸੀ, ਜਿਸ ਵਿੱਚ ਲਾਰੈਂਸ ਬਿਸ਼ਨੋਈ ਗੈਂਗ ਨਾਲ ਜੁੜੇ 'ਹੈਂਡਲਰਾਂ' ਨੇ ਅਹਿਮ ਭੂਮਿਕਾ ਨਿਭਾਈ। ਸੂਤਰਾਂ ਅਨੁਸਾਰ, ਮੁਲਜ਼ਮ ਘਟਨਾ ਤੋਂ ਪਹਿਲਾਂ ਅਤੇ ਬਾਅਦ ਵਿੱਚ ਵੀ ਆਪਣੇ ਹੈਂਡਲਰਾਂ ਦੇ ਸੰਪਰਕ ਵਿੱਚ ਸਨ। ਉਹ ਹਮਲੇ ਬਾਰੇ ਲਗਾਤਾਰ ਜਾਣਕਾਰੀ ਦਿੰਦੇ ਰਹੇ ਅਤੇ ਅੱਗੇ ਦੀਆਂ ਹਦਾਇਤਾਂ ਪ੍ਰਾਪਤ ਕਰਦੇ ਰਹੇ। ਸੋਮਵਾਰ ਨੂੰ ਰਾਜਸਥਾਨ ਦੇ ਕੋਟਾ ਤੋਂ ਇਸ ਮਾਮਲੇ ਦੇ ਸਬੰਧ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਨ੍ਹਾਂ ਦੀ ਪਛਾਣ ਬਿਹਾਰ ਅਤੇ ਹਰਿਆਣਾ ਦੇ ਵਸਨੀਕਾਂ ਵਜੋਂ ਹੋਈ ਹੈ: ਬਿਹਾਰ ਦੇ ਬੇਗੂਸਰਾਏ ਤੋਂ ਰਿਤਿਕ (ਉਰਫ਼ ਰੋਸ਼ਨ) ਅਤੇ ਹਰਿਆਣਾ ਤੋਂ ਰਿਹਾਨ ਤੇ ਫੂਲ ਸਿੰਘ। ਤਿੰਨਾਂ 'ਤੇ ਕਤਲ ਦੀ ਕੋਸ਼ਿਸ਼ ਦਾ ਦੋਸ਼ ਹੈ।

ਮੁੰਬਈ ਪੁਲਿਸ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਸੜਕੀ ਰਸਤੇ ਰਾਹੀਂ ਮੁੰਬਈ ਲਿਆਂਦਾ ਗਿਆ ਹੈ। ਡਾਕਟਰੀ ਜਾਂਚ ਤੋਂ ਬਾਅਦ ਉਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਮਾਮਲੇ ਦੀ ਜਾਂਚ 'ਐਂਟੀ-ਐਕਸਟੌਰਸ਼ਨ ਸੈੱਲ' (ਜਬਰੀ ਵਸੂਲੀ ਵਿਰੋਧੀ ਸੈੱਲ) ਵੱਲੋਂ ਕੀਤੀ ਜਾ ਰਹੀ ਹੈ।

ਸੂਤਰਾਂ ਤੋਂ ਪਤਾ ਲੱਗਾ ਹੈ ਕਿ ਘਟਨਾ ਦੌਰਾਨ ਮੁਲਜ਼ਮ ਲਗਾਤਾਰ ਆਪਣੇ ਹੈਂਡਲਰਾਂ ਦੇ ਸੰਪਰਕ ਵਿੱਚ ਸਨ। ਹਮਲੇ ਤੋਂ ਤੁਰੰਤ ਬਾਅਦ ਜਦੋਂ ਉਹ ਮੋਟਰਸਾਈਕਲ 'ਤੇ ਮੌਕੇ ਤੋਂ ਫਰਾਰ ਹੋ ਰਹੇ ਸਨ ਤਾਂ ਹਮਲਾਵਰਾਂ ਨੇ ਆਪਣੇ ਹੈਂਡਲਰਾਂ ਨੂੰ ਸੂਚਿਤ ਕੀਤਾ ਕਿ "ਕੰਮ" ਪੂਰਾ ਹੋ ਗਿਆ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਕਥਿਤ ਹੈਂਡਲਰ, ਅਨਿਲ ਪੰਡਿਤ ਅਤੇ ਉਸਦੇ ਸਾਥੀਆਂ ਨੇ ਮੀਡੀਆ ਵਿੱਚ ਗੋਲੀਬਾਰੀ ਦੀ ਖਬਰ ਆਉਣ ਦੀ ਉਡੀਕ ਕੀਤੀ। ਜਿਵੇਂ ਹੀ ਘਟਨਾ ਦੀਆਂ ਖਬਰਾਂ ਸਾਹਮਣੇ ਆਈਆਂ, ਉਨ੍ਹਾਂ ਨੇ ਹਮਲੇ ਦੀ ਪੁਸ਼ਟੀ ਕੀਤੀ ਅਤੇ ਫਿਰ ਪਹਿਲਾਂ ਤੋਂ ਤਿਆਰ ਕੀਤੀ ਗਈ ਇੱਕ ਫੇਸਬੁੱਕ ਪੋਸਟ ਅਤੇ ਇੱਕ ਆਡੀਓ ਕਲਿੱਪ ਜਾਰੀ ਕਰ ਦਿੱਤੀ।



**ਆਪ੍ਰੇਸ਼ਨ ਪੂਰਾ ਹੋਇਆ, ਟਾਈਗਰ ਸ਼ਰਾਫ਼ 'ਤੇ ਫ਼ਾਈਰਿੰਗ ਤੋਂ ਬਾਅਦ ਸ਼ੂਟਰਾਂ ਨੇ ਆਪਣੇ ਹੈਂਡਲਰਾਂ ਨੂੰ ਭੇਜੀ ਸੀ ਜਾਣਕਾਰੀ (ਜਾਰੀ)**

ਪੁਲਿਸ ਨੂੰ ਇਹ ਵੀ ਸ਼ੱਕ ਹੈ ਕਿ ਗੋਲੀਬਾਰੀ ਤੋਂ ਪਹਿਲਾਂ ਹਮਲਾਵਰਾਂ ਨੇ ਟਾਈਗਰ ਸ਼ਰਾਫ ਦੀ ਫੁੱਟਬਾਲ ਖੇਡਦੇ ਹੋਏ ਇੱਕ ਛੋਟੀ ਵੀਡੀਓ ਆਪਣੇ ਹੈਂਡਲਰਾਂ ਨੂੰ ਭੇਜੀ ਸੀ। ਸੂਤਰਾਂ ਮੁਤਾਬਕ, ਇਸ ਵੀਡੀਓ ਨੂੰ ਮਿਲਣ ਤੋਂ ਬਾਅਦ ਹੀ ਹੈਂਡਲਰਾਂ ਨੇ ਹਮਲਾਵਰਾਂ ਨੂੰ ਹਮਲਾ ਕਰਨ ਲਈ "ਹਰੀ ਝੰਡੀ" (ਮਨਜ਼ੂਰੀ) ਦਿੱਤੀ ਸੀ। ਇਸ ਹਮਲੇ ਨੂੰ ਅੰਜਾਮ ਦੇਣ ਲਈ ਤਿੰਨਾਂ ਮੁਲਜ਼ਮਾਂ ਨੂੰ ਕੁੱਲ 50,000 ਰੁਪਏ ਪੇਸ਼ਗੀ ਵਜੋਂ ਦਿੱਤੇ ਗਏ ਸਨ। ਉਨ੍ਹਾਂ ਨੂੰ ਇਹ ਵੀ ਵਾਅਦਾ ਕੀਤਾ ਗਿਆ ਸੀ ਕਿ ਕੰਮ ਸਫਲਤਾਪੂਰਵਕ ਪੂਰਾ ਹੋ ਲਾਰੈਂਸ ਗੈਂਗ ਨਾਲ ਸਬੰਧਾਂ ਦੀ ਜਾਂਚ ਮਾਮਲੇ ਦੀ ਜਾਂਚ ਕਰ ਰਹੇ ਅਧਿਕਾਰੀਆਂ ਨੂੰ ਸ਼ੱਕ ਹੈ ਕਿ ਅਨਿਲ ਪੰਡਿਤ, ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਕਰੀਬੀ ਸਾਥੀ ਹੈ ਅਤੇ ਉਹ 'ਹੈਂਡਲਰਾਂ' (ਸੰਚਾਲਕਾਂ) ਦੇ ਇੱਕ ਨੈੱਟਵਰਕ ਰਾਹੀਂ ਇਸ ਸਾਜ਼ਿਸ਼ ਵਿੱਚ ਸ਼ਾਮਲ ਸੀ। ਹਮਲੇ ਦੀ ਕੋਸ਼ਿਸ਼ ਤੋਂ ਬਾਅਦ, ਸੋਸ਼ਲ ਮੀਡੀਆ 'ਤੇ ਇੱਕ ਆਡੀਓ ਕਲਿੱਪ ਸਾਹਮਣੇ ਆਈ, ਜਿਸ ਵਿੱਚ ਇੱਕ ਵਿਅਕਤੀ ਨੇ ਲਾਰੈਂਸ ਬਿਸ਼ਨੋਈ ਗੈਂਗ ਵੱਲੋਂ ਇਸ ਘਟਨਾ ਦੀ ਜ਼ਿੰਮੇਵਾਰੀ ਲਈ।

ਰਿਕਾਰਡਿੰਗ ਵਿੱਚ ਬੋਲਣ ਵਾਲੇ ਨੇ ਆਪਣੀ ਪਛਾਣ ਅਨਿਲ ਪੰਡਿਤ ਵਜੋਂ ਦੱਸੀ ਅਤੇ ਹਰਮਨ ਸੰਧੂ ਦੇ ਨਾਲ ਮਿਲ ਕੇ ਇਸ ਹਮਲੇ ਦੀ ਜ਼ਿੰਮੇਵਾਰੀ ਲਈ। ਉਸਨੇ ਕਿਹਾ, "ਮੈਂ ਅਨਿਲ ਪੰਡਿਤ ਹਾਂ। ਮੈਂ ਲਾਰੈਂਸ ਬਿਸ਼ਨੋਈ ਲਈ ਛੋਟੇ ਭਰਾ ਵਾਂਗ ਹਾਂ। ਅਸੀਂ ਹਰਮਨ ਸੰਧੂ ਅਤੇ ਮੈਂ ਅੱਜ ਟਾਈਗਰ ਸ਼ਰਾਫ ਨਾਲ ਜੋ ਕੁਝ ਵੀ ਹੋਇਆ, ਉਸਦੀ ਜ਼ਿੰਮੇਵਾਰੀ ਲੈਂਦੇ ਹਾਂ।" ਰਿਕਾਰਡਿੰਗ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਟਾਈਗਰ ਸ਼ਰਾਫ ਨੂੰ "ਸਮਝਾਉਣ" ਦੀ ਕੋਸ਼ਿਸ਼ ਕੀਤੀ ਗਈ ਸੀ ਪਰ ਉਹ ਉਨ੍ਹਾਂ ਦੀ ਗੱਲ ਨਹੀਂ ਸਮਝ ਸਕਿਆ। ਬੋਲਣ ਵਾਲੇ ਨੇ ਅਭਿਨੇਤਾ ਸਲਮਾਨ ਖਾਨ ਨਾਲ ਜੁੜੇ ਲੋਕਾਂ ਨੂੰ ਵੀ ਧਮਕੀਆਂ ਦਿੱਤੀਆਂ। ਆਡੀਓ ਕਲਿੱਪ ਵਿੱਚ, ਬੋਲਣ ਵਾਲੇ ਨੇ ਐਲਾਨ ਕੀਤਾ, "ਪੂਰੀ ਫਿਲਮ ਇੰਡਸਟਰੀ ਵਿੱਚ ਜੋ ਕੋਈ ਵੀ ਸਾਡੇ ਨਾਲ ਜੁੜੇ ਬਿਨਾਂ ਕੰਮ ਕਰਦਾ ਹੈ, ਜਾਂ ਜੋ ਸਲਮਾਨ ਖਾਨ ਨਾਲ ਕੰਮ ਕਰਦਾ ਹੈ, ਉਸਨੂੰ ਮਾਰ ਦਿੱਤਾ ਜਾਵੇਗਾ। ਇਹ ਪਹਿਲੀ ਅਤੇ ਆਖਰੀ ਚਿਤਾਵਨੀ ਹੈ।" ਦੋਸ਼ੀਆਂ ਤੋਂ ਕੀਤੀ ਗਈ ਸ਼ੁਰੂਆਤੀ ਪੁੱਛਗਿੱਛ ਦੌਰਾਨ ਜਾਂਚਕਰਤਾਵਾਂ ਨੂੰ ਕਈ ਅਹਿਮ ਜਾਣਕਾਰੀਆਂ ਮਿਲੀਆਂ ਹਨ। ਸੂਤਰਾਂ ਅਨੁਸਾਰ, ਕਰੀਬ ਦੋ ਮਹੀਨੇ ਪਹਿਲਾਂ ਰਿਹਾਨ ਅਤੇ ਉਸਦੇ ਸਾਥੀ ਫੂਲ ਸਿੰਘ ਨੇ ਅੰਮ੍ਰਿਤਸਰ ਵਿੱਚ ਇੱਕ ਕਾਰੋਬਾਰੀ ਨੂੰ ਡਰਾਉਣ-ਧਮਕਾਉਣ ਲਈ ਉਸ 'ਤੇ ਗੋਲੀਆਂ ਚਲਾਈਆਂ ਸਨ। ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਇਸ ਘਟਨਾ ਤੋਂ ਬਾਅਦ ਹੀ ਰਿਹਾਨ, ਅਨਿਲ ਪੰਡਿਤ ਦੇ ਸੰਪਰਕ ਵਿੱਚ ਆਇਆ ਸੀ।

ਸੂਤਰਾਂ ਦਾ ਦਾਅਵਾ ਹੈ ਕਿ ਪੰਡਿਤ ਨੇ ਟਾਈਗਰ ਸ਼ਰਾਫ ਨੂੰ ਨਿਸ਼ਾਨਾ ਬਣਾਉਣ ਲਈ ਰਿਹਾਨ ਨੂੰ 35,000 ਰੁਪਏ ਪੇਸ਼ਗੀ (ਐਡਵਾਂਸ) ਵਜੋਂ ਦਿੱਤੇ ਸਨ ਅਤੇ ਬਾਕੀ ਰਕਮ ਹਮਲੇ ਤੋਂ ਬਾਅਦ ਦੇਣ ਦਾ ਵਾਅਦਾ ਕੀਤਾ ਸੀ। ਉਸਨੇ ਰਿਹਾਨ ਨੂੰ ਵਿਦੇਸ਼ ਭੇਜਣ ਵਿੱਚ ਮਦਦ ਕਰਨ ਦਾ ਵੀ ਭਰੋਸਾ ਦਿੱਤਾ ਸੀ। ਅਧਿਕਾਰੀਆਂ ਦਾ ਇਹ ਵੀ ਦਾਅਵਾ ਹੈ ਕਿ ਰਿਹਾਨ ਨੇ ਰਿਤਿਕ ਨੂੰ 35,000 ਰੁਪਏ ਦੇਣ ਅਤੇ ਵਿਦੇਸ਼ ਵਿੱਚ ਨੌਕਰੀ ਦਿਵਾਉਣ ਦਾ ਲਾਲਚ ਦੇ ਕੇ ਇਸ ਹਮਲੇ ਵਿੱਚ ਸ਼ਾਮਲ ਹੋਣ ਲਈ ਮਨਾ ਲਿਆ ਸੀ। ਦੋਸ਼ੀਆਂ ਕੋਲੋਂ ਇੱਕ ਬੈਗ ਮਿਲਿਆ ਹੈ, ਜਿਸ ਵਿੱਚ ਤਿੰਨਾਂ ਵਿਅਕਤੀਆਂ ਦੇ ਕੱਪੜੇ ਸਨ। ਜਾਂਚਕਰਤਾਵਾਂ ਨੇ ਦੋ ਦੋਸ਼ੀਆਂ ਕੋਲੋਂ ਇੱਕ-ਇੱਕ ਮੋਬਾਈਲ ਫੋਨ ਵੀ ਬਰਾਮਦ ਕੀਤਾ ਹੈ। ਤੀਜੇ ਦੋਸ਼ੀ ਨੇ ਕਥਿਤ ਤੌਰ 'ਤੇ ਘਟਨਾ ਤੋਂ ਬਾਅਦ ਸਫ਼ਰ ਦੌਰਾਨ ਆਪਣ ਪੁਲਿਸ ਬਰਾਮਦ ਕੀਤੇ ਗਏ ਮੋਬਾਈਲ ਫੋਨਾਂ ਨੂੰ ਫੋਰੈਂਸਿਕ ਜਾਂਚ ਲਈ ਭੇਜਣ ਦੀ ਯੋਜਨਾ ਬਣਾ ਰਹੀ ਹੈ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਹਮਲਾਵਰਾਂ ਨੇ ਹਮਲੇ ਤੋਂ ਪਹਿਲਾਂ ਕਿਹੜੀਆਂ ਥਾਵਾਂ ਦੀ ਰੇਕੀ (ਨਿਗਰਾਨੀ) ਕੀਤੀ ਸੀ, ਅਤੇ ਇਸ ਦੌਰਾਨ ਉਨ੍ਹਾਂ ਨੇ ਕਿਹੜੀਆਂ ਤਸਵੀਰਾਂ ਜਾਂ ਵੀਡੀਓਜ਼ ਰਿਕਾਰਡ ਕੀਤੀਆਂ ਸਨ। ਪੁਲਿਸ ਇਹ ਪਤਾ ਲਗਾਉਣ 'ਤੇ ਵੀ ਕੰਮ ਕਰ ਰਹੀ ਹੈ ਕਿ ਬਿਸ਼ਨੋਈ ਗੈਂਗ ਦੇ ਕਿਹੜੇ ਮੈਂਬਰਾਂ ਨੂੰ ਇਹ ਤਸਵੀਰਾਂ ਅਤੇ ਵੀਡੀਓਜ਼ ਮਿਲੀਆਂ ਸਨ ਅਤੇ ਇਨ੍ਹਾਂ ਨੂੰ ਸਾਂਝਾ ਕਰਨ ਲਈ ਕਿਹੜੀਆਂ ਐਪਲੀਕੇਸ਼ਨਾਂ ਦੀ ਵਰਤੋਂ ਕੀਤੀ ਗਈ ਸੀ। ਅਧਿਕਾਰੀਆਂ ਦਾ ਮੰਨਣਾ ਹੈ ਕਿ ਮੁਲਜ਼ਮਾਂ ਦੇ 'ਕਾਲ ਡਿਟੇਲ ਰਿਕਾਰਡ' ਤੋਂ ਇਹ ਅਹਿਮ ਜਾਣਕਾਰੀ ਮਿਲ ਸਕਦੀ ਹੈ ਕਿ ਹਮਲੇ ਤੋਂ ਪਹਿਲਾਂ ਅਤੇ ਬਾਅਦ ਵਿੱਚ ਉਨ੍ਹਾਂ ਦਾ ਆਪਣੇ ਹੈਂਡਲਰਾਂ (ਸੰਚਾਲਕਾਂ) ਨਾਲ ਕਿੰਨਾ ਸੰਪਰਕ ਸੀ। ਮੁੰਬਈ ਪੁਲਿਸ ਦੇ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਪੁਲਿਸ ਟੀਮਾਂ ਪਿਛਲੇ ਕਈ ਹਫ਼ਤਿਆਂ ਤੋਂ ਫੁੱਟਬਾਲ ਮੈਦਾਨ ਅਤੇ ਆਸ-ਪਾਸ ਦੇ ਇਲਾਕਿਆਂ ਦੀਆਂ ਸੀਸੀਟੀਵੀ ਫੁਟੇਜ ਦੀ ਬਾਰੀਕੀ ਨਾਲ ਜਾਂਚ ਕਰ ਰਹੀਆਂ ਹਨ। ਇਸ ਦਾ ਮਕਸਦ ਮੁਲਜ਼ਮਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣਾ ਅਤੇ ਇਹ ਪਤਾ ਲਗਾਉਣਾ ਹੈ ਕਿ ਕੀ ਉਨ੍ਹਾਂ ਨੇ ਹਮਲੇ ਤੋਂ ਪਹਿਲਾਂ ਇਲਾਕੇ ਦੀ ਰੇਕੀ ਕੀਤੀ ਸੀ ਜਾਂ ਨਹੀਂ। ਜਾਂਚਕਰਤਾਵਾਂ ਅਨੁਸਾਰ, ਕੁਝ ਫੁਟੇਜ ਵਿੱਚ ਮੁਲਜ਼ਮ ਇਲਾਕੇ ਦੀ ਰੇਕੀ ਕਰਦੇ ਹੋਏ ਨਜ਼ਰ ਆ ਰਹੇ ਹਨ। ਇਸ ਜਾਂਚ ਰਾਹੀਂ, ਪੁਲਿਸ ਹੋਰ ਸ਼ੱਕੀ ਵਿਅਕਤੀਆਂ ਦੀ ਪਛਾਣ ਕਰਨ ਦੀ ਕੋਸ਼ਿਸ਼ ਵੀ ਕਰ ਰਹੀ ਹੈ ਜੋ ਘਟਨਾ ਵਾਪਰਨ ਤੋਂ ਪਹਿਲਾਂ ਇਸ ਮੈਦਾਨ ਵਿੱਚ ਆਏ ਹੋ ਸਕਦੇ ਹਨ।

ਪੰਜਾਬ

## ਸਰਕਾਰੀ ਹਸਪਤਾਲਾਂ ਵਿੱਚ ਸਹੂਲਤਾਂ ਦੀ ਘਾਟ ਕਾਰਨ ਗਰੀਬ ਮਰੀਜ਼ਾਂ ਨੂੰ ਨਿੱਜੀ ਹਸਪਤਾਲਾਂ ’ਚ ਜਾਣ ਲਈ ਮਜਬੂਰ ਨਾ ਕੀਤਾ ਜਾਵੇ: ਹਾਈਕੋਰਟ

ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਸੂਬੇ ਦੇ 22 ਜ਼ਿਲ੍ਹਿਆਂ ਵਿੱਚ ਚੱਲ ਰਹੀਆਂ ਇੰਟੈਂਸਿਵ ਕੇਅਰ ਯੂਨਿਟ ਸਹੂਲਤਾਂ ਦਾ ਪੂਰਾ ਵੇਰਵਾ ਪੇਸ਼ ਕਰਨ ਦੇ ਹੁਕਮ ਦਿੱਤੇ ਹਨ। ਅਦਾਲਤ ਨੇ ਸਰਕਾਰ ਪਾਸੋਂ ਆਈ.ਸੀ.ਯੂ. ਬੈੱਡਾਂ, ਵੈਂਟੀਲੇਟਰਾਂ, ਡਾਕਟਰਾਂ, ਨਰਸਾਂ ਅਤੇ ਹੋਰ ਪੈਰਾ-ਮੈਡੀਕਲ ਸਟਾਫ਼ ਦੀ ਗਿਣਤੀ ਬਾਰੇ ਸਪੱਸ਼ਟ ਰਿਪੋਰਟ ਮੰਗੀ ਹੈ।



ਸਰਕਾਰੀ ਹਸਪਤਾਲਾਂ ਵਿੱਚ ਸਹੂਲਤਾਂ ਦੀ ਘਾਟ ਕਾਰਨ ਗਰੀਬ ਮਰੀਜ਼ਾਂ ਨੂੰ ਨਿੱਜੀ ਹਸਪਤਾਲਾਂ

**ਸਰਕਾਰੀ ਹਸਪਤਾਲਾਂ ਵਿੱਚ ਸਹੂਲਤਾਂ ਦੀ ਘਾਟ ਕਾਰਨ ਗਰੀਬ ਮਰੀਜ਼ਾਂ ਨੂੰ ਨਿੱਜੀ ਹਸਪਤਾਲਾਂ ’ਚ ਜਾਣ ਲਈ ਮਜਬੂਰ ਨਾ ਕੀਤਾ ਜਾਵੇ: ਹਾਈਕੋਰਟ (ਜਾਰੀ)**

ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਸਪੱਸ਼ਟ ਕੀਤਾ ਕਿ ਇਸ ਕਵਾਇਦ ਦਾ ਮੁੱਖ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਗਰੀਬ ਮਰੀਜ਼ਾਂ ਨੂੰ ਸਰਕਾਰੀ ਹਸਪਤਾਲਾਂ ਵਿੱਚ ਸੁਵਿਧਾਵਾਂ ਦੀ ਘਾਟ ਕਰਕੇ ਮਹਿੰਗੇ ਨਿੱਜੀ ਹਸਪਤਾਲਾਂ ਦਾ ਰੁੱਖ ਨਾ ਕਰਨਾ ਪਵੇ।

ਅਦਾਲਤ ਨੇ ਉਮੀਦ ਪ੍ਰਗਟਾਈ ਕਿ ਪੰਜਾਬ ਸਰਕਾਰ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਵਿੱਚ ਘੱਟੋ-ਘੱਟ ਇੱਕ-ਇੱਕ ਆਈ.ਸੀ.ਯੂ. ਲੈਸ ਹਸਪਤਾਲ ਚਾਲੂ ਕਰਨਾ ਯਕੀਨੀ ਬਣਾਏਗੀ। ਇਹ ਨਿਰਦੇਸ਼ ਭੀਸ਼ਮ ਕਿੰਗਰ ਵੱਲੋਂ ਦਾਇਰ ਜਨਹਿੱਤ ਪਟੀਸ਼ਨ ’ਤੇ ਸੁਣਵਾਈ ਦੌਰਾਨ ਦਿੱਤੇ ਗਏ। ਇਸ ਤੋਂ ਪਹਿਲਾਂ ਸਰਕਾਰ ਨੇ ਅਦਾਲਤ ਵਿੱਚ ਦਾਅਵਾ ਕੀਤਾ ਸੀ ਕਿ 22 ਜ਼ਿਲ੍ਹਿਆਂ ਵਿੱਚ ਆਈ.ਸੀ.ਯੂ. ਸੁਵਿਧਾਵਾਂ ਕਾਰਜਸ਼ੀਲ ਹਨ, ਪਰ ਪਟੀਸ਼ਨਰ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਦਿੱਤੇ ਹਲਫ਼ਨਾਮੇ ਵਿੱਚ ਉਪਕਰਨਾਂ ਅਤੇ ਤਾਇਨਾਤ ਸਟਾਫ਼ ਬਾਰੇ ਕੋਈ ਸਪੱਸ਼ਟ ਜਾਣਕਾਰੀ ਨਹੀਂ ਦਿੱਤੀ ਗਈ ਸੀ।

ਹਾਈਕੋਰਟ ਨੇ ਸਰਕਾਰ ਦੇ ਜਵਾਬ ’ਤੇ ਅਸੰਤੁਸ਼ਟੀ ਜਤਾਉਂਦਿਆਂ ਹੁਕਮ ਦਿੱਤਾ ਕਿ ਅਗਲੀ ਸੁਣਵਾਈ ਤੱਕ ਇੱਕ ਨਵਾਂ ਹਲਫ਼ਨਾਮਾ ਦਾਇਰ ਕੀਤਾ ਜਾਵੇ। ਅਦਾਲਤ ਨੇ ਨਿਰਦੇਸ਼ ਦਿੱਤੇ ਕਿ ਨਵੇਂ ਹਲਫ਼ਨਾਮੇ ਵਿੱਚ ਆਈ.ਸੀ.ਯੂ. ਲਈ ਵਿਸ਼ੇਸ਼ ਤੌਰ ’ਤੇ ਰੱਖੇ ਗਏ ਬੈੱਡਾਂ, ਵੈਂਟੀਲੇਟਰਾਂ ਅਤੇ ਮੈਡੀਕਲ ਸਟਾਫ਼ ਦੀ ਸ਼੍ਰੇਣੀਵਾਰ ਜਾਣਕਾਰੀ ਦੇਣ ਦੇ ਨਾਲ-ਨਾਲ ਪਿਛਲੇ ਦੋ ਮਹੀਨਿਆਂ ਦੌਰਾਨ ਦਾਖ਼ਲ ਹੋਏ ਮਰੀਜ਼ਾਂ ਦਾ ਅੰਕੜਾ ਵੀ ਸਾਂਝਾ ਕੀਤਾ ਜਾਵੇ। ਮਾਮਲੇ ਦੀ ਅਗਲੀ ਸੁਣਵਾਈ 16 ਨਵੰਬਰ ਨੂੰ ਹੋਵੇਗੀ।

ਇਸ ਤੋਂ ਪਹਿਲਾਂ ਮਲੇਰਕੋਟਲਾ ਦੇ ਸਿਵਲ ਹਸਪਤਾਲ ਦੇ ਕੰਮਕਾਜ ਦੀ ਸਮੀਖਿਆ ਕਰਦਿਆਂ ਬੈਂਚ ਨੇ ਹਸਪਤਾਲਾਂ ਵਿੱਚ ਸੀ.ਟੀ. ਸਕੈਨ ਅਤੇ ਐਮ.ਆਰ.ਆਈ. ਸੁਵਿਧਾਵਾਂ ਨੂੰ ਪ੍ਰਾਈਵੇਟ ਹੱਥਾਂ ਵਿੱਚ ਸੌਂਪਣ ’ਤੇ ਵੀ ਸਵਾਲ ਚੁੱਕੇ ਸਨ। ਅਦਾਲਤ ਨੇ ਕਿਹਾ ਸੀ ਕਿ ਨਾਗਰਿਕਾਂ ਨੂੰ ਬੁਨਿਆਦੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਜ਼ਿੰਮੇਵਾਰੀ ਹੈ, ਇਸ ਲਈ ਜ਼ਿਲ੍ਹਾ ਅਤੇ ਸਬ-ਡਿਵੀਜ਼ਨ ਪੱਧਰ ਦੇ ਹਸਪਤਾਲਾਂ ਵਿੱਚ ਆਧੁਨਿਕ ਮਸ਼ੀਨਰੀ ਸਰਕਾਰ ਨੂੰ ਆਪ ਉਪਲਬਧ ਕਰਵਾਉਣੀ ਚਾਹੀਦੀ ਹੈ।

ਖੇਡਾਂ • ਭਾਰਤ

## ਭਾਰਤੀ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ : ਜੈਵਲਿਨ 'ਚ ਸੋਨ-ਚਾਂਦੀ ਦੀ ਬਾਰਿਸ਼, ਟੇਬਲ ਟੈਨਿਸ 'ਚ ਤੀਜਾ ਤਮਗਾ ਪੱਕਾ

ਪ੍ਰਦੀਪ ਕੁਮਾਰ ਨੇ 27.54 ਮੀਟਰ ਦੀ ਆਪਣੀ ਸਭ ਤੋਂ ਵਧੀਆ ਥ੍ਰੋ (ਸੁੱਟ) ਨਾਲ ਚਾਂਦੀ ਦਾ ਤਗਮਾ ਜਿੱਤਿਆ ਅਤੇ ਕੁੱਲ 901 ਅੰਕ ਪ੍ਰਾਪਤ ਕੀਤੇ। ਇਸ ਦੇ ਨਾਲ ਹੀ ਆਯੁਸ਼ ਵਰਮਾ ਨੇ 17.88 ਮੀਟਰ ਦੀ ਥ੍ਰੋ ਨਾਲ ਤੀਜਾ ਸਥਾਨ ਹਾਸਲ ਕਰਕੇ ਕਾਂਸੀ ਦਾ ਤਗਮਾ ਜਿੱਤਿਆ

ਸਪੋਰਟਸ ਡੈਸਕ, ਨਵੀਂ ਦਿੱਲੀ: ਕਿਸੇ ਇੱਕ ਦੇਸ਼ ਲਈ ਇੱਕੋ ਈਵੈਂਟ ਵਿੱਚ ਦੋ ਤਗਮੇ ਜਿੱਤਣਾ ਇੱਕ ਵਿਰਲੀ ਘਟਨਾ ਹੁੰਦੀ ਹੈ। ਹਾਲਾਂਕਿ, ਜਾਪਾਨ ਦੇ ਆਈਚੀ-ਨਾਗੋਯਾ ਵਿੱਚ ਚੱਲ ਰਹੀਆਂ ਏਸ਼ੀਅਨ ਪੈਰਾ ਖੇਡਾਂ ਵਿੱਚ ਭਾਰਤ ਲਈ ਬਿਲਕੁਲ ਅਜਿਹਾ ਹੀ ਹੋਇਆ ਹੈ। /54 ਜੈਵਲਿਨ ਥ੍ਰੋ ਮੁਕਾਬਲੇ ਵਿੱਚ ਭਾਰਤ ਨੇ ਦੋ ਤਗਮੇ ਹਾਸਲ ਕੀਤੇ: ਪ੍ਰਦੀਪ ਕੁਮਾਰ ਨੇ ਚਾਂਦੀ ਦਾ ਤਗਮਾ ਜਿੱਤਿਆ, ਜਦਕਿ ਆਯੁਸ਼ ਵਰਮਾ ਨੇ ਕਾਂਸੀ ਦਾ ਤਗਮਾ ਪ੍ਰਾਪਤ ਕੀਤਾ।

ਦੋਵਾਂ ਖਿਡਾਰੀਆਂ ਨੇ ਇੱਕੋ ਮੁਕਾਬਲੇ ਵਿੱਚ ਦੋ ਤਗਮੇ ਜਿੱਤਣ ਲਈ ਆਪਣਾ ਨਿੱਜੀ ਸਰਵੋਤਮ ਪ੍ਰਦਰਸ਼ਨ ਕੀਤਾ। ਖਾਸ ਤੌਰ 'ਤੇ ਇਨ੍ਹਾਂ ਖੇਡਾਂ ਵਿੱਚ ਇਹ ਦੂਜੀ ਵਾਰ ਹੈ ਜਦੋਂ ਭਾਰਤ ਨੇ ਜੈਵਲਿਨ ਥ੍ਰੋ ਦੇ ਇੱਕੋ ਮੁਕਾਬਲੇ ਵਿੱਚ ਦੋ ਤਗਮੇ ਜਿੱਤੇ ਹਨ; ਖੇਡਾਂ ਦੇ ਪਹਿਲੇ ਦਿਨ ਰਿੰਕੂ ਹੁੱਡਾ ਅਤੇ ਅਜੀਤ ਸਿੰਘ ਨੇ ਮੁਕਾਬਲੇ ਵਿੱਚ ਕ੍ਰਮਵਾਰ ਚਾਂਦੀ ਅਤੇ ਕਾਂਸੀ ਦੇ ਤਗਮੇ ਜਿੱਤੇ ਸਨ। ਭਾਰਤ ਨੂੰ ਟੇਬਲ ਟੈਨਿਸ ਵਿੱਚ ਵੀ ਸਫਲਤਾ ਮਿਲੀ। ਸੋਨਲਬੇਨ ਪਟੇਲ ਨੇ ਮਹਿਲਾ ਸਿੰਗਲਜ਼ ਕਲਾਸ 3 ਮੁਕਾਬਲੇ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਸੈਮੀਫਾਈਨਲ ਵਿੱਚ ਉਨ੍ਹਾਂ ਨੂੰ ਦੱਖਣੀ ਕੋਰੀਆ ਦੀ ਯੂਨ ਜੀ-ਯੂ ਨੇ 3-0 (11-7, 11-5, 11-6) ਨਾਲ ਹਰਾਇਆ। ਇਸ ਤੋਂ ਪਹਿਲਾਂ, ਭਾਵਿਨਾ ਪਟੇਲ ਨੇ ਵੀ ਭਾਰਤ ਦੇ ਤਗਮਿਆਂ ਦੀ ਸੂਚੀ ਵਿੱਚ ਇੱਕ ਕਾਂਸੀ ਦਾ ਤਗਮਾ ਜੋੜਿਆ ਸੀ। ਭਾਵਿਨਾ ਨੂੰ ਮਹਿਲਾ ਸਿੰਗਲਜ਼ ਕਲਾਸ 4-5 ਦੇ ਸੈਮੀਫਾਈਨਲ ਵਿੱਚ ਚੀਨ ਦੀ ਝਾਂਗ ਬਿਆਨ ਹੱਥੋਂ 0-3 ਨਾਲ ਹਾਰ ਦਾ ਸਾਹਮਣਾ ਕਰਨਾ ਪਿਆ। ਟੇਬਲ ਟੈਨਿਸ ਵਿੱਚ ਹੀ ਪ੍ਰਾਚੀ ਪਾਂਡੇ ਨੇ ਭਾਰਤ ਲਈ ਤੀਜਾ ਕਾਂਸੀ ਦਾ ਤਗਮਾ ਹਾਸਲ ਕੀਤਾ। ਉਸ ਨੂੰ ਮਹਿਲਾ ਸਿੰਗਲਜ਼ ਕਲਾਸ 6 ਵਰਗ ਵਿੱਚ ਇਰਾਕ ਦੀ ਅਲ-ਦਯੇਨੀ ਨਜੀਲਾਹ ਤੋਂ ਹਾਰ ਦਾ ਸਾਹਮਣਾ ਕਰਨਾ ਪਿਆ, ਜਿਸ ਵਿੱਚ ਇਰਾਕੀ ਖਿਡਾਰਨ ਨੇ 3-0 ਨਾਲ ਜਿੱਤ ਦਰਜ ਕੀਤੀ।

ਪੰਜਾਬ • ਮਾਨਸਾ

## ਮਾਨਸਾ: ਡੀਸੀ ਦੇ ਗੰਨਮੈਨ ਨੇ ਆਪਣੇ ਪਰਿਵਾਰ ‘ਤੇ ਚਲਾਈਆਂ ਗੋਲੀਆਂ, ਪੁੱਤ ਤੇ ਖ਼ੁਦ ਦੀ ਮੌਤ; ਪਤਨੀ ਤੇ ਦੂਜਾ ਪੁੱਤ ਜ਼ਖ਼ਮੀ

ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਦੇ ਸੀਨੀਅਰ ਅਧਿਕਾਰੀ ਤੇ ਪੁਲਿਸ ਟੀਮ ਮੌਕੇ ਤੇ ਪਹੁੰਚ ਗਈ। ਪੁਲਿਸ ਵੱਲੋਂ ਘਟਨਾ ਸਬੰਧੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਮੁੱਢਲੀ ਜਾਣਕਾਰੀ ਅਨੁਸਾਰ, ਫਾਇਰਿੰਗ 'ਚ ਵਰਤਿਆ ਗਿਆ ਹਥਿਆਰ ਸਰਕਾਰੀ ਰਿਵਾਲਵਰ ਦੱਸਿਆ ਜਾ ਰਿਹਾ ਹੈ, ਜਿਸ ਨੂੰ ਪੁਲਿਸ ਨੇ ਆਪਣੇ ਕਬਜ਼ੇ 'ਚ ਲੈ ਲਿਆ ਹੈ।

ਮਾਨਸਾ ਤੋਂ ਇੱਕ ਦੁਖਦਾਈ ਘਟਨਾ ਸਾਹਮਣੇ ਆਈ ਹੈ। ਮੁੱਢਲੀ ਜਾਣਕਾਰੀ ਅਨੁਸਾਰ, ਡਿਪਟੀ ਕਮਿਸ਼ਨਰ ਮਾਨਸਾ ਦੇ ਗੰਨਮੈਨ ਗੁਰਵਿੰਦਰ ਸਿੰਘ ਵੱਲੋਂ ਕਥਿਤ ਤੌਰ ਤੇ ਘਰੇਲੂ ਵਿਵਾਦ ਦੇ ਚਲਦਿਆਂ ਆਪਣੇ ਪਰਿਵਾਰ ਤੇ ਗੋਲੀਆਂ ਚਲਾਈਆਂ ਗਈਆਂ। ਇਸ ਘਟਨਾ ‘ਚ ਉਨ੍ਹਾਂ ਦੇ ਪੁੱਤਰ ਦਿਲਸ਼ਾਨ ਦੀ ਮੌਤ ਹੋ ਗਈ, ਜਦਕਿ ਗੁਰਵਿੰਦਰ ਸਿੰਘ ਨੇ ਵੀ ਬਾਅਦ ‘ਚ ਖ਼ੁਦਕੁਸ਼ੀ ਕਰ ਲਈ। ਫਾਇਰਿੰਗ ਦੌਰਾਨ ਉਨ੍ਹਾਂ ਦੀ ਪਤਨੀ ਤੇ ਦੂਜਾ ਪੁੱਤਰ ਜੋਤ ਜ਼ਖ਼ਮੀ ਹੋ ਗਏ। ਜਾਣਕਾਰੀ ਮੁਤਾਬਕ, ਇਹ ਘਟਨਾ ਅੱਜ ਸਵੇਰੇ ਵਾਪਰੀ। ਗੋਲੀਬਾਰੀ ‘ਚ ਜ਼ਖ਼ਮੀ ਹੋਏ ਦੋਵਾਂ ਨੂੰ ਇਲਾਜ ਲਈ ਮਾਨਸਾ ਦੇ ਸਿਵਲ ਹਸਪਤਾਲ ਲਿਜਾਇਆ ਗਿਆ। ਉੱਥੇ ਡਾਕਟਰਾਂ ਨੇ ਉਨ੍ਹਾਂ ਦੀ ਹਾਲਤ ਨੂੰ ਦੇਖਦਿਆਂ ਬਿਹਤਰ ਇਲਾਜ ਲਈ ਬਠਿੰਡਾ ਰੈਫ਼ਰ ਕਰ ਦਿੱਤਾ।

ਇਸ ਮਾਮਲੇ ਸਬੰਧੀ ਐੱਸਐੱਸਪੀ ਮਾਨਸਾ ਵੈਭਵ ਚੌਧਰੀ ਨੇ ਦੱਸਿਆ ਕਿ ਮੁੱਢਲੀ ਜਾਣਕਾਰੀ ਅਨੁਸਾਰ ਘਟਨਾ ਪਿੱਛੇ ਘਰੇਲੂ ਵਿਵਾਦ ਹੋਣ ਦੀ ਗੱਲ ਸਾਹਮਣੇ ਆ ਰਹੀ ਹੈ। ਹਾਲਾਂਕਿ, ਵਿਵਾਦ ਦੇ ਅਸਲ ਕਾਰਨਾਂ ਤੇ ਘਟਨਾ ਕਿਨ੍ਹਾਂ ਹਾਲਾਤਾਂ ‘ਚ ਵਾਪਰੀ, ਇਸ ਬਾਰੇ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਇਸ ਘਟਨਾ ਕਾਰਨ ਇਲਾਕੇ ‘ਚ ਸੋਗ ਦਾ ਮਾਹੌਲ ਹੈ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਘਟਨਾ ਸਬੰਧੀ ਹੋਰ ਤੱਥ ਸਪੱਸ਼ਟ ਹੋ ਸਕਣਗੇ।

ਖੇਤੀ • ਮੋਗਾ

## ਮੋਗਾ ‘ਚ ਸਾਂਝੇ ਮੰਚ ‘ਤੇ ਹੰਗਾਮਾ, ਕਿਸਾਨ ਆਗੂ ਦੇ ਹੱਥੋਂ ਅਕਾਲੀ ਆਗੂ ਨੇ ਖੋਹਿਆ ਮਾਈਕ; ਵੀਡੀਓ ਵਾਇਰਲ

ਪ੍ਰਦਰਸ਼ਨ ਦੇ ਮੱਦੇਨਜ਼ਰ ਪੁਲਿਸ ਵੱਲੋਂ ਵਿਧਾਇਕ ਦੇ ਘਰ ਦੇ ਬਾਹਰ ਬੈਰੀਕੇਡਿੰਗ ਕੀਤੀ ਗਈ ਸੀ। ਪ੍ਰਦਰਸ਼ਨਕਾਰੀ ਬੈਰੀਕੇਡਾਂ ਨੇੜੇ ਸਾਂਝਾ ਮੰਚ ਬਣਾ ਕੇ ਆਪਣਾ ਰੋਸ ਪ੍ਰਗਟਾ ਰਹੇ ਸਨ। ਇਸ ਦੌਰਾਨ ਮੰਚ ਤੋਂ ਸੰਬੋਧਨ ਕਰ ਰਹੇ ਇੱਕ ਕਿਸਾਨ ਆਗੂ ਨੇ ਪੰਜਾਬ 'ਚ ਨਸ਼ਿਆਂ ਦੀ ਸਮੱਸਿਆ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਜ਼ਿੰਮੇਵਾਰ ਠਹਿਰਾਇਆ।

ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ‘ਚ ਇਨਸਾਫ਼ ਦੀ ਮੰਗ ਤੇ ਪੰਜਾਬ ‘ਚ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਬੀਤੇ ਦਿਨ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਤੇ ਮੰਤਰੀਆਂ ਦੇ ਘਰਾਂ ਦੇ ਘਿਰਾਓ ਕੀਤੇ ਗਏ। ਇਸ ਦੌਰਾਨ ਮੋਗਾ ‘ਚ ਵਿਧਾਇਕ ਅਮਨਦੀਪ ਕੌਰ ਅਰੋੜਾ ਦੇ ਘਰ ਦੇ ਬਾਹਰ ਪ੍ਰਦਰਸ਼ਨ ਸਮੇਂ ਮਾਹੌਲ ਤਣਾਅਪੂਰਨ ਹੋ ਗਿਆ। ਸਾਂਝੇ ਮੰਚ ਤੇ ਸੰਬੋਧਨ ਕਰ ਰਹੇ ਇੱਕ ਕਿਸਾਨ ਆਗੂ ਦੇ ਹੱਥੋਂ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੰਨੀ ਗਿੱਲ ਵੱਲੋਂ ਮਾਈਕ ਖੋਹਣ ਦੀ ਘਟਨਾ ਸਾਹਮਣੇ ਆਈ ਹੈ। ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ ਤੇ ਵਾਇਰਲ ਹੋ ਰਹੀ ਹੈ।

ਜਾਣਕਾਰੀ ਅਨੁਸਾਰ, ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ‘ਚ ਇਨਸਾਫ਼ ਦੀ ਮੰਗ ਤੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਮੁੱਦੇ ਤੇ ਸਰਕਾਰ ਖ਼ਿਲਾਫ਼ ਰੋਸ ਪ੍ਰਗਟਾਉਣ ਲਈ ਕਾਂਗਰਸ, ਸ਼੍ਰੋਮਣੀ ਅਕਾਲੀ ਦਲ, ਵਾਰਿਸ ਪੰਜਾਬ ਦੇ ਅਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਸਾਂਝੇ ਤੌਰ ਤੇ ਪ੍ਰਦਰਸ਼ਨ ਕੀਤੇ ਗਏ। ਇਸ ਤਹਿਤ ਮੋਗਾ ਦੀ ਵਿਧਾਇਕ ਅਮਨਦੀਪ ਕੌਰ ਅਰੋੜਾ ਦੇ ਬਾਹਰ ਵੱਖ-ਵੱਖ ਪਾਰਟੀਆਂ ਤੇ ਜਥੇਬੰਦੀਆਂ ਦੇ ਆਗੂ ਇਕੱਠੇ ਹੋਏ।

ਇਸ ਤੋਂ ਬਾਅਦ ਮੰਚ ਤੇ ਤਣਾਅ ਪੈਦਾ ਹੋ ਗਿਆ। ਕਿਸਾਨ ਆਗੂ ਦੇ ਪਿੱਛੇ ਖੜ੍ਹੇ ਮੋਗਾ ਵਿਧਾਨ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੰਭਾਵੀ ਉਮੀਦਵਾਰ ਸੰਨੀ ਗਿੱਲ ਨੇ ਕਿਸਾਨ ਆਗੂ ਦੇ ਹੱਥੋਂ ਮਾਈਕ ਖੋਹ ਲਿਆ। ਇਸ ਘਟਨਾ ਤੋਂ ਬਾਅਦ ਦੋਵੇਂ ਧਿਰਾਂ ਦੇ ਸਮਰਥਕਾਂ ਵਿਚਾਲੇ ਤਕਰਾਰ ਵਧ ਗਈ ਤੇ ਉਨ੍ਹਾਂ ਨੇ ਇੱਕ-ਦੂਜੇ ਖ਼ਿਲਾਫ਼ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਮੌਕੇ ਤੇ ਮੌਜੂਦ ਲੋਕਾਂ ਤੇ ਪੁਲਿਸ ਵੱਲੋਂ ਸਥਿਤੀ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਗਈ।

ਮਾਈਕ ਖੋਹਣ ਦੀ ਘਟਨਾ ਤੋਂ ਪਹਿਲਾਂ ਵੀ ਸਾਂਝੇ ਮੰਚ ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਵਿਚਾਲੇ ਸੰਬੋਧਨ ਕਰਨ ਨੂੰ ਲੈ ਕੇ ਤਕਰਾਰ ਹੁੰਦੀ ਦਿਖਾਈ ਦਿੱਤੀ। ਹਾਲਾਂਕਿ, ਸਾਰੀਆਂ ਪਾਰਟੀਆਂ ਤੇ ਜਥੇਬੰਦੀਆਂ ਨਸ਼ਿਆਂ ਦੇ ਮੁੱਦੇ ਅਤੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ‘ਚ ਇਨਸਾਫ਼ ਦੀ ਮੰਗ ਨੂੰ ਲੈ ਕੇ ਇਕੱਠੀਆਂ ਹੋਈਆਂ ਸਨ, ਪਰ ਮੰਚ ਤੇ ਵਾਪਰੀ ਇਸ ਘਟਨਾ ਨੇ ਉਨ੍ਹਾਂ ਵਿਚਾਲੇ ਮੌਜੂਦ ਸਿਆਸੀ ਮਤਭੇਦਾਂ ਨੂੰ ਸਾਹਮਣੇ ਲਿਆ ਦਿੱਤਾ।

ਮੌਕੇ ਤੇ ਮੌਜੂਦ ਮੀਡੀਆ ਕਰਮੀਆਂ ਤੇ ਵੱਖ-ਵੱਖ ਪਾਰਟੀਆਂ ਦੇ ਕੈਮਰਾਮੈਨਾਂ ਵੱਲੋਂ ਇਸ ਘਟਨਾ ਦੀ ਵੀਡੀਓ ਬਣਾਈ ਗਈ, ਜੋ ਹੁਣ ਸੋਸ਼ਲ ਮੀਡੀਆ ਤੇ ਵਾਇਰਲ ਹੋ ਰਹੀ ਹੈ।

ਪੰਜਾਬ

## ਅਰਸੇ ਤੋਂ ਬੰਦ ਪਈ ਦੀ ਗੁੰਮ ਹੋਈ 106 ਏਕੜ ਜ਼ਮੀਨ ਲੱਭੀ, ਕਰੋੜਾਂ ਦੀ ਜਾਇਦਾਦ ’ਤੇ ਰਿਪੋਰਟ ਤਿਆਰ

**ਅਰਸੇ ਤੋਂ ਬੰਦ ਪਈ ਦੀ ਗੁੰਮ ਹੋਈ 106 ਏਕੜ ਜ਼ਮੀਨ ਲੱਭੀ, ਕਰੋੜਾਂ ਦੀ ਜਾਇਦਾਦ ’ਤੇ ਰਿਪੋਰਟ ਤਿਆਰ (ਜਾਰੀ)**

ਨੰਗਲ ਵਿਖੇ ਪੰਜਾਬ ਸਰਕਾਰ ਦੇ ਦੋ ਦਹਾਕਿਆਂ ਤੋਂ ਬੰਦ ਪਏ ਅਦਾਰੇ ‘ਪੰਜਾਬ ਨੈਸ਼ਨਲ ਫਰਟੀਲਾਇਜ਼ਰਜ਼ ਐਂਡ ਕੇਮੀਕਲਜ਼ ਲਿਮਟਿਡ’ ਦੀ ਗੁੰਮ ਹੋਈ 106 ਏਕੜ ਜ਼ਮੀਨ ਦਾ ਆਖ਼ਰਕਾਰ ਪਤਾ ਲਗਾ ਲਿਆ ਗਿਆ ਹੈ। ਨੰਗਲ ਦੇ ਐਸ.ਡੀ.ਐਮ. ਸਚਿਨ ਪਾਠਕ ਦੀ ਅਗਵਾਈ ਹੇਠ ਮਾਲ ਵਿਭਾਗ ਦੀ ਟੀਮ ਵੱਲੋਂ ਤਿਆਰ ਕੀਤੀ ਗਈ ਵਿਸ਼ੇਸ਼ ਰਿਪੋਰਟ ਤੋਂ ਖ਼ੁਲਾਸਾ ਹੋਇਆ ਹੈ ਕਿ ਇਸ ਜ਼ਮੀਨ ਦਾ ਇੱਕ ਵੱਡਾ ਹਿੱਸਾ ਗੁਆਂਢੀ ਉਦਯੋਗਿਕ ਇਕਾਈ ‘ਪ੍ਰੀਮੋ ਕੇਮੀਕਲਜ਼’ (ਪਹਿਲਾਂ ਪੰਜਾਬ ਅਲਕਲੀਜ਼ ਐਂਡ ਕੇਮੀਕਲਜ਼ ਲਿਮਟਿਡ) ਦੇ ਕਬਜ਼ੇ ਅਤੇ ਪਹੁੰਚ ਮਾਰਗ (ਐਪਰੋਚ ਰੋਡ) ਵਿੱਚ ਆਉਂਦਾ ਹੈ।

ਹਾਈਕੋਰਟ ਵੱਲੋਂ ਨਿਯੁਕਤ ‘ਓਫੀਸ਼ੀਅਲ ਲਿਕਵੀਡੇਟਰ’ ਨੇ ਮਾਲ ਰਿਕਾਰਡ (ਜਮ੍ਹਾਂਬੰਦੀਆਂ) ਅਤੇ ਮੌਕੇ ’ਤੇ ਮੌਜੂਦ ਜ਼ਮੀਨ ਦੇ ਅੰਕੜਿਆਂ ਵਿੱਚ ਫ਼ਰਕ ਦੇਖਦਿਆਂ ਪ੍ਰਸ਼ਾਸਨ ਤੋਂ ਜਾਂਚ ਦੀ ਮੰਗ ਕੀਤੀ ਸੀ। ਇਸ ਜ਼ਮੀਨ ਦੀ ਮੌਜੂਦਾ ਸਰਕਾਰੀ ਕੀਮਤ 3 ਕਰੋੜ ਰੁਪਏ ਪ੍ਰਤੀ ਏਕੜ ਤੋਂ ਵੱਧ ਦੱਸੀ ਜਾ ਰਹੀ ਹੈ। ਤਹਿਸੀਲਦਾਰ ਸੁਮਿਤ ਸਿੰਘ ਢਿੱਲੋਂ ਦੀ ਅਗਵਾਈ ਵਾਲੀ 6 ਮੈਂਬਰੀ ਕਮੇਟੀ ਦੁਆਰਾ ਕੀਤੀ ਗਈ ਮਿਣਤੀ ਅਨੁਸਾਰ, ਨੈਸ਼ਨਲ ਹਾਈਵੇਅ ਲਈ ਐਕਵਾਇਰ ਕੀਤੀ ਜ਼ਮੀਨ ਛੱਡ ਕੇ ਦੀ ਕੁੱਲ 106.89 ਏਕੜ (855 ਕਨਾਲ 3 ਮਰਲੇ) ਜ਼ਮੀਨ ਬਣਦੀ ਹੈ, ਜਿਸ ਵਿੱਚੋਂ 9.31 ਏਕੜ ਜ਼ਮੀਨ ਫੈਕਟਰੀ ਦੀ ਚਾਰਦੀਵਾਰੀ ਤੋਂ ਬਾਹਰ ਹੈ।

ਰਿਪੋਰਟ ਵਿੱਚ ਸਾਫ਼ ਕੀਤਾ ਗਿਆ ਹੈ ਕਿ 1986 ਵਿੱਚ ਹੋਏ ਇੱਕ ਅਣ-ਰਜਿਸਟਰਡ ਸਮਝੌਤੇ ਦੇ ਆਧਾਰ ’ਤੇ ਪ੍ਰੀਮੋ ਕੇਮੀਕਲਜ਼ ਵੱਲੋਂ ਵਰਤੀ ਜਾ ਰਹੀ ਪਹੁੰਚ ਸੜਕ ਸਮੇਤ ਇਹ ਜ਼ਮੀਨ ਮਾਲ ਰਿਕਾਰਡ ਵਿੱਚ ਅਜੇ ਵੀ ਦੇ ਨਾਮ ’ਤੇ ਹੀ ਦਰਜ ਹੈ। ਇਸ ਲਈ ਇਸ ਨੂੰ ਲਿਕਵੀਡੇਸ਼ਨ (ਸੰਪੱਤੀ ਨਿਲਾਮੀ) ਪ੍ਰਕਿਰਿਆ ਲਈ ਅਦਾਰੇ ਦੀ ਜਾਇਦਾਦ ਮੰਨਿਆ ਜਾਵੇਗਾ। 28 ਅਗਸਤ 2001 ਨੂੰ ਹਾਈਕੋਰਟ ਵੱਲੋਂ ਨੂੰ ਬੰਦ ਕਰਨ ਦੇ ਹੁਕਮ ਦਿੱਤੇ ਗਏ ਸਨ, ਪਰ ਜ਼ਮੀਨੀ ਰਿਕਾਰਡ ਅਧੂਰਾ ਹੋਣ ਕਾਰਨ ਮਾਮਲਾ ਲਮਕ ਰਿਹਾ ਸੀ। ਹੁਣ ਇਸ ਰਿਪੋਰਟ ਨਾਲ ਬੰਦ ਪਏ ਅਦਾਰੇ ਦੀ ਨਿਲਾਮੀ ਦਾ ਰਸਤਾ ਸਾਫ਼ ਹੋਣ ਦੀ ਉਮੀਦ ਹੈ।

ਵਪਾਰ

## ਦੁਸਹਿਰੇ ’ਤੇ ਸੋਨਾ-ਚਾਂਦੀ ਹੋਇਆ ਮਹਿੰਗਾ: 24 ਕੈਰੇਟ ਸੋਨਾ 1,47,170 ਰੁਪਏ ਪ੍ਰਤੀ 10 ਗ੍ਰਾਮ

20 ਅਕਤੂਬਰ ਨੂੰ ਦੁਸਹਿਰੇ ਦੇ ਮੌਕੇ ’ਤੇ ਕੌਮਾਂਤਰੀ ਬਾਜ਼ਾਰ ਵਿੱਚ ਸੋਨੇ-ਚਾਂਦੀ ਦੀਆਂ ਕੀਮਤਾਂ ਵਿੱਚ ਤੇਜ਼ੀ ਦੇਖਣ ਨੂੰ ਮਿਲੀ। ਸੋਨੇ ਦੀ ਕੀਮਤ 0.08 ਫ਼ੀਸਦੀ ਵਧ ਕੇ 4,163 ਡਾਲਰ ਪ੍ਰਤੀ ਔਂਸ ਅਤੇ ਚਾਂਦੀ ਦੀ ਕੀਮਤ 0.56 ਫ਼ੀਸਦੀ ਦੇ ਉਛਾਲ ਨਾਲ 57 ਡਾਲਰ ਪ੍ਰਤੀ ਔਂਸ ’ਤੇ ਪਹੁੰਚ ਗਈ। ਇਸ ਹਫ਼ਤੇ ਪੱਛਮੀ ਏਸ਼ੀਆ ਵਿੱਚ ਤਣਾਅ, ਕੱਚੇ ਤੇਲ ਦੀਆਂ ਕੀਮਤਾਂ ਵਿੱਚ ਤੇਜ਼ੀ, ਰੁਪਏ ਦੀ ਚਾਲ ਅਤੇ ਅਮਰੀਕੀ ਫੈਡਰਲ ਰਿਜ਼ਰਵ ਵੱਲੋਂ ਵਿਆਜ ਦਰਾਂ ਬਾਰੇ ਲਏ ਜਾਣ ਵਾਲੇ ਫ਼ੈਸਲੇ ਦਾ ਕੀਮਤੀ ਧਾਤਾਂ ਦੀਆਂ ਕੀਮਤਾਂ ’ਤੇ ਅਸਰ ਪੈ ਸਕਦਾ ਹੈ। ਇਸ ਤੋਂ ਇਲਾਵਾ, ਕੇਂਦਰੀ ਬੈਂਕਾਂ ਵੱਲੋਂ ਸੋਨੇ ਦੀ ਖਰੀਦ ਅਤੇ ਅਮਰੀਕੀ ਡਾਲਰ ਵਿੱਚ ਉਤਾਰ-ਚੜ੍ਹਾਅ ਵੀ ਬਾਜ਼ਾਰ ਦੀ ਦਿਸ਼ਾ ਤੈਅ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਅੱਜ 20 ਅਕਤੂਬਰ ਨੂੰ ਦੁਸਹਿਰੇ ਦੇ ਮੌਕੇ ’ਤੇ ਸੋਨੇ-ਚਾਂਦੀ ਦੀਆਂ ਕੀਮਤਾਂ ਵਿੱਚ ਉਛਾਲ ਆਇਆ ਹੈ। 24 ਕੈਰੇਟ ਦੇ 10 ਗ੍ਰਾਮ ਸੋਨੇ ਦੀ ਕੀਮਤ 1,47,170 ਰੁਪਏ, 22 ਕੈਰੇਟ ਦੇ 10 ਗ੍ਰਾਮ ਸੋਨੇ ਦੀ ਕੀਮਤ 1,34,900 ਰੁਪਏ ਅਤੇ 18 ਕੈਰੇਟ ਦੇ 10 ਗ੍ਰਾਮ ਸੋਨੇ ਦੀ ਕੀਮਤ 1,10,380 ਰੁਪਏ ਦਰਜ ਕੀਤੀ ਗਈ ਹੈ। ਕੌਮਾਂਤਰੀ ਬਾਜ਼ਾਰ ਵਿੱਚ ਸੋਨੇ ਦੀ ਕੀਮਤ 0.08 ਫੀਸਦੀ ਵਧ ਕੇ 4,163 ਡਾਲਰ ਪ੍ਰਤੀ ਔਂਸ ’ਤੇ ਕਾਰੋਬਾਰ ਕਰ ਰਹੀ ਹੈ। ਉੱਥੇ ਹੀ ਚਾਂਦੀ ਦੀ ਕੀਮਤ ਵਿੱਚ 0.56 ਫੀਸਦੀ ਦਾ ਉਛਾਲ ਆਇਆ ਹੈ ਅਤੇ ਇਹ 57 ਡਾਲਰ ਪ੍ਰਤੀ ਔਂਸ ’ਤੇ ਕਾਰੋਬਾਰ ਕਰ ਰਹੀ ਹੈ। ਜੇਕਰ ਤੁਸੀਂ ਸੋਨੇ-ਚਾਂਦੀ ਦੀ ਖਰੀਦਦਾਰੀ ਕਰਨ ਦੀ ਯੋਜਨਾ ਬਣਾ ਰਹੇ ਹੋ, ਤਾਂ ਖਰੀਦਦਾਰੀ ਕਰਨ ਤੋਂ ਪਹਿਲਾਂ ਤਾਜ਼ਾ ਕੀਮਤਾਂ ਜ਼ਰੂਰ ਚੈੱਕ ਕਰ ਲਓ।

ਅਮਰੀਕੀ ਫੈਡਰਲ ਰਿਜ਼ਰਵ ਮਹਿੰਗਾਈ ਨੂੰ ਕਾਬੂ ਵਿੱਚ ਰੱਖਣ ਲਈ ਵਿਆਜ ਦਰਾਂ ਬਾਰੇ ਕੀ ਫ਼ੈਸਲਾ ਲਵੇਗਾ, ਇਸ ’ਤੇ ਬਾਜ਼ਾਰ ਦੀ ਨਜ਼ਰ ਬਣੀ ਹੋਈ ਹੈ। ਫੈੱਡ ਦੇ ਚੇਅਰਮੈਨ ਕੇਵਿਨ ਵਾਰਸ਼ ਨੇ ਅਗਲੇ ਹਫ਼ਤੇ ਹੋਣ ਵਾਲੀ ਮੀਟਿੰਗ ਤੋਂ ਪਹਿਲਾਂ ਸੰਕੇਤ ਦਿੱਤਾ ਹੈ ਕਿ ਫਿਲਹਾਲ ਵਿਆਜ ਦਰਾਂ ਨੂੰ ਸਥਿਰ ਰੱਖਿਆ ਜਾ ਸਕਦਾ ਹੈ। ਉਨ੍ਹਾਂ ਦੇ ਇਸ ਬਿਆਨ ਤੋਂ ਬਾਅਦ ਵਿਆਜ ਦਰਾਂ ਵਿੱਚ 0.25 ਫ਼ੀਸਦੀ ਵਾਧੇ ਦੀ ਸੰਭਾਵਨਾ ਘਟ ਕੇ 20 ਫ਼ੀਸਦੀ ਤੋਂ ਹੇਠਾਂ ਆ ਗਈ ਹੈ। ਪਿਛਲੇ ਮਹੀਨੇ ਦੇ ਅੰਤ ਵਿੱਚ ਬਾਜ਼ਾਰ ਇਸ ਸੰਭਾਵਨਾ ਨੂੰ ਲਗਭਗ 67 ਫ਼ੀਸਦੀ ਮੰਨ ਰਿਹਾ ਸੀ। ਅਜਿਹੇ ਵਿੱਚ ਅਮਰੀਕੀ ਫੈਡਰਲ ਰਿਜ਼ਰਵ ਦੇ ਫ਼ੈਸਲੇ ਦਾ ਅਸਰ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ’ਤੇ ਵੀ ਦੇਖਣ ਨੂੰ ਮਿਲ ਸਕਦਾ ਹੈ।

ਇਸ ਹਫ਼ਤੇ ਪੱਛਮੀ ਏਸ਼ੀਆ ਵਿੱਚ ਵਧਦੇ ਭੂ-ਸਿਆਸੀ ਤਣਾਅ, ਕੱਚੇ ਤੇਲ ਦੀਆਂ ਕੀਮਤਾਂ 110 ਡਾਲਰ ਪ੍ਰਤੀ ਬੈਰਲ ਤੱਕ ਪਹੁੰਚਣ ਅਤੇ ਰੁਪਏ ਵਿੱਚ ਉਤਾਰ-ਚੜ੍ਹਾਅ ਕਾਰਨ ਸੋਨੇ-ਚਾਂਦੀ ਦੀਆਂ ਕੀਮਤਾਂ ਵਿੱਚ ਤੇਜ਼ ਬਦਲਾਅ ਦੇਖਣ ਨੂੰ ਮਿਲਿਆ ਹੈ। ਇਸ ਤੋਂ ਇਲਾਵਾ, ਦੁਨੀਆ ਦੀਆਂ ਪ੍ਰਮੁੱਖ ਅਰਥਵਿਵਸਥਾਵਾਂ ਤੋਂ ਆਉਣ ਵਾਲੇ ਆਰਥਿਕ ਅੰਕੜੇ ਵੀ ਕੀਮਤੀ ਧਾਤਾਂ ਦੀਆਂ ਕੀਮਤਾਂ ਦੀ ਦਿਸ਼ਾ ਤੈਅ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਮਾਰਕੀਟ ਵਿਸ਼ਲੇਸ਼ਕਾਂ ਮੁਤਾਬਕ, ਨਿਵੇਸ਼ਕਾਂ ਨੂੰ ਇਸ ਹਫ਼ਤੇ ਇਨ੍ਹਾਂ ਸਾਰੇ ਕਾਰਕਾਂ ’ਤੇ ਨਜ਼ਰ ਰੱਖਣੀ ਚਾਹੀਦੀ ਹੈ, ਕਿਉਂਕਿ ਇਨ੍ਹਾਂ ਦਾ ਅਸਰ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ’ਤੇ ਪੈ ਸਕਦਾ ਹੈ।

ਕਈ ਵਿਸ਼ਲੇਸ਼ਕਾਂ ਮੁਤਾਬਕ, ਨਿਵੇਸ਼ਕ ਇਨ੍ਹੀਂ ਦਿਨੀਂ ਸ਼ੇਅਰ ਬਾਜ਼ਾਰ, ਕ੍ਰਿਪਟੋਕਰੰਸੀ, ਊਰਜਾ ਅਤੇ ਹੋਰ ਵਸਤੂਆਂ ਵਿੱਚ ਨਿਵੇਸ਼ ਦੇ ਮੌਕੇ ਲੱਭ ਰਹੇ ਹਨ। ਉੱਥੇ ਹੀ, ਬਾਂਡ ’ਤੇ ਮਿਲਣ ਵਾਲਾ ਵੱਧ ਵਿਆਜ ਸੋਨੇ ਵਰਗੇ ਨਿਵੇਸ਼ ਵਿਕਲਪਾਂ ਨੂੰ ਘੱਟ ਆਕਰਸ਼ਕ ਬਣਾ ਰਿਹਾ ਹੈ, ਕਿਉਂਕਿ ਸੋਨੇ ਤੋਂ ਨਿਯਮਤ ਵਿਆਜ ਨਹੀਂ ਮਿਲਦਾ।

**ਦੁਸਹਿਰੇ 'ਤੇ ਸੋਨਾ-ਚਾਂਦੀ ਹੋਇਆ ਮਹਿੰਗਾ: 24 ਕੈਰੇਟ ਸੋਨਾ 1,47,170 ਰੁਪਏ ਪ੍ਰਤੀ 10 ਗ੍ਰਾਮ (ਜਾਰੀ)**

ਹਾਲਾਂਕਿ, ਡਾਲਰ 'ਤੇ ਨਿਰਭਰਤਾ ਘਟਾਉਣ ਦੀ ਚਿੰਤਾ, ਸਰਕਾਰਾਂ 'ਤੇ ਵਧਦਾ ਕਰਜ਼ਾ ਅਤੇ ਸਰਕਾਰੀ ਖਰਚਿਆਂ ਨੂੰ ਸੰਭਾਲਣ ਦੀ ਚੁਣੌਤੀ ਅਜੇ ਵੀ ਵੱਡੇ ਸੰਸਥਾਗਤ ਨਿਵੇਸ਼ਕਾਂ ਨੂੰ ਸੋਨੇ ਵਿੱਚ ਨਿਵੇਸ਼ ਜਾਰੀ ਰੱਖਣ ਲਈ ਪ੍ਰੇਰਿਤ ਕਰ ਰਹੀ ਹੈ।

ਇਹ 20 ਜੁਲਾਈ ਨੂੰ ਦਰਜ ਕੀਤੇ ਗਏ 96.2 ਮਿਲੀਅਨ ਟਰੌਏ ਔਂਸ ਦੇ ਹੇਠਲੇ ਪੱਧਰ ਨਾਲੋਂ 5.3 ਫ਼ੀਸਦੀ ਵੱਧ ਹੈ। ਸਾਲ ਦੀ ਸ਼ੁਰੂਆਤ ਦੇ ਮੁਕਾਬਲੇ ਵੀ ਇਸ ਵਿੱਚ ਲਗਭਗ 2 ਫ਼ੀਸਦੀ ਦਾ ਵਾਧਾ ਹੋਇਆ ਹੈ। ਰਿਪੋਰਟ ਅਨੁਸਾਰ, ਇਸ ਤੋਂ ਬਾਅਦ ਸੋਨੇ ਦੀ ਹੋਲਡਿੰਗ 101 ਮਿਲੀਅਨ ਟਰੌਏ ਔਂਸ ਤੋਂ ਉੱਪਰ ਬਣੀ ਹੋਈ ਹੈ, ਜਦਕਿ ਸੋਨੇ ਦੀ ਕੀਮਤ 4,100 ਤੋਂ 4,200 ਡਾਲਰ ਪ੍ਰਤੀ ਔਂਸ ਦੇ ਵਿਚਕਾਰ ਰਹੀ ਹੈ। ਹਾਲਾਂਕਿ, ਇਹ ਕੀਮਤ ਜਨਵਰੀ ਵਿੱਚ ਦਰਜ ਕੀਤੇ ਗਏ ਰਿਕਾਰਡ ਪੱਧਰ ਤੋਂ ਕਾਫ਼ੀ ਹੇਠਾਂ ਹੈ।

ਕਜ਼ਾਖਸਤਾਨ ਦਾ ਕੇਂਦਰੀ ਬੈਂਕ ਇਸ ਸਾਲ ਦੇ ਅੰਤ ਤੱਕ ਆਪਣੇ ਵਿਦੇਸ਼ੀ ਮੁਦਰਾ ਭੰਡਾਰ ਵਿੱਚ ਸੋਨੇ ਦੀ ਹਿੱਸੇਦਾਰੀ 78 ਫ਼ੀਸਦੀ ਤੋਂ ਘਟਾ ਕੇ 75 ਫ਼ੀਸਦੀ ਕਰਨ ਦੀ ਯੋਜਨਾ ਬਣਾ ਰਿਹਾ ਹੈ। ਬੈਂਕ ਕੋਲ ਇਸ ਸਮੇਂ 386 ਟਨ ਸੋਨਾ ਹੈ। ਇਸ ਸਾਲ ਦੇ ਪਹਿਲੇ ਅੱਠ ਮਹੀਨਿਆਂ ਦੌਰਾਨ ਬੈਂਕ ਨੇ ਲਗਭਗ 36 ਟਨ ਸੋਨਾ ਖਰੀਦਿਆ ਸੀ ਅਤੇ ਅਗਸਤ ਤੱਕ ਇਹ ਦੁਨੀਆ ਦਾ ਚੌਥਾ ਸਭ ਤੋਂ ਵੱਡਾ ਸੋਨਾ ਖਰੀਦਣ ਵਾਲਾ ਕੇਂਦਰੀ ਬੈਂਕ ਸੀ। ਵਿਸ਼ਲੇਸ਼ਕਾਂ ਮੁਤਾਬਕ, ਅਮਰੀਕੀ ਸਰਕਾਰੀ ਬਾਂਡਾਂ 'ਤੇ ਵੱਧ ਵਿਆਜ ਮਿਲਣ ਕਾਰਨ ਡਾਲਰ ਵਿੱਚ ਨਿਵੇਸ਼ ਕਰਨਾ ਆਕਰਸ਼ਕ ਬਣ ਰਿਹਾ ਹੈ। ਇਸੇ ਕਰਕੇ ਕਜ਼ਾਖਸਤਾਨ ਦਾ ਕੇਂਦਰੀ ਬੈਂਕ ਸੋਨੇ ਦੀ ਹਿੱਸੇਦਾਰੀ ਘਟਾ ਕੇ ਡਾਲਰ ਨਾਲ ਜੁੜੇ ਨਿਵੇਸ਼ ਵਧਾਉਣਾ ਚਾਹੁੰਦਾ ਹੈ। ਇਸ ਮਕਸਦ ਲਈ ਬੈਂਕ ਸੋਨੇ ਦੇ ਕੁਝ ਸੌਦੇ ਕਰੇਗਾ ਅਤੇ ਕੁਝ ਸੋਨਾ ਵੇਚੇਗਾ, ਤਾਂ ਜੋ ਉਸ ਦਾ ਪੂਰਾ ਨਿਵੇਸ਼ ਸਿਰਫ਼ ਇੱਕ ਹੀ ਸੰਪਤੀ 'ਤੇ ਨਿਰਭਰ ਨਾ ਰਹੇ।

ਚਾਂਦੀ ਦੀ ਕੀਮਤ 60 ਡਾਲਰ ਪ੍ਰਤੀ ਔਂਸ ਦੇ ਅਹਿਮ ਪੱਧਰ ਤੋਂ ਹੇਠਾਂ ਡਿੱਗ ਗਈ ਅਤੇ ਕੁਝ ਸਮੇਂ ਲਈ ਲਗਭਗ 55 ਡਾਲਰ ਪ੍ਰਤੀ ਔਂਸ ਤੱਕ ਪਹੁੰਚ ਗਈ। ਇਹ ਪੱਧਰ ਜੁਲਾਈ ਵਿੱਚ ਦਰਜ ਕੀਤੇ ਗਏ ਹੇਠਲੇ ਪੱਧਰ ਦੇ ਕਰੀਬ ਹੈ।

ਮਹਿੰਗਾਈ ਵਧਣ ਕਾਰਨ ਅਮਰੀਕੀ ਫੈਡਰਲ ਰਿਜ਼ਰਵ ਵੱਲੋਂ ਵਿਆਜ ਦਰਾਂ ਮੁੜ ਵਧਾਉਣ ਦੀ ਚਿੰਤਾ ਵਧ ਗਈ ਸੀ। ਇਸ ਨਾਲ ਅਮਰੀਕੀ ਬਾਂਡਾਂ 'ਤੇ ਵਿਆਜ ਦਰਾਂ ਅਤੇ ਡਾਲਰ ਦੀ ਕੀਮਤ ਵਿੱਚ ਤੇਜ਼ੀ ਆਈ, ਜਿਸ ਦਾ ਅਸਰ ਚਾਂਦੀ ਦੀਆਂ ਕੀਮਤਾਂ 'ਤੇ ਪਿਆ। ਹਾਲਾਂਕਿ, ਹੁਣ ਵਿਆਜ ਦਰਾਂ ਵਿੱਚ ਵਾਧੇ ਦੀ ਸੰਭਾਵਨਾ 30 ਫ਼ੀਸਦੀ ਤੋਂ ਹੇਠਾਂ ਆ ਗਈ ਹੈ। ਅਮਰੀਕੀ ਬਾਂਡਾਂ 'ਤੇ ਵਿਆਜ ਦਰਾਂ ਅਤੇ ਡਾਲਰ ਦੀ ਕੀਮਤ ਵੀ ਆਪਣੇ ਹਾਲੀਆ ਉੱਚੇ ਪੱਧਰ ਤੋਂ ਹੇਠਾਂ ਆ ਗਈ ਹੈ, ਜਿਸ ਨਾਲ ਚਾਂਦੀ ਦੀਆਂ ਕੀਮਤਾਂ 'ਤੇ ਦਬਾਅ ਕੁਝ ਘੱਟ ਹੋਇਆ ਹੈ।

ਸਿੱਖਿਆ

## ਅਧਿਆਪਕ ਇੱਕੋ ਸਮੇਂ ਪੜ੍ਹਾ ਸਕਣਗੇ ਕਈ ਭਾਸ਼ਾਵਾਂ, ਟੀਚਰਾਂ ਲਈ ਸ਼ੁਰੂ ਕਰੇਗਾ ਨਵਾਂ ਕੋਰਸ

ਆਉਣ ਵਾਲੇ ਸਾਲਾਂ ਵਿੱਚ ਸਕੂਲਾਂ ਦੇ ਅਧਿਆਪਕ ਇੱਕੋ ਸਮੇਂ ਕਈ ਭਾਸ਼ਾਵਾਂ ਪੜ੍ਹਾਉਂਦੇ ਹੋਏ ਨਜ਼ਰ ਆਉਣਗੇ। ਇਸ ਲਈ ਕੰਮ ਸ਼ੁਰੂ ਹੋ ਗਿਆ ਹੈ। ਨਵੀਂ ਸਿੱਖਿਆ ਨੀਤੀ 2020 ਦੇ ਤਹਿਤ ਨਵਾਂ ਕੋਰਸ ਸ਼ੁਰੂ ਕਰਨ ਜਾ ਰਿਹਾ ਹੈ।

ਨਵੀਂ ਸਿੱਖਿਆ ਨੀਤੀ ਦੇ ਤਹਿਤ ਤਿੰਨ ਭਾਸ਼ਾਵਾਂ ਦੀ ਨੀਤੀ ਲਿਆਂਦੀ ਗਈ ਹੈ। ਸਮੇਤ ਕਈ ਸੂਬਿਆਂ ਦੇ ਸਿੱਖਿਆ ਬੋਰਡਾਂ ਨੇ ਇਸ ਨੂੰ ਲਾਗੂ ਕੀਤਾ ਹੈ। ਇਸ ਨੀਤੀ ਤਹਿਤ ਵਿਦਿਆਰਥੀਆਂ ਨੂੰ ਸਕੂਲ ਵਿੱਚ ਤਿੰਨ ਭਾਸ਼ਾਵਾਂ ਪੜ੍ਹਾਈਆਂ ਜਾਣੀਆਂ ਹਨ। ਇਸ ਵਿੱਚ ਹਿੰਦੀ, ਅੰਗਰੇਜ਼ੀ, ਵਿਦੇਸ਼ੀ ਭਾਸ਼ਾਵਾਂ ਦੇ ਨਾਲ-ਨਾਲ ਖੇਤਰੀ ਭਾਸ਼ਾਵਾਂ ਪੜ੍ਹਨ ਦਾ ਮੌਕਾ ਵੀ ਵਿਦਿਆਰਥੀਆਂ ਨੂੰ ਮਿਲੇਗਾ।

ਅਜਿਹੇ ਵਿੱਚ ਲੰਬੇ ਸਮੇਂ ਤੋਂ ਇਹ ਚਿੰਤਾ ਜਤਾਈ ਜਾ ਰਹੀ ਸੀ ਕਿ ਸਕੂਲ ਵੱਖ-ਵੱਖ ਭਾਸ਼ਾਵਾਂ ਪੜ੍ਹਾਉਣ ਲਈ ਅਧਿਆਪਕ ਕਿੱਥੋਂ ਲਿਆਉਣਗੇ। ਇਸ ਚਿੰਤਾ ਨੂੰ ਦੂਰ ਕਰਨ ਲਈ ਨੈਸ਼ਨਲ ਕੌਂਸਲ ਆਫ਼ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ ਨੇ ਕੰਮ ਸ਼ੁਰੂ ਕਰ ਦਿੱਤਾ ਹੈ।

ਅਧਿਆਪਕਾਂ ਲਈ ਨਵਾਂ ਕੋਰਸ ਸ਼ੁਰੂ ਕਰਨ ਜਾ ਰਿਹਾ ਹੈ, ਜਿਸ ਤੋਂ ਬਾਅਦ ਅਧਿਆਪਕ ਇੱਕੋ ਸਮੇਂ ਕਈ ਭਾਸ਼ਾਵਾਂ ਪੜ੍ਹਾ ਸਕਣਗੇ। ਆਓ, ਇਸ ਪੂਰੇ ਮਾਮਲੇ ਬਾਰੇ ਵਿਸਥਾਰ ਨਾਲ ਜਾਣਦੇ ਹਾਂ।

ਅਧਿਆਪਕਾਂ ਨੂੰ ਕਈ ਭਾਸ਼ਾਵਾਂ ਪੜ੍ਹਾਉਣ ਲਈ ਸਿਖਲਾਈ ਦੇਣ ਦੇ ਉਦੇਸ਼ ਨਾਲ ਨਵਾਂ ਕੋਰਸ ਸ਼ੁਰੂ ਕਰਨ ਜਾ ਰਿਹਾ ਹੈ।




**ਅਧਿਆਪਕ ਇੱਕੋ ਸਮੇਂ ਪੜ੍ਹਾ ਸਕਣਗੇ ਕਈ ਭਾਸ਼ਾਵਾਂ, ਟੀਚਰਾਂ ਲਈ ਸ਼ੁਰੂ ਕਰੇਗਾ ਨਵਾਂ ਕੋਰਸ (ਜਾਰੀ)**

ਇਸ ਕੋਰਸ ਦਾ ਉਦੇਸ਼ ਅਧਿਆਪਕਾਂ ਨੂੰ ਬਹੁਭਾਸ਼ਾਈ ਅਧਿਆਪਨ ਵਿਧੀ ਅਤੇ ਵਿਹਾਰਕ ਭਾਸ਼ਾ ਵਿਗਿਆਨ ਵਿੱਚ ਸਿਖਲਾਈ ਦੇਣਾ ਹੈ। ਹਾਲਾਂਕਿ, ਫਿਲਹਾਲ ਇਸ ਕੋਰਸ ਦੇ ਰੂਪ-ਰੇਖਾ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।

ਮੰਨਿਆ ਜਾ ਰਿਹਾ ਹੈ ਕਿ ਇਸ ਨਵੇਂ ਕੋਰਸ ਵਿੱਚ ਅਧਿਆਪਕਾਂ ਨੂੰ ਵੱਖ-ਵੱਖ ਭਾਸ਼ਾਵਾਂ ਦੇ ਵਿਆਕਰਨ, ਭਾਸ਼ਾ ਦੀ ਬਣਤਰ ਅਤੇ ਭਾਸ਼ਾ ਸਿੱਖਣ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਨੂੰ ਵੱਖ-ਵੱਖ ਭਾਸ਼ਾਵਾਂ ਪੜ੍ਹਾਉਣ ਦੀ ਸਿਖਲਾਈ ਵੀ ਦਿੱਤੀ ਜਾਵੇਗੀ।

ਇਸ ਪੂਰੀ ਕਵਾਇਦ ਦਾ ਉਦੇਸ਼ ਅਜਿਹੇ ਅਧਿਆਪਕ ਤਿਆਰ ਕਰਨਾ ਹੈ, ਜੋ ਵਿਦਿਆਰਥੀਆਂ ਨੂੰ ਵੱਖ-ਵੱਖ ਭਾਸ਼ਾਵਾਂ ਬੋਲਣ, ਲਿਖਣ ਅਤੇ ਸਮਝਣ ਨਾਲ ਜੁੜੇ ਵਿਹਾਰਕ ਹੁਨਰ ਵਿਕਸਿਤ ਕਰਨ ਵਿੱਚ ਮਦਦ ਕਰ ਸਕਣ।

ਆਪਣੇ ਨਵੇਂ ਕੋਰਸ ਨੂੰ ਬਹੁਭਾਸ਼ਾਈ ਸਿੱਖਿਆ ਵਿੱਚ ਮਾਸਟਰਜ਼ ਪ੍ਰੋਗਰਾਮ ਵਜੋਂ ਸ਼ੁਰੂ ਕਰ ਸਕਦਾ ਹੈ। ਇਸ ਪੂਰੀ ਕਵਾਇਦ ਦਾ ਉਦੇਸ਼ ਅਧਿਆਪਕਾਂ ਦਾ ਅਜਿਹਾ ਨਵਾਂ ਵਰਗ ਤਿਆਰ ਕਰਨਾ ਹੈ, ਜੋ ਵਿਹਾਰਕ ਭਾਸ਼ਾ ਵਿਗਿਆਨ ਅਤੇ ਬਹੁਭਾਸ਼ਾਈ ਅਧਿਆਪਨ ਵਿਧੀ ਵਿੱਚ ਮਾਹਿਰ ਹੋਵੇਗਾ।

ਜਾਣਕਾਰੀ ਮੁਤਾਬਕ, ਨਵੇਂ ਕੋਰਸ ਵਿੱਚ ਭਾਰਤੀ ਖੇਤਰੀ ਭਾਸ਼ਾਵਾਂ ਅਤੇ ਵਿਦੇਸ਼ੀ ਭਾਸ਼ਾਵਾਂ ਦਾ ਸੁਮੇਲ ਸ਼ਾਮਲ ਹੋ ਸਕਦਾ ਹੈ। ਹਾਲਾਂਕਿ, ਇਸ ਪ੍ਰਸਤਾਵ ਨੂੰ ਅਜੇ ਵੀ ਤਿਆਰ ਕੀਤਾ ਜਾ ਰਿਹਾ ਹੈ। ਇਸ ਦੌਰਾਨ ਇਹ ਯਕੀਨੀ ਬਣਾਇਆ ਜਾਣਾ ਹੈ ਕਿ ਇੱਕ ਅਧਿਆਪਕ ਨੂੰ ਕਿੰਨੀਆਂ ਭਾਸ਼ਾਵਾਂ ਪੜ੍ਹਾਉਣ ਲਈ ਸਿਖਲਾਈ ਦਿੱਤੀ ਜਾ ਸਕਦੀ ਹੈ ਅਤੇ ਹਰ ਭਾਸ਼ਾ ਵਿੱਚ ਉਸ ਦੀ ਕਿੰਨੀ ਮੁਹਾਰਤ ਹੋਣੀ ਚਾਹੀਦੀ ਹੈ।

ਵਪਾਰ

## ਕਾਰੋਬਾਰ ਨਿਯਮਾਂ 'ਚ ਹੋਇਆ ਵੱਡਾ ਬਦਲਾਅ, ਰਿਟਾਇਰਮੈਂਟ 'ਤੇ 20 ਲੱਖ ਘੱਟ ਮਿਲਣਗੇ, ਪਰ ਸਾਰੀ ਉਮਰ ਮਿਲੇਗੀ ਪੈਨਸ਼ਨ; ਸਮਝੋ ਪੂਰਾ ਹਿਸਾਬ-ਕਿਤਾਬ

ਕਰਮਚਾਰੀ ਭਵਿੱਖ ਨਿਧੀ ਸੰਗਠਨ ਨੇ ਪੀਐਫ ਦੇ ਨਿਯਮਾਂ ਵਿੱਚ ਬਦਲਾਅ ਕੀਤਾ ਹੈ। ਹੁਣ, ਤੁਹਾਨੂੰ ਰਿਟਾਇਰਮੈਂਟ 'ਤੇ ₹20 ਲੱਖ ਘੱਟ ਮਿਲਣਗੇ, ਪਰ ਇਸ ਦੇ ਬਦਲੇ ਵਿੱਚ ਪੂਰਾ ਮਹੀਨਾ 9600 ਰੁਪਏ ਪੈਨਸ਼ਨ ਮਿਲੇਗੀ।

ਕਰਮਚਾਰੀ ਭਵਿੱਖ ਨਿਧੀ ਸੰਗਠਨ ਯਾਨੀ ਵਲੋਂ ਪ੍ਰੋਵੀਡੈਂਟ ਫੰਡ ਕਵਰੇਜ ਦੀ ਤਨਖਾਹ ਲਿਮਿਟ 15000 ਰੁਪਏ ਤੋਂ ਵਧਾ ਕੇ 25000 ਰੁਪਏ ਪ੍ਰਤੀ ਮਹੀਨਾ ਕਰਨ ਤੋਂ ਬਾਅਦ ਹੁਣ ਜ਼ਿਆਦਾ ਮੁਲਾਜ਼ਮਾਂ ਦਾ ਇੱਕ ਹਿੱਸਾ ਸਿੱਧਾ ਪੈਨਸ਼ਨ ਯੋਜਨਾ ਭਾਵ ਕਿ ਵਿੱਚ ਡਾਇਵਰਟ ਹੋਣ ਲੱਗਿਆ ਹੈ। ਇਸ ਨਵੇਂ ਬਦਲਾਅ ਦੇ ਤਹਿਤ 25,000 ਰੁਪਏ ਦੀ ਬੇਸਿਕ ਤਨਖਾਹ ਵਾਲੇ ਕਰਮਚਾਰੀਆਂ ਦੇ ਨਿਯੋਕਤਾ ਦੇ ਯੋਗਦਾਨ ਦਾ ਇੱਕ ਹਿੱਸਾ ਹੁਣ ਪੀਐਫ ਖਾਤੇ ਦੀ ਬਜਾਏ ਪੈਨਸ਼ਨ ਵਿੱਚ ਜਾਵੇਗਾ।

ਇਸ ਨਵੇਂ ਨਿਯਮ ਤੋਂ ਬਾਅਦ ਰਿਟਾਇਰਮੈਂਟ ਵੇਲੇ ਮਿਲਣ ਵਾਲਾ ਕੁੱਲ ਇੱਕਮੁਸ਼ਤ ਪੀਐਫ ਫੰਡ ਲਗਭਗ 20 ਲੱਖ ਰੁਪਏ ਦੀ ਘੱਟ ਹੋ ਜਾਵੇਗਾ ਪਰ ਬਦਲੇ ਵਿੱਚ, 58 ਸਾਲ ਦੀ ਉਮਰ ਤੋਂ ਬਾਅਦ ਹਰ ਮਹੀਨੇ 9600 ਰੁਪਏ ਦੀ ਪੱਕੀ ਪੈਨਸ਼ਨ ਮਿਲੇਗੀ।

ਇਹ ਆਮ ਤੌਰ 'ਤੇ ਉਹ ਕਰਮਚਾਰੀ ਹੁੰਦੇ ਹਨ, ਜਿਨ੍ਹਾਂ ਦਾ ਸਾਲਾਨਾ ਤਨਖਾਹ ਪੈਕੇਜ ਲਗਭਗ ₹6 ਲੱਖ ਜਾਂ ਇਸ ਤੋਂ ਘੱਟ ਹੁੰਦਾ ਹੈ, ਕਿਉਂਕਿ ਮੂਲ ਤਨਖਾਹ ਆਮ ਤੌਰ 'ਤੇ ਪੈਕੇਜ ਦੇ ਅੱਧੇ ਹਿੱਸੇ ਦੇ ਬਰਾਬਰ ਹੁੰਦੀ ਹੈ। ਸਰਕਾਰ ਨੇ ਇਸ ਸਾਲ 17 ਸਤੰਬਰ ਤੋਂ ਪੀਐਫ ਕਵਰੇਜ ਲਈ ਤਨਖਾਹ ਲਿਮਿਟ ₹15,000 ਤੋਂ ਵਧਾ ਕੇ ₹25,000 ਕਰ ਦਿੱਤੀ ਹੈ। ਇਹ ਬਦਲਾਅ ਆਪਣੇ ਆਪ ਲਾਗੂ ਹੋ ਜਾਵੇਗਾ, ਅਤੇ ਕਰਮਚਾਰੀ ਬਾਹਰ ਨਹੀਂ ਨਿਕਲ ਸਕਦੇ।

ਇਹ ਧਿਆਨ ਦੇਣ ਯੋਗ ਹੈ ਕਿ ਸਤੰਬਰ 2014 ਤੋਂ ਬਾਅਦ ਭਰਤੀ ਕੀਤੇ ਗਏ ਕਰਮਚਾਰੀ, ਜਿਨ੍ਹਾਂ ਦੀ ਮਾਸਿਕ ਮੂਲ ਆਮਦਨ ₹15,001 ਅਤੇ ₹25,000 ਦੇ ਵਿਚਕਾਰ ਹੈ, ਅਤੇ ਜੋ ਪਹਿਲਾਂ ਪੈਨਸ਼ਨ ਸਕੀਮ ਦੇ ਅਧੀਨ ਨਹੀਂ ਆਉਂਦੇ ਸਨ, ਹੁਣ ਕਵਰ ਕੀਤੇ ਗਏ ਹਨ।

ਜੇਕਰ ਤੁਸੀਂ 25 ਸਾਲ ਕੰਮ ਕੀਤਾ ਹੈ, ਤਾਂ ਤੁਹਾਡੀ ਕੁੱਲ ਸੇਵਾ 27 ਸਾਲ ਮੰਨੀ ਜਾਂਦੀ ਹੈ, ਜਿਸ ਵਿੱਚ 20 ਸਾਲਾਂ ਤੋਂ ਵੱਧ ਸੇਵਾ ਕਰਨ 'ਤੇ ਦੋ ਸਾਲਾਂ ਦਾ ਬੋਨਸ ਵੀ ਸ਼ਾਮਲ ਹੈ। ਇਸ ਅਨੁਸਾਰ, ਤੁਹਾਨੂੰ ਲਗਭਗ ₹9,643 ਦੀ ਮਹੀਨਾਵਾਰ ਪੈਨਸ਼ਨ ਮਿਲੇਗੀ। ਪੈਨਸ਼ਨ ਪ੍ਰਾਪਤ ਕਰਨ ਲਈ ਘੱਟੋ-ਘੱਟ 10 ਸਾਲ ਨੌਕਰੀ ਕਰਨ ਦੀ ਲੋੜ ਹੈ।

ਜੇਕਰ ਕੋਈ ਕਰਮਚਾਰੀ ਮਰ ਜਾਂਦਾ ਹੈ, ਤਾਂ ਉਸਦੇ ਜੀਵਨ ਸਾਥੀ ਨੂੰ ਜੀਵਨ ਭਰ ਲਈ ਪੈਨਸ਼ਨ ਮਿਲਦੀ ਹੈ। ਇਸ ਤੋਂ ਇਲਾਵਾ, ਉਸਦੇ 25 ਸਾਲ ਦੀ ਉਮਰ ਤੱਕ ਦੇ ਦੋ ਬੱਚਿਆਂ ਨੂੰ ਵੀ ਪੈਨਸ਼ਨ ਲਾਭ ਮਿਲਦਾ ਹੈ।

ਪੀਐਫ ਖਾਤਾ ਧਾਰਕਾਂ ਨੂੰ ਕੰਪਨੀ ਦੁਆਰਾ ਮੁਫ਼ਤ ਜੀਵਨ ਬੀਮਾ ਵੀ ਪ੍ਰਦਾਨ ਕੀਤਾ ਜਾਂਦਾ ਹੈ। ਜੇਕਰ ਕਿਸੇ ਕਰਮਚਾਰੀ ਦੀ ਨੌਕਰੀ ਦੌਰਾਨ ਮੌਤ ਹੋ ਜਾਂਦੀ ਹੈ, ਤਾਂ ਉਸਦੇ ਪਰਿਵਾਰ ਨੂੰ ₹2.5 ਲੱਖ ਤੋਂ ₹7 ਲੱਖ ਤੱਕ ਦਾ ਬੀਮਾ ਦਾਅਵਾ ਪ੍ਰਾਪਤ ਹੁੰਦਾ ਹੈ।

ਕੁੱਲ ਮਿਲਾ ਕੇ, ਤੁਸੀਂ ਹੁਣ ਕੰਪਨੀ ਦੇ ਯੋਗਦਾਨ ਦਾ ਇੱਕ ਹਿੱਸਾ ਨਹੀਂ ਕਢਵਾ ਸਕਦੇ, ਉਦਾਹਰਨ ਦੇ ਤੌਰ 'ਤੇ ₹2083 ਪ੍ਰਤੀ ਮਹੀਨਾ ਨਾ ਤਾਂ ਤੁਸੀਂ ਕਢਵਾ ਸਕਦੇ ਹੋ ਤੇ ਨਾ ਹੀ ਤੁਸੀਂ ਨਿਵੇਸ਼ ਕਰ ਸਕਦੇ ਹੋ। ਤੁਹਾਨੂੰ ਇਹ ਪੈਸਾ ਸਿਰਫ਼ ਮਹੀਨਾਵਾਰ ਪੈਨਸ਼ਨ ਵਜੋਂ ਮਿਲੇਗਾ।

ਪੰਜਾਬ

## 450 ਸਾਲਾ ਅਤੇ 650 ਸਾਲਾ ਸ਼ਤਾਬਦੀਆ ਨੂੰ ਯਾਦਗਾਰੀ ਬਨਾਉਣ ਲਈ ਉਲੀਕੇ ਜਾਣਗੇ ਵਿਸ਼ੇਸ਼ ਸਮਾਗਮ-ਧਾਮੀ

20 ਅਕਤੂਬਰ (ਜਸਵੰਤ ਸਿੰਘ ਜੱਸ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ ਧਰਮ ਪ੍ਰਚਾਰ ਕਮੇਟੀ ਅਤੇ ਸਿੱਖ ਇਤਿਹਾਸ ਰੀਸਰਚ ਬੋਰਡ ਦੀਆਂ ਹੋਈਆਂ ਇਕੱਤਰਤਾਵਾਂ ਵਿਚ ਅਗਲੇ ਸਾਲ 2027 ਵਿਚ ਆ ਰਹੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਥਾਪਨਾ ਦਿਵਸ ਦੀ 450 ਸਾਲਾ ਸ਼ਤਾਬਦੀ ਨੂੰ ਖ਼ਾਲਸਈ ਪ੍ਰੰਪਰਾਵਾਂ ਅਨੁਸਾਰ ਮਨਾਉਣ ਅਤੇ ਗੁਰੂ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਅਤੇ ਵੱਖ-ਵੱਖ ਥਾਵਾਂ 'ਤੇ ਕੀਰਤਨ ਸਮਾਗਮ ਆਯੋਜਿਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਇਕੱਤਰਤਾ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 2027 'ਚ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਦਾ 450 ਸਾਲਾ ਦਿਹਾੜਾ ਮਨਾਇਆ ਜਾਣਾ ਹੈ, ਜਿਸ ਨੂੰ ਲੈ ਕੇ ਅੱਜ ਵਿਚਾਰ-ਚਰਚਾ ਹੋਈ। ਉਨ੍ਹਾਂ ਕਿਹਾ ਕਿ ਇਸ ਦਿਹਾੜੇ ਨੂੰ ਯਾਦਗਾਰ ਬਣਾਉਣ ਲਈ ਜਿੱਥੇ ਵਿਸ਼ੇਸ਼ ਸਮਾਗਮ ਉਲੀਕੇ ਜਾਣਗੇ, ਉਥੇ ਹੀ ਸਿੱਖ ਇਤਿਹਾਸ ਰੀਸਰਚ ਬੋਰਡ ਵਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਨਾਲ ਸਬੰਧਤ ਖੋਜ ਭਰਪੂਰ ਲੇਖਾ ਦੀ ਕਿਤਾਬ ਤਿਆਰ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਹ ਵੀ ਫੈਸਲਾ ਕੀਤਾ ਗਿਆ ਕਿ ਹੁਣ ਤੱਕ ਸਿੱਖ ਇਤਿਹਾਸ ਨਾਲ ਮਨਾਈਆਂ ਗਈਆਂ ਸ਼ਤਾਬਦੀਆਂ ਦੇ ਸਮਾਗਮਾਂ, ਇਤਿਹਾਸਕ ਦਸਤਾਵੇਜ਼ਾਂ ਅਤੇ ਵੱਖ-ਵੱਖ ਸਮੇਂ ਹੋਏ ਪੰਥਕ ਇਕੱਠਾਂ ਦੇ ਵੇਰਵਿਆਂ ਨੂੰ ਵੀ ਸਥਾਈ ਤੌਰ 'ਤੇ ਸੰਭਾਲਣ ਲਈ ਵਿਸ਼ੇਸ਼ ਉਪਰਾਲਾ ਕੀਤਾ ਜਾਵੇਗਾ।

ਸ਼ਤਾਬਦੀਆਂ ਦੇ ਰਿਕਾਰਡ ਨੂੰ ਇਕੱਤਰ ਕਰਕੇ ਪੁਸਤਕ ਰੂਪ ਵਿਚ ਸੰਭਾਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਿੱਖ ਰੈਫਰੈਂਸ ਲਾਇਬ੍ਰੇਰੀ ਵਿਚ ਸੰਭਾਲੀਆਂ ਹੋਈਆਂ ਇਤਿਹਾਸਕ ਤਸਵੀਰਾਂ ਨਾਲ ਸਬੰਧਤ ਘਟਨਾ ਦੀ ਮਿਤੀ, ਸਥਾਨ ਅਤੇ ਉਸ ਵਿਚ ਸ਼ਾਮਲ ਸ਼ਖ਼ਸੀਅਤਾਂ ਬਾਰੇ ਜਾਣਕਾਰੀ ਦਰਜ ਕਰਨ ਦੇ ਕਾਰਜ ਨੂੰ ਵੀ ਅਮਲੀ ਰੂਪ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਵਿਚ ਜਿਥੇ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਗੁਰਬਾਣੀ ਅਤੇ ਗੁਰਮਤਿ ਵਿਚਾਰਧਾਰਾ ਦੇ ਪ੍ਰਚਾਰ-ਪ੍ਰਸਾਰ ਨੂੰ ਵਿਸ਼ੇਸ਼ ਤਰਜੀਹ ਦੇਣ ਦਾ ਫੈਸਲਾ ਕੀਤਾ ਗਿਆ, ਉਥੇ ਹੀ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਉਨ੍ਹਾਂ ਦੀ ਬਾਣੀ ਅਤੇ ਜੀਵਨ ਫਲਸਫ਼ੇ ਨਾਲ ਸੰਗਤਾਂ ਨੂੰ ਜੋੜਨ ਲਈ ਵਿਸ਼ੇਸ਼ ਸੈਮੀਨਾਰ ਅਤੇ ਕੀਰਤਨ ਸਮਾਗਮ ਕਰਵਾਉਣ ਨੂੰ ਪ੍ਰਵਾਨਗੀ ਵੀ ਦਿੱਤੀ ਗਈ।

ਇਸ ਮੌਕੇ ਸਕਾਲਰ ਡਾ. ਹਰਪ੍ਰੀਤ ਕੌਰ ਵਲੋਂ ਤਿਆਰ ਕੀਤੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਸਚਿੱਤਰ ਪੁਸਤਕ ਵੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਵਲੋਂ ਸੰਗਤ ਅਰਪਣ ਕੀਤੀ ਗਈ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸ. ਤੇਜਿੰਦਰਪਾਲ ਸਿੰਘ ਲਾਡਵਾਂ, ਸਿੱਖ ਇਤਿਹਾਸ ਰੀਸਰਚ ਬੋਰਡ ਦੇ ਮੈਂਬਰ ਸ. ਹਰਿੰਦਰ ਸਿੰਘ ਖ਼ਾਲਸਾ, ਡਾ. ਇੰਦਰਜੀਤ ਸਿੰਘ ਗੋਗੋਆਣੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਲਾਇਬ੍ਰੇਰੀਅਨ ਬੀਬੀ ਰਾਜਵਿੰਦਰ ਕੌਰ ਆਦਿ ਮੌਜੂਦ ਸਨ।

ਦੇਸ਼

## ਰਾਜਸਥਾਨ ਦੇ ਆਬੂ ਰੋਡ-ਰੇਵਦਰ ਸਟੇਟ ਹਾਈਵੇਅ 'ਤੇ ਦੋ ਮੋਟਰਸਾਈਕਲਾਂ ਦੀ ਹੋਈ ਜ਼ਬਰਦਸਤ ਟੱਕਰ, 3 ਨੌਜਵਾਨਾਂ ਦੀ ਹੋਈ ਮੌਤ

ਸਿਰੋਹੀ: ਰਾਜਸਥਾਨ ਦੇ ਸਿਰੋਹੀ ਜ਼ਿਲ੍ਹੇ ਵਿੱਚ ਆਬੂ ਰੋਡ-ਰੇਵਦਰ ਸਟੇਟ ਹਾਈਵੇਅ 'ਤੇ ਬੀਤੀ ਦੇਰ ਰਾਤ ਦੋ ਮੋਟਰਸਾਈਕਲਾਂ ਦੀ ਭਿਆਨਕ ਟੱਕਰ ਹੋ ਗਈ। ਜ਼ਬਰਦਸਤ ਟੱਕਰ ਤੋਂ ਬਾਅਦ ਬਾਈਕਾਂ ਨੂੰ ਅੱਗ ਲੱਗ ਗਈ। ਹਾਦਸੇ ਵਿੱਚ ਤਿੰਨ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਇੱਕ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵਾਂ ਨੌਜਵਾਨਾਂ ਦੀਆਂ ਲਾਸ਼ਾਂ ਬੁਰੀ ਤਰ੍ਹਾਂ ਵੱਢੀਆਂ ਹੋਈਆਂ ਮਿਲੀਆਂ। ਉਸੇ ਸਮੇਂ, ਇੱਕ ਨੌਜਵਾਨ ਅੱਗ ਦੀ ਲਪੇਟ ਵਿੱਚ ਆ ਕੇ ਜ਼ਿੰਦਾ ਸੜ ਗਿਆ। ਲਾਸ਼ਾਂ ਦੀ ਹਾਲਤ ਇੰਨੀ ਖ਼ਰਾਬ ਸੀ ਕਿ ਉਨ੍ਹਾਂ ਦੀ ਪਛਾਣ ਕਰਨਾ ਵੀ ਮੁਸ਼ਕਲ ਹੋ ਰਿਹਾ ਸੀ।

ਹਾਦਸੇ ਦੀ ਸੂਚਨਾ ਮਿਲਦੇ ਹੀ ਗਿਰਵਰ ਚੌਕੀ ਦੇ ਏ.ਐਸ.ਆਈ. ਰਾਮਨਾਥ ਪੁਲਿਸ ਫੋਰਸ ਸਮੇਤ ਮੌਕੇ 'ਤੇ ਪਹੁੰਚ ਗਏ। ਪੁਲਿਸ ਨੇ ਜ਼ਖ਼ਮੀਆਂ ਨੂੰ ਐਂਬੂਲੈਂਸ ਰਾਹੀਂ ਹਸਪਤਾਲ ਭੇਜਿਆ।

**ਰਾਜਸਥਾਨ ਦੇ ਆਬੂ ਰੋਡ-ਰੇਵਦਰ ਸਟੇਟ ਹਾਈਵੇਅ 'ਤੇ ਦੋ ਮੋਟਰਸਾਈਕਲਾਂ ਦੀ ਹੋਈ ਜ਼ਬਰਦਸਤ ਟੱਕਰ, 3 ਨੌਜਵਾਨਾਂ ਦੀ ਹੋਈ ਮੌਤ (ਜਾਰੀ)**

ਇਸ ਦੌਰਾਨ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਸਰਕਾਰੀ ਹਸਪਤਾਲ ਦੇ ਮੁਰਦਾਘਰ ਵਿੱਚ ਰੱਖਿਆ ਗਿਆ ਹੈ। ਜ਼ਖ਼ਮੀ ਦੀ ਹਾਲਤ ਗੰਭੀਰ ਬਣੀ ਹੋਈ ਹੈ ਅਤੇ ਉਸਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਘਟਨਾ ਵਾਲੀ ਥਾਂ 'ਤੇ ਵਾਪਰੇ ਦ੍ਰਿਸ਼ ਨੇ ਸਿਰੋਹੀ ਜ਼ਿਲ੍ਹੇ ਵਿੱਚ ਹਾਈਵੇਅ 'ਤੇ ਰਾਹਗੀਰਾਂ ਨੂੰ ਹੈਰਾਨ ਕਰ ਦਿੱਤਾ।

ਆਬੂ ਰੋਡ ਸਦਰ ਪੁਲਿਸ ਸਟੇਸ਼ਨ ਦੇ ਅਨੁਸਾਰ, ਚਨਾਰ ਨਿਵਾਸੀ ਰਤਨ (18), ਜ਼ੋਰਾਰਾਮ (19) ਅਤੇ ਰਾਜੂ (15) ਇੱਕੋ ਬਾਈਕ 'ਤੇ ਸਵਾਰ ਹੋ ਕੇ ਅੰਬਾਜੀ ਦਰਸ਼ਨ ਦੇ ਲਈ ਜਾ ਰਹੇ ਸਨ। ਇਸ ਦੌਰਾਨ, ਦੂਜੀ ਬਾਈਕ 'ਤੇ ਸਵਾਰ ਗੋਪਾਲ ਆਬੂ ਰੋਡ ਤੋਂ ਮਧੂਵਾਜੀ ਮੰਦਰ ਵਾਪਸ ਘਰ ਵਾਪਸ ਆ ਰਹੇ ਸਨ। ਇਸ ਦੌਰਾਨ ਦੋਵੇਂ ਬਾਈਕ ਆਹਮੋ-ਸਾਹਮਣੇ ਟਕਰਾ ਗਈਆਂ। ਹਾਦਸਾ ਇੰਨਾ ਭਿਆਨਕ ਸੀ ਕਿ ਟੱਕਰ ਤੋਂ ਬਾਅਦ ਦੋ ਨੌਜਵਾਨਾਂ ਦੀਆਂ ਲਾਸ਼ਾਂ ਹਾਦਸਾਗ੍ਰਸਤ ਬਾਈਕਾਂ ਤੋਂ ਕਈ ਫੁੱਟ ਦੂਰ ਮਿਲੀਆਂ।

ਪੁਲਿਸ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਸੂਚਿਤ ਭੇਜ ਦਿੱਤੀ ਹੈ। ਪਰਿਵਾਰਾਂ ਦੇ ਆਉਣ ਤੋਂ ਬਾਅਦ ਪੋਸਟਮਾਰਟਮ ਕੀਤਾ ਜਾਵੇਗਾ। ਇਸ ਤੋਂ ਬਾਅਦ, ਲਾਸ਼ਾਂ ਪਰਿਵਾਰਾਂ ਨੂੰ ਸੌਂਪ ਦਿੱਤੀਆਂ ਜਾਣਗੀਆਂ। ਭਿਆਨਕ ਹਾਦਸੇ ਵਿੱਚ ਆਪਣੇ ਅਜ਼ੀਜ਼ਾਂ ਦੇ ਗੁਆਚ ਜਾਣ ਤੋਂ ਬਾਅਦ ਪਰਿਵਾਰਕ ਮੈਂਬਰ ਬੇਹੋਸ਼ ਹਨ। ਪੁਲਿਸ ਨੇ ਦੋਵੇਂ ਨੁਕਸਾਨੀਆਂ ਗਈਆਂ ਬਾਈਕਾਂ ਨੂੰ ਸੜਕ ਤੋਂ ਹਟਾ ਦਿੱਤਾ ਹੈ ਅਤੇ ਉਨ੍ਹਾਂ ਨੂੰ ਪੁਲਿਸ ਸਟੇਸ਼ਨ ਵਿੱਚ ਰੱਖ ਦਿੱਤਾ ਹੈ।

ਹਾਦਸੇ ਦੀ ਆਵਾਜ਼ ਸੁਣ ਕੇ ਆਲੇ-ਦੁਆਲੇ ਦੇ ਲੋਕ ਮੌਕੇ 'ਤੇ ਪਹੁੰਚੇ ਅਤੇ ਪੁਲਿਸ ਨੂੰ ਸੂਚਨਾ ਦਿੱਤੀ। ਮੌਕੇ 'ਤੇ ਇੱਕ ਨੌਜਵਾਨ ਦੀ ਲਾਸ਼ ਅੱਧ ਸੜੀ ਹੋਈ ਮਿਲੀ ਅਤੇ ਦੋ ਹੋਰਾਂ ਦੀਆਂ ਲਾਸ਼ਾਂ ਬੁਰੀ ਹਾਲਤ ਵਿੱਚ ਮਿਲੀਆਂ। ਸਥਾਨਕ ਲੋਕਾਂ ਨੇ ਪੁਲਿਸ ਨੂੰ ਦੱਸਿਆ ਕਿ ਦੋਵੇਂ ਬਾਈਕ ਤੇਜ਼ ਰਫ਼ਤਾਰ ਨਾਲ ਚੱਲ ਰਹੀਆਂ ਸਨ। ਹਾਦਸੇ ਦੇ ਨਤੀਜੇ ਵਜੋਂ ਇੱਕ ਜ਼ੋਰਦਾਰ ਧਮਾਕਾ ਹੋਇਆ ਅਤੇ ਅੱਗ ਲੱਗ ਗਈ। ਦੋਵਾਂ ਬਾਈਕ ਸਵਾਰ ਚਾਰ ਲੋਕਾਂ ਵਿੱਚੋਂ ਤਿੰਨ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਵਪਾਰ

## ਬੀਡੀਪੀਓ ਵੱਲੋਂ ਵੱਖ-ਵੱਖ ਦਾਣਾ ਮੰਡੀਆ ਦਾ ਦੌਰਾ

ਬਲਾਕ ਸੜੋਆ ਦੇ ਬੀਡੀਪੀਓ ਸਤਿੰਦਰ ਪਾਲ ਸਿੰਘ ਵੱਲੋਂ ਵੱਖ ਵੱਖ ਦਾਣਾ ਮੰਡੀਆਂ ਦਾ ਦੌਰਾ ਕਰਕੇ ਖਰੀਦ ਪ੍ਰਬੰਧਾ ਦਾ ਜਾਇਜ਼ਾ ਲਿਆ ਅਤੇ ਲਿਫਟਿੰਗ ਦੀ ਕਾਰਵਾਈ ਨੂੰ ਤੇਜ਼ ਕੀਤੇ ਜਾਣ ਦੇ ਹੁਕਮ ਦਿੱਤੇ। ਉਨ੍ਹਾਂ ਵੱਲੋਂ ਦਾਣਾ ਮੰਡੀ ਸੜੋਆ, ਕਰਾਵਰ ਅਤੇ ਬਕਾਪੁਰ ਦਾ ਦੌਰਾ ਕੀਤਾ ਅਤੇ ਉਥੇ ਕਿਸਾਨਾ ਵੱਲੋਂ ਲਿਆਂਦੀ ਝੋਨੇ ਦੀ ਫਸਲ ਦੀ ਖਰੀਦ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦਾਣਾ ਮੰਡੀਆ ਵਿਚ ਪੀਣ ਵਾਲੇ ਪਾਣੀ ਅਤੇ ਪਖਾਨਿਆ ਦੀ ਸਾਫ ਸਫਾਈ ਦਾ ਵੀ ਨਿਰੀਖਣ ਕੀਤਾ ਗਿਆ। ਉਨ੍ਹਾਂ ਮੰਡੀ ਵਿਚ ਕੰਮ ਕਰਨ ਵਾਲੇ ਆੜਤੀਆਂ ਆਉਣ ਵਾਲੇ ਕਿਸਾਨਾ ਅਤੇ ਉਥੇ ਕੰਮ ਕਰਨ ਵਾਲੀ ਲੇਬਰ ਦੇ ਵਿਅਕਤੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਮੌਕੇ ਤੇ ਹੀ ਹੱਲ ਕੀਤਾ। ਉਨ੍ਹਾਂ ਆਖਿਆ ਕਿ ਕਿਸੇ ਵੀ ਕਿਸਾਨ ਨੂੰ ਮੰਡੀ ਵਿਚ ਆਪਣੀ ਜਿਨਸ ਵੇਚਣ ਲਈ ਆਉਣ ਵੇਲੇ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਆਉਣ ਨਹੀਂ ਦਿੱਤੀ ਜਾਵੇਗੀ, ਫਿਰ ਵੀ ਜੇਕਰ ਕਿਸੇ ਨੂੰ ਕੋਈ ਸਮੱਸਿਆਵਾ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਹ ਬਿਨਾ ਕਿਸੇ ਝਿਜਕ ਉਨ੍ਹਾਂ ਨਾਲ ਦਫਤਰ ਵਿੱਚ ਜਾ ਫੋਨ ਉਪਰ ਸੰਪਰਕ ਕਰ ਸਕਦਾ ਹੈ। ਉਹ ਹਰ ਵੇਲੇ ਪਬਲਿਕ ਦੀ ਸੇਵਾ ਵਿਚ ਹਾਜ਼ਰ ਹਨ। ਉਨਾਂ ਆਖਿਆ ਕਿ ਮੰਡੀ ਵਿਚ ਆਈ ਕਿਸਾਨ ਦੀ ਫਸਲ ਦਾ ਦਾਣਾ ਦਾਣਾ ਚੁੱਕਿਆ ਜਾਵੇਗਾ ਅਤੇ ਮੰਡੀਆਂ ਵਿਚ ਫਸਲ ਵੇਚਣ ਆਏ ਕਿਸਾਨਾਂ ਨੂੰ ਕੋਈ ਵੀ ਸਮੱਸਿਆਵਾਂ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਮੰਡੀ ਵਿਚ ਲਿਫਟਿੰਗ ਦੀ ਕਾਰਵਾਈ ਨੂੰ ਹੋਰ ਵੀ ਤੇਜ ਕੀਤੇ ਜਾਣ ਦੇ ਹੁਕਮ ਦਿੱਤੇ।

ਮੌਸਮ • ਚੰਡੀਗੜ੍ਹ

## ਪੰਜਾਬ-ਚੰਡੀਗੜ੍ਹ 'ਚ ਡ੍ਰਾਈ ਰਹੇਗਾ ਮੌਸਮ, ਸਵੇਰੇ-ਸ਼ਾਮ ਵਧੇਗੀ ਠੰਡ; ਮੌਸਮ ਵਿਭਾਗ ਦੀ ਭਵਿੱਖਬਾਣੀ

ਪੰਜਾਬ ਅਤੇ ਚੰਡੀਗੜ੍ਹ ਵਿੱਚ ਮੰਗਲਵਾਰ ਨੂੰ ਮੌਸਮ ਖੁਸ਼ਕ ਰਹੇਗਾ। ਮੌਸਮ ਵਿਭਾਗ ਨੇ ਇਸ ਸਮੇਂ ਮੀਂਹ ਨਾ ਪੈਣ ਦੀ ਭਵਿੱਖਬਾਣੀ ਕੀਤੀ ਹੈ।

ਮੌਸਮ ਵਿਭਾਗ ਦੇ ਅਨੁਸਾਰ, ਪੰਜਾਬ ਅਤੇ ਚੰਡੀਗੜ੍ਹ ਸਮੇਤ ਉੱਤਰੀ ਭਾਰਤ ਦਿਨ ਵੇਲੇ ਗਰਮ ਰਹਿੰਦਾ ਹੈ, ਜਦੋਂ ਕਿ ਸਵੇਰ ਅਤੇ ਰਾਤ ਦੇ ਤਾਪਮਾਨ ਵਿੱਚ ਗਿਰਾਵਟ ਕਾਰਨ ਠੰਢ ਮਹਿਸੂਸ ਹੁੰਦੀ ਹੈ। ਇਸ ਕਰਕੇ ਦਿਨ ਅਤੇ ਰਾਤ ਦੇ ਮੌਸਮ ਵਿੱਚ ਫਰਕ ਮਹਿਸੂਸ ਕੀਤਾ ਜਾ ਰਿਹਾ ਹੈ।

ਹਿਮਾਚਲ ਪ੍ਰਦੇਸ਼ ਅਤੇ ਨਾਲ ਲੱਗਦੇ ਪੰਜਾਬ ਤੋਂ ਲਗਭਗ 3.1 ਕਿਲੋਮੀਟਰ ਦੀ ਉਚਾਈ 'ਤੇ ਇੱਕ ਪੱਛਮੀ ਗੜਬੜ ਮੌਜੂਦ ਹੈ। ਉਪਰਲੇ ਵਾਯੂਮੰਡਲ ਵਿੱਚ ਲਗਭਗ 5.8 ਕਿਲੋਮੀਟਰ ਦੀ ਉਚਾਈ 'ਤੇ ਇੱਕ ਘੱਟ ਦਬਾਅ ਵਾਲਾ ਖੇਤਰ ਵੀ ਮੌਜੂਦ ਹੈ। ਹਾਲਾਂਕਿ, ਮੌਸਮ ਵਿਭਾਗ ਨੇ 20 ਤੋਂ 26 ਅਕਤੂਬਰ ਤੱਕ ਪੰਜਾਬ ਅਤੇ ਚੰਡੀਗੜ੍ਹ ਲਈ ਕੋਈ ਮੌਸਮ ਅਲਰਟ ਜਾਰੀ ਨਹੀਂ ਕੀਤਾ ਹੈ।

ਸਵੇਰੇ ਮੌਸਮ ਠੰਡਾ ਹੋਣ ਦੇ ਨਾਲ-ਨਾਲ ਪੰਜਾਬ ਵਿੱਚ ਬਿਜਲੀ ਦੀ ਖਪਤ ਵੀ ਘਟਣੀ ਸ਼ੁਰੂ ਹੋ ਗਈ ਹੈ। ਪਹਿਲਾਂ ਸੂਬੇ ਦੀ ਬਿਜਲੀ ਦੀ ਮੰਗ 13,000 ਤੋਂ 15,000 ਮੈਗਾਵਾਟ ਸੀ, ਪਰ ਹੁਣ ਇਹ ਘੱਟ ਕੇ ਲਗਭਗ 7,000 ਮੈਗਾਵਾਟ ਰਹਿ ਗਈ ਹੈ।

ਮੰਗਲਵਾਰ ਸਵੇਰੇ ਬਿਜਲੀ ਦੀ ਮੰਗ 6,992 ਮੈਗਾਵਾਟ ਦਰਜ ਕੀਤੀ ਗਈ। ਇਸ ਸਮੇਂ ਦੌਰਾਨ, ਸੂਬਾ 4,521 ਮੈਗਾਵਾਟ ਬਿਜਲੀ ਪੈਦਾ ਕਰ ਰਿਹਾ ਸੀ, ਜਦੋਂ ਕਿ 2,462 ਮੈਗਾਵਾਟ ਆਯਾਤ ਕੀਤਾ ਜਾ ਰਿਹਾ ਸੀ।